Samaj Weekly
ਸਮਾਜ ਵੀਕਲੀ
Punjabi, Hindi & English Newspaper - UK & EU Edition

Vol : 4 : # ਅੰਕ 338 | 03/06/2026 | www.samajweekly.com | samajweekly | @samajweekly | samajweekly

# ਸੰਯੁਕਤ ਕਿਸਾਨ ਮੋਰਚੇ ਵੱਲੋਂ ਪੰਜਾਬ ਭਰ ’ਚ ਮੁਜ਼ਾਹਰੇ



**ਚੰਡੀਗੜ੍ਹ।** ਸੰਯੁਕਤ ਕਿਸਾਨ ਮੋਰਚੇ (ਐੱਸ ਕੇ ਐੱਮ) ਦੇ ਸੱਦੇ ’ਤੇ ਅੱਜ ਪੰਜਾਬ ਭਰ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਨੇ ਜ਼ਿਲ੍ਹਾ ਹੈੱਡਕੁਆਰਟਰਾਂ ’ਤੇ ਰੋਸ ਪ੍ਰਦਰਸ਼ਨ ਕੀਤੇ। ਵੱਡੀ ਗਿਣਤੀ ਵਿੱਚ ਇਕੱਠੇ ਹੋਏ ਪ੍ਰਦਰਸ਼ਨਕਾਰੀਆਂ ਨੇ ਡਿਪਟੀ ਕਮਿਸ਼ਨਰ ਦਫ਼ਤਰਾਂ ਅੱਗੇ ਧਰਨੇ ਦਿੱਤੇ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਂ ਮੰਗ ਪੱਤਰ ਸੌਂਪੇ। ਇਨ੍ਹਾਂ ਧਰਨਿਆਂ ਦੀ ਅਗਵਾਈ ਮੋਰਚੇ ਦੇ ਸੀਨੀਅਰ ਆਗੂਆਂ ਬਲਬੀਰ ਸਿੰਘ ਰਾਜੇਵਾਲ, ਜੋਗਿੰਦਰ ਸਿੰਘ ਉਗਰਾਹਾਂ, ਡਾ. ਦਰਸ਼ਨਪਾਲ, ਮਨਜੀਤ ਸਿੰਘ ਧਨੇਰ, ਰੁਲਦੂ ਸਿੰਘ ਮਾਨਸਾ, ਹਰਿੰਦਰ ਸਿੰਘ ਲੱਖੋਵਾਲ, ਬੂਟਾ ਸਿੰਘ ਬੁਰਜਗਿੱਲ, ਨਿਰਭੈ ਸਿੰਘ ਢੁੱਡੀਕੇ, ਬਲਦੇਵ ਸਿੰਘ ਨਿਹਾਲਗੜ੍ਹ, ਡਾ. ਸਤਨਾਮ ਸਿੰਘ ਅਜਨਾਲਾ, ਕੰਵਲਪ੍ਰੀਤ ਸਿੰਘ ਪੰਨੂ, ਜੰਗਵੀਰ ਸਿੰਘ ਚੌਹਾਨ, ਪ੍ਰੇਮ ਸਿੰਘ ਭੰਗੂ ਅਤੇ ਮੇਜਰ ਸਿੰਘ ਭਿੱਖੀਵਿੰਡ ਨੇ ਕੀਤੀ। ਉਨ੍ਹਾਂ ਕੇਂਦਰ ਸਰਕਾਰ ਵੱਲੋਂ ਫ਼ਸਲਾਂ ਦੇ ਭਾਅ ਵਿੱਚ ਕੀਤਾ ਵਾਧਾ ਨਿਗੂਣਾ ਕਰਾਰ ਦਿੱਤਾ। ਉਨ੍ਹਾਂ ਮੰਗ ਕੀਤੀ ਕਿ ਦੇਸ਼ ਵਿੱਚ ਕਿਸਾਨੀ ਨੂੰ ਬਚਾਉਣ ਲਈ ਸਾਰੀਆਂ ਫ਼ਸਲਾਂ ਦੀ ਐੱਮ ਐੱਸ ਪੀ ’ਤੇ ਖ਼ਰੀਦ ਦੀ ਗਾਰੰਟੀ ਦੇਣ ਵਾਲਾ ਕਾਨੂੰਨ ਤੁਰੰਤ ਬਣਾਇਆ ਜਾਵੇ ਅਤੇ ਯੂਰੀਆ ਤੇ ਹੋਰ ਖਾਦਾਂ ਦੀ ਕਾਲਾਬਾਜ਼ਾਰੀ ਰੋਕੀ ਜਾਵੇ।

ਮੋਰਚੇ ਦੇ ਆਗੂਆਂ ਨੇ ਚਿੰਤਾ ਪ੍ਰਗਟਾਈ ਕਿ ਕਾਨੂੰਨੀ ਗਾਰੰਟੀ ਨਾ ਹੋਣ ਕਾਰਨ ਦੇਸ਼ ਦਾ ਅੰਨਦਾਤਾ ਕਰਜ਼ੇ ਦੇ ਬੋਝ ਹੇਠ ਦੱਬਿਆ ਹੋਇਆ ਹੈ। ਉਨ੍ਹਾਂ ਕਿਸਾਨਾਂ ਤੇ ਮਜ਼ਦੂਰਾਂ ਦੀ ਮੁਕੰਮਲ ਕਰਜ਼ਾ ਮੁਕਤੀ ਅਤੇ 58 ਸਾਲ ਦੀ ਉਮਰ ਪੂਰੀ ਕਰ ਚੁੱਕੇ ਕਿਸਾਨਾਂ-ਮਜ਼ਦੂਰਾਂ ਨੂੰ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦੇਣ ਦੀ ਮੰਗ ਕੀਤੀ। ਇਸ ਤੋਂ ਇਲਾਵਾ ਐੱਸ ਕੇ ਐੱਮ ਨੇ ਸੂਬੇ ਵਿੱਚ ਯੂਰੀਆ ਅਤੇ ਹੋਰ ਲੋੜੀਂਦੀਆਂ ਖਾਦਾਂ ਦੀ ਸਪਲਾਈ ਬਿਨਾਂ ਕਿਸੇ ਦੇਰੀ ਦੇ ਯਕੀਨੀ ਬਣਾਉਣ ਅਤੇ ਖਾਦਾਂ ਦੀ ਕਾਲਾਬਾਜ਼ਾਰੀ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ’ਤੇ ਵੀ ਜ਼ੋਰ ਦਿੱਤਾ।

ਇਸ ਮੌਕੇ ਬਿੰਦਰ ਸਿੰਘ ਗੋਲੇਵਾਲਾ, ਬਲਵਿੰਦਰ ਸਿੰਘ ਮੱਲੀ ਨੰਗਲ, ਫਰਮਾਨ ਸਿੰਘ ਸੰਧੂ, ਵੀਰ ਸਿੰਘ, ਹਰਭਜਨ ਸਿੰਘ ਬੁੱਟਰ, ਬੂਟਾ ਸਿੰਘ ਸ਼ਾਦੀਪੁਰ, ਬਲਵਿੰਦਰ ਸਿੰਘ ਰਾਜੂ, ਮਲੂਕ ਸਿੰਘ ਹੀਰਕੇ, ਸੁਖਦੇਵ ਸਿੰਘ ਅਰਾਈਆਂਵਾਲਾ, ਨਛੱਤਰ ਸਿੰਘ ਜੈਤੋ, ਹਰਜਿੰਦਰ ਸਿੰਘ ਟਾਂਡਾ, ਹਰਦੇਵ ਸਿੰਘ ਸੰਧੂ, ਕਿਰਨਜੀਤ ਸਿੰਘ ਸੇਖੋਂ ਅਤੇ ਹਰਮੀਤ ਸਿੰਘ ਕਾਦੀਆਂ ਨੇ ਵੀ ਸੰਬੋਧਨ ਕੀਤਾ।

# ਵਿਆਹੁਤਾ ਧੀ ਨੂੰ ‘ਪਰਿਵਾਰ’ ਦੀ ਪਰਿਭਾਸ਼ਾ ਤੋਂ ਬਾਹਰ ਰੱਖਣਾ ਪੂਰੀ ਤਰ੍ਹਾਂ ਮਨਮਾਨੀ: ਸੁਪਰੀਮ ਕੋਰਟ

## ਤਰਸ ਦੇ ਆਧਾਰ ’ਤੇ ਨਿਯੁਕਤੀ ਮਾਮਲੇ ’ਚ ਅਦਾਲਤ ਦਾ ਅਹਿਮ ਫ਼ੈਸਲਾ

**ਨਵੀਂ ਦਿੱਲੀ:** ਸੁਪਰੀਮ ਕੋਰਟ ਨੇ ਇੱਕ ਅਹਿਮ ਫੈਸਲੇ ਵਿੱਚ ਕਿਹਾ ਹੈ ਕਿ ਤਰਸ ਦੇ ਅਧਾਰ ’ਤੇ ਨਿਯੁਕਤੀ ਲਈ ਵਿਆਹੁਤਾ ਧੀਆਂ ਨੂੰ ਪਰਿਵਾਰ ਦੀ ਪਰਿਭਾਸ਼ਾ ਤੋਂ ਬਾਹਰ ਨਹੀਂ ਰੱਖਿਆ ਜਾ ਸਕਦਾ। ਅਦਾਲਤ ਨੇ ਉੱਤਰ ਪ੍ਰਦੇਸ਼ ਸਰਕਾਰ ਦੇ 2019 ਦੇ ਉਸ ਹੁਕਮ ਨੂੰ ਰੱਦ ਕਰ ਦਿੱਤਾ ਜਿਸ ਵਿੱਚ ਵਿਆਹੁਤਾ ਧੀਆਂ ਨੂੰ ਇਸ ਹੱਕ ਤੋਂ ਵਾਂਝਾ ਰੱਖਿਆ ਗਿਆ ਸੀ। ਜਸਟਿਸ ਪੀ.ਐਸ. ਨਰਸਿਮ੍ਹਾ ਅਤੇ ਅਲੋਕ ਅਰਾਧੇ ਦੀ ਬੈਂਚ ਨੇ ਇਲਾਹਾਬਾਦ ਹਾਈ ਕੋਰਟ ਦੇ ਫੈਸਲੇ ਨੂੰ ਪਲਟਦਿਆਂ ਕਿਹਾ ਕਿ ਅਜਿਹੀ ਮਨਾਹੀ ਸੰਵਿਧਾਨਕ ਤੌਰ ’ਤੇ ਗਲਤ ਹੈ। ਅਦਾਲਤ ਨੇ ਸਪੱਸ਼ਟ ਕੀਤਾ, ‘‘ਨਿਰਭਰਤਾ, ਵਿੱਤੀ ਲੋੜ ਅਤੇ ਯੋਗਤਾ ਹੀ ਮੁੱਖ



ਪੈਮਾਨੇ ਹਨ। ਵਿਆਹੁਕ ਸਥਿਤੀ ਦਾ ਇਹਨਾਂ ਵਿਚਾਰਾਂ ਨਾਲ ਕੋਈ ਤਰਕਸੰਗਤ ਸਬੰਧ ਨਹੀਂ ਹੈ।’’ ਬੈਂਚ ਨੇ ਲਿੰਗ-ਅਧਾਰਤ ਰੂੜ੍ਹੀਵਾਦੀ ਸੋਚ ’ਤੇ ਸਖ਼ਤ ਟਿੱਪਣੀ ਕਰਦਿਆਂ ਕਿਹਾ, ‘‘ਇਹ ਮੰਨ ਲੈਣਾ ਕਿ ਵਿਆਹ ਤੋਂ ਬਾਅਦ ਇੱਕ ਧੀ ਆਪਣੇ ਪੇਕੇ ਪਰਿਵਾਰ ਦੀ ਮੈਂਬਰ ਨਹੀਂ ਰਹਿੰਦੀ, ਸੰਵਿਧਾਨਕ ਤੌਰ ’ਤੇ ਅਸਵੀਕਾਰਨਯੋਗ ਹੈ। ਵਿਆਹ ਨਾ ਤਾਂ ਧੀ ਅਤੇ ਉਸਦੇ ਪਰਿਵਾਰ ਦੇ ਰਿਸ਼ਤੇ ਨੂੰ ਖਤਮ ਕਰਦਾ ਹੈ ਅਤੇ ਨਾ ਹੀ ਨਿਰਭਰਤਾ ਦੀ ਅਣਹੋਂਦ ਦਾ ਕੋਈ ਵੈਧ ਅਧਾਰ ਹੈ।’’ ਅਦਾਲਤ ਨੇ ਕਿਹਾ ਕਿ ਜਦੋਂ ਨਿਰਭਰ ਪੁੱਤਰਾਂ ਨੂੰ ਲਾਭ ਮਿਲ ਸਕਦਾ ਹੈ, ਤਾਂ ਸਿਰਫ਼ ਵਿਆਹੁਤਾ ਹੋਣ ਕਰਕੇ ਧੀਆਂ ਨਾਲ ਵਿਤਕਰਾ ਕਰਨਾ ਬਰਾਬਰੀ ਦੇ ਅਧਿਕਾਰ ਦੀ ਉਲੰਘਣਾ ਹੈ।

# ਰੂਸ ਵੱਲੋਂ ਯੂਕ੍ਰੇਨ ਤੇ ਮਿਜ਼ਾਈਲਾਂ ਅਤੇ ਆਤਮਘਾਤੀ ਡਰੋਨਾਂ ਨਾਲ ਹਮਲਾ, 11 ਵਿਅਕਤੀਆਂ ਦੀ ਮੌਤ, ਕਈ ਗੰਭੀਰ ਜ਼ਖਮੀ

**ਕੀਵ।** ਅੱਜ ਤੜਕਸਾਰ ਰੂਸੀ ਫ਼ੌਜ ਨੇ ਯੂਕ੍ਰੇਨ ਦੇ ਕਈ ਸ਼ਹਿਰਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਮਿਜ਼ਾਈਲਾਂ ਅਤੇ ਆਤਮਘਾਤੀ ਡਰੋਨਾਂ ਨਾਲ ਹਮਲਾ ਕਰ ਦਿੱਤਾ। ਯੂਕ੍ਰੇਨ ਦੀ ਸਟੇਟ ਐਮਰਜੈਂਸੀ ਸਰਵਿਸ ਮੁਤਾਬਕ ਇਸ ਤਾਜ਼ਾ ਹਮਲੇ ਵਿੱਚ ਇੱਕ ਬਚਾਅ ਕਰਮੀ ਸਮੇਤ 11 ਵਿਅਕਤੀਆਂ ਦੀ ਮੌਤ ਹੋ ਗਈ ਹੈ ਅਤੇ ਦਰਜਨਾਂ ਨਾਗਰਿਕ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਹਨ, ਜਦਕਿ ਕਈ ਰਿਹਾਇਸ਼ੀ ਇਮਾਰਤਾਂ ਦੇ ਤਬਾਹ ਹੋਣ ਕਾਰਨ ਵੱਡੀ ਗਿਣਤੀ ਵਿੱਚ ਲੋਕ ਮਲਬੇ ਹੇਠਾਂ ਫਸੇ ਹੋਏ ਹਨ। ਯੂਕ੍ਰੇਨ ਦੀ ਰਾਜਧਾਨੀ ਕੀਵ ਦੇ ਲਗਭਗ 8 ਜ਼ਿਲ੍ਹਿਆਂ ਵਿੱਚ ਰੂਸੀ ਮਿਜ਼ਾਈਲਾਂ ਨੇ ਨਾਗਰਿਕ ਬੁਨਿਆਦੀ ਢਾਂਚੇ ਅਤੇ ਉੱਚੀਆਂ ਰਿਹਾਇਸ਼ੀ ਇਮਾਰਤਾਂ ਨੂੰ ਬੁਰੀ ਤਰ੍ਹਾਂ ਨੁਕਸਾਨ ਪਹੁੰਚਾਇਆ ਹੈ। ਇਕੱਲੇ ਕੀਵ ਵਿੱਚ 4 ਲੋਕਾਂ ਦੀ ਮੌਤ ਹੋਈ ਹੈ ਅਤੇ 3 ਬੱਚਿਆਂ ਸਮੇਤ 58 ਲੋਕ ਜ਼ਖ਼ਮੀ ਹੋਏ ਹਨ, ਜਦਕਿ ਸੋਲੋਮੀਅਨਸਕੀ ਜ਼ਿਲ੍ਹੇ ਵਿੱਚ 20 ਅਤੇ 24 ਮੰਜ਼ਿਲਾ



ਰਿਹਾਇਸ਼ੀ ਇਮਾਰਤਾਂ ਹਮਲੇ ਦੀ ਲਪੇਟ ਵਿੱਚ ਆਈਆਂ ਹਨ। ਪੋਦਿਲਸਕੀ ਜ਼ਿਲ੍ਹੇ ਵਿੱਚ ਇੱਕ 9 ਮੰਜ਼ਿਲਾ ਇਮਾਰਤ ਦੇ ਉੱਪਰਲੇ ਹਿੱਸੇ ਤਬਾਹ ਹੋ ਗਏ, ਜਿਸ ਕਾਰਨ ਲੋਕ ਮਲਬੇ ਹੇਠ ਦੱਬ ਗਏ। ਹਵਾਈ ਹਮਲੇ ਦੇ ਸਾਈਰਨ ਵੱਜਣ ਦੇ ਬਾਵਜੂਦ ਬਚਾਅ ਟੀਮਾਂ ਰਾਹਤ ਕਾਰਜਾਂ ਵਿੱਚ ਜੁਟੀਆਂ ਰਹੀਆਂ। ਯੂਕ੍ਰੇਨ ਦੇ ਦਨੀਪਰੋਪੇਤਰੋਵਸਕ ਖੇਤਰ ਦੇ ਮੁੱਖ ਸ਼ਹਿਰ ਦਨੀਪਰੋ ਹੋਏ ਹਮਲਿਆਂ ਵਿੱਚ 6 ਆਮ ਨਾਗਰਿਕਾਂ ਦੀ ਮੌਤ ਹੋ ਗਈ ਅਤੇ 36 ਹੋਰ ਜ਼ਖ਼ਮੀ ਹੋ ਗਏ। ਜਦੋਂ ਪਹਿਲੇ ਹਮਲੇ ਤੋਂ ਬਾਅਦ ਰਾਹਤ ਅਤੇ ਬਚਾਅ ਟੀਮਾਂ ਮੌਕੇ ਤੇ ਪਹੁੰਚੀਆਂ, ਤਾਂ ਰੂਸ ਨੇ ਉੱਥੇ ਦੂਜਾ ਹਮਲਾ ਕਰ ਦਿੱਤਾ। ਇਸ ਦੋਹਰੇ ਹਮਲੇ ਵਿੱਚ ਡਿਊਟੀ ਤੇ ਤਾਇਨ-ਾਤ ਇੱਕ ਯੂਕ੍ਰੇਨੀ ਬਚਾਅ ਕਰਮੀ ਦੀ ਵੀ ਮੌਤ ਹੋ ਗਈ। ਇਸ ਹਮਲੇ ਦਾ ਖ਼ਦਸ਼ਾ ਪਹਿਲਾਂ ਹੀ ਜਤਾਇਆ ਜਾ ਰਿਹਾ ਸੀ। ਯੂਕ੍ਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਨੇ ਕੁਝ ਦਿਨ ਪਹਿਲਾਂ ਹੀ ਦੇਸ਼ਵਾਸੀਆਂ ਨੂੰ ਚਿਤਾਵਨੀ ਦਿੱਤੀ ਸੀ ਕਿ ਰੂਸ ਇੱਕ ਵੱਡੇ ਹਵਾਈ ਹਮਲੇ ਦੀ ਤਿਆਰੀ ਕਰ ਰਿਹਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਸੀ ਕਿ ਉਹ ਹਵਾਈ ਹਮਲੇ ਦੇ ਅਲਰਟ ਨੂੰ ਹਲਕੇ ਵਿੱਚ ਨਾ ਲੈਣ ਅਤੇ ਤੁਰੰਤ ਬੰਕਰਾਂ ਜਾਂ ਸੁਰੱਖਿਅਤ ਥਾਵਾਂ ਤੇ ਸ਼ਰਨ ਲੈਣ।

# ਚੰਡੀਗੜ੍ਹ ਸੈਕਟਰ 47 ਵਿੱਚ ਵੱਡੀ ਸਾਈਬਰ ਠੱਗੀ, ਬਜ਼ੁਰਗ ਜੋੜੇ ਨੂੰ 'ਡਿਜੀਟਲ ਅਰੈਸਟ' ਕਰ ਕੇ ਢਾਈ ਕਰੋੜ ਰੁਪਏ ਲੁੱਟੇ

**ਚੰਡੀਗੜ੍ਹ:** ਚੰਡੀਗੜ੍ਹ ਦੇ ਸੈਕਟਰ 47 ਤੋਂ ਸਾਈਬਰ ਠੱਗੀ ਦਾ ਇੱਕ ਬੇਹੱਦ ਹੈਰਾਨੀਜਨਕ ਅਤੇ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਇੱਥੇ ਰਹਿਣ ਵਾਲੇ ਇੱਕ ਬਜ਼ੁਰਗ ਜੋੜੇ ਨੂੰ ਸਾਈਬਰ ਠੱਗਾਂ ਨੇ ਆਪਣਾ ਸ਼ਿਕਾਰ ਬਣਾਉਂਦੇ ਹੋਏ ਕਰੀਬ 2.5 ਕਰੋੜ ਰੁਪਏ ਦੀ ਵੱਡੀ ਰਕਮ ਠੱਗ ਲਈ। ਮਿਲੀ ਜਾਣਕਾਰੀ ਮੁਤਾ-ਬਕ, ਸ਼ਾਤਰ ਠੱਗਾਂ ਨੇ ਬਜ਼ੁਰਗ ਜੋੜੇ ਨੂੰ ਡਰਾ-ਧਮਕਾ ਕੇ ਕਈ ਘੰਟਿਆਂ ਤੱਕ ਆਪਣੇ ਘਰ ਵਿੱਚ ਹੀ 'ਡਿਜੀਟਲ ਅਰੈਸਟ' ਕਰਕੇ ਰੱਖਿਆ। ਇਸ ਦੌਰਾਨ ਉਨ੍ਹਾਂ ਨੂੰ ਕਿਸੇ ਨਾਲ ਵੀ ਸੰਪਰਕ ਨਹੀਂ ਕਰਨ ਦਿੱਤਾ ਗਿਆ ਅਤੇ ਡਰ ਦਾ



ਮਾਹੌਲ ਪੈਦਾ ਕਰਕੇ ਕਰੋੜਾਂ ਰੁਪਏ ਦੀ ਠੱਗੀ ਨੂੰ ਅੰਜਾਮ ਦਿੱਤਾ ਗਿਆ। ਜਦੋਂ ਬਜ਼ੁਰਗ ਜੋੜੇ ਨੂੰ ਆਪਣੇ ਨਾਲ ਹੋਈ ਇਸ ਵੱਡੀ ਧੋਖਾਧੜੀ ਅਤੇ ਲੁੱਟ ਦਾ ਅਹਿਸਾਸ ਹੋਇਆ, ਤਾਂ ਉਹ ਬੁਰੀ ਤਰ੍ਹਾਂ ਦਹਿਸ਼ਤ ਵਿੱਚ ਆ ਗਏ। ਪੀੜਤ ਜੋੜੇ ਵੱਲੋਂ ਤੁਰੰਤ ਇਸ ਦੀ ਸ਼ਿਕਾਇਤ ਸਥਾਨਕ ਪੁਲਿਸ ਨੂੰ ਦਿੱਤੀ ਗਈ ਹੈ। ਸ਼ਿਕਾਇਤ ਮਿਲਣ ਤੋਂ ਬਾਅਦ ਚੰਡੀਗੜ੍ਹ ਪੁਲਿਸ ਦੇ ਸਾਈਬਰ ਸੈੱਲ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਪੀੜਤਾਂ ਕੋਲੋਂ ਸਾਰੇ ਜ਼ਰੂਰੀ ਵੇਰਵੇ ਅਤੇ ਬੈਂਕ ਡਿਟੇਲਜ਼ ਹਾਸਲ ਕਰ ਲਈਆਂ ਹਨ ਅਤੇ ਮਾਮਲੇ ਦੀ ਬਾਰੀਕੀ ਨਾਲ ਜਾਂਚ ਸ਼ੁਰੂ ਕਰ ਦਿੱਤੀ ਹੈ।

# ਪਹਿਲਗਾਮ ਅੱਤਵਾਦੀ ਹਮਲੇ ਦੌਰਾਨ ਅੱਤਵਾਦੀਆਂ ਵੱਲੋਂ ਵਰਤੇ ਗਏ ਮੋਬਾਇਲ ਫੋਨਾਂ ਦੇ ਤਾਰ ਪਾਕਿ ਨਾਲ ਜੁੜੇ

**ਜੰਮੂ :** ਪਹਿਲਗਾਮ ਅੱਤਵਾਦੀ ਹਮਲੇ ਦੀ ਜਾਂਚ ਵਿੱਚ ਸੁਰੱਖਿਆ ਏਜੰਸੀਆਂ ਨੂੰ ਇੱਕ ਅਹਿਮ ਸੁਰਾਗ ਮਿਲਿਆ ਹੈ। ਰਾਸ਼ਟਰੀ ਜਾਂਚ ਏਜੰਸੀ ਅਤੇ ਜੰਮੂ-ਕਸ਼ਮੀਰ ਪੁਲਿਸ ਦੀ ਪੜਤਾਲ ਵਿੱਚ ਪਤਾ ਲੱਗਿਆ ਹੈ ਕਿ ਅੱਤਵਾਦੀਆਂ ਵੱਲੋਂ ਇਸਤੇਮਾਲ ਕੀਤੇ ਗਏ ਦੋ ਮੋਬਾਈਲ ਫੋਨ ਪਾਕਿਸਤਾਨ ਤੋਂ ਆਈ ਖੇਪ ਦਾ ਹਿੱਸਾ ਸਨ । ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਇਹਨਾਂ ਵਿੱਚੋਂ ਇੱਕ ਫੋਨ 2021 ਵਿੱਚ ਪਾਕਿਸਤਾਨ ਪਹੁੰਚਿਆ ਸੀ, ਪਰ ਉਸ ਨੂੰ ਹਮਲੇ ਤੋਂ ਪਹਿਲਾਂ ਕਦੇ ਚਾਲੂ ਨਹੀਂ ਕੀਤਾ ਗਿਆ ਸੀ। ਇਸ ਨਵੇਂ ਖੁਲਾਸੇ ਨਾਲ ਇੱਕ ਵਾਰ ਫਿਰ ਪਾਕਿਸਤਾਨ ਦੀਆਂ ਕਾਲੀਆਂ ਕਰਤੂਤਾਂ ਦਾ ਕੱਚਾ ਚਿੱਠਾ ਖੁੱਲ੍ਹਣ ਲੱਗ ਪਿਆ ਹੈ। 22 ਅਪ੍ਰੈਲ 2025 ਨੂੰ ਪਹਿਲਗਾਮ ਦੇ ਬੈਸਰਨ ਇਲਾਕੇ ਵਿੱਚ ਹੋਏ ਅੱਤਵਾਦੀ ਹਮਲੇ ਵਿੱਚ 26 ਲੋਕਾਂ ਦੀ ਮੌਤ ਹੋਈ ਸੀ। ਇਸ ਤੋਂ ਬਾਅਦ ਸੁਰੱਖਿਆ ਏਜੰਸੀਆਂ ਨੇ ਹਮਲੇ



ਵਿੱਚ ਸ਼ਾਮਲ ਅੱਤਵਾਦੀਆਂ ਦੀ ਭਾਲ ਸ਼ੁਰੂ ਕੀਤੀ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ 28 ਜੁਲਾਈ 2025 ਨੂੰ ਜੰਮੂ-ਕਸ਼ਮੀਰ ਦੇ ਦਾਚੀਗਾਮ ਜੰਗਲ ਖੇਤਰ ਸਥਿਤ ਮੁਲਨਾਰ ਮਹਾਦੇਵ ਇਲਾਕੇ ਵਿੱਚ ਹੋਏ ਮੁਕਾਬਲੇ ਵਿੱਚ ਫੈਸਲ ਜੱਟ ਉਰਫ਼ ਸੁਲੇਮਾਨ ਸ਼ਾਹ, ਹਬੀਬ ਤਾਹਿਰ ਉਰਫ਼ ਜਿਬਰਾਨ ਅਤੇ ਹਮਜ਼ਾ ਅਫਗਾਨੀ ਮਾਰੇ ਗਏ ਸਨ। ਮੁਕਾਬਲੇ ਤੋਂ ਬਾਅਦ ਉਨ੍ਹਾਂ ਕੋਲੋਂ ਸ਼ਾਓਮੀ ਰੈਡਮੀ ਸੀਰੀਜ਼ ਦੇ ਦੋ ਮੋਬਾਈਲ ਫੋਨ ਬਰਾਮਦ ਹੋਏ । ਜਾਂਚ ਵਿੱਚ ਪਤਾ ਲੱਗਿਆ ਕਿ ਉਹਨਾਂ ਵਿੱਚੋਂ ਇੱਕ ਸੰਤਰੀ ਰੰਗ ਦਾ ਰੈਡਮੀ 9ਟੀ ਅਤੇ ਦੂਜਾ ਕਾਲੇ ਰੰਗ ਦਾ ਰੈਡਮੀ ਨੋਟ 12 ਸੀ। ਜਾਂਚ ਏਜੰਸੀਆਂ ਨੇ ਜਦੋਂ ਸ਼ਾਓਮੀ ਗਲੋਬਲ ਤੋਂ ਫੋਨ ਦੀ ਜਾਣਕਾਰੀ ਮੰਗੀ ਤਾਂ ਪਤਾ ਲੱਗਿਆ ਕਿ ਰੈਡਮੀ 9ਟੀ ਪਾਕਿਸਤਾਨ ਦੀ ਕੰਪਨੀ 'ਟੈਕ ਸਿਰਾਤ ਪ੍ਰਾਈਵੇਟ ਲਿਮਟਿਡ' ਵੱਲੋਂ ਇੰਪੋਰਟ ਕੀਤੀ ਗਈ ਇੱਕ ਖੇਪ ਦਾ ਹਿੱਸਾ ਸੀ। ਦਸਤਾਵੇਜ਼ਾਂ ਦੇ ਅਨੁਸਾਰ ਇਹ ਖੇਪ 1 ਜਨਵਰੀ 2021 ਨੂੰ ਪਾਕਿਸਤਾਨ ਪਹੁੰਚੀ ਸੀ। ਸਿਰਾਤ ਨਾਮ ਦੀ ਇਹ ਕੰਪਨੀ ਕਰਾਚੀ ਦੇ ਕਲਿਫਟਨ ਇਲਾਕੇ ਵਿੱਚ ਰਜਿਸਟਰਡ ਹੈ।


Samaj Weekly
ਸਮਾਜ ਵੀਕਲੀ

Editor-in-chief
Devinder Chander
+44 7878 456 484

Editorial Office
Samaj Weekly
Samaj Media Enterprise Ltd
46 Summer Road
Erdington,Birmingham UK
B23 6UR
+44 7878 456 484
+44 121 565 4810
info@samajweekly.com
samajweekly@gmail.com


ਹਰ ਪ੍ਰਕਾਰ ਦੇ ਵਪਾਰਕ ਅਤੇ ਕਲਾਸੀਫਾਈਡ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ।

# ਹੁਸ਼ਿਆਰਪੁਰ: ਮੁਕੇਰੀਆਂ ’ਚ ਦੋ ਔਰਤਾਂ ਨੂੰ ਟਰੱਕ ਨੇ ਦਰੜਿਆ, ਹਾਦਸੇ ’ਚ ਦੋਵਾਂ ਦੀ ਮੌਤ



**ਹੁਸ਼ਿਆਰਪੁਰ:** ਹੁਸ਼ਿਆਰਪੁਰ ਦੇ ਮੁਕੇਰੀਆਂ ਵਿੱਚ ਅੱਜ ਇੱਕ ਸੜਕ ਹਾਦਸੇ ਵਿੱਚ ਦੋ ਔਰਤਾਂ ਦੀ ਮੌਤ ਹੋ ਗਈ। ਦੋਵੇਂ ਔਰਤਾਂ ਪਰਮਜੀਤ ਕੌਰ (36) ਅਤੇ ਕਰਮਜੀਤ ਕੌਰ (35) ਸਾਲ ਰਿਸ਼ਤੇ ਵਿੱਚ ਦੇਵਰਾਨੀ ਅਤੇ ਜਠਾਣੀ ਲੱਗਦੀਆਂ ਸਨ। ਮ੍ਰਿਤਕ ਔਰਤਾਂ ਮੁਕੇਰੀਆਂ ਦੇ ਪਿੰਡ ਪੰਡੋਰੀ ਦੀਆਂ ਰਹਿਣ ਵਾਲੀਆਂ ਸਨ। ਜਾਣਕਾਰੀ ਅਨੁਸਾਰ ਅੱਜ ਦੋਵੇਂ ਘਰੋਂ ਮੁਕੇਰੀਆਂ ਕਿਸੇ ਕੰਮ ਲਈ ਨਿਕਲੀਆਂ ਸਨ, ਪਰ ਵਾਪਸੀ ਵੇਲੇ ਮੁਕੇਰੀਆਂ ਦੇ ਐਸ.ਪੀ.ਐਨ. ਕਾਲਜ ਨੇੜੇ ਇੱਕ ਟਰੱਕ ਨੇ ਇਹਨਾਂ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ੋਰਦਾਰ ਸੀ ਕਿ ਟਰੱਕ ਸਕੂਟੀ ਨੂੰ ਕਈ ਮੀਟਰ ਤੱਕ ਘਸੀਟਦਾ ਹੀ ਲੈ ਗਿਆ, ਜਿਸ ਕਾਰਨ ਇੱਕ ਔਰਤ ਦੀ ਮੌਕੇ ’ਤੇ ਹੀ ਮੌਤ ਹੋ ਗਈ ਅਤੇ ਦੂਜੀ ਨੇ ਹਸਪਤਾਲ ਪਹੁੰਚਦਿਆਂ ਹੀ ਦਮ ਤੋੜ ਦਿੱਤਾ। ਲੋਕਾਂ ਨੇ ਭਾਰੀ ਮੁਸ਼ੱਕਤ ਤੋਂ ਬਾਅਦ ਇੱਕ ਔਰਤ ਨੂੰ ਟਰੱਕ ਦੇ ਹੇਠਾਂ ਤੋਂ ਬਾਹਰ ਕੱਢਿਆ ਸੀ। ਟਰੱਕ ਡਰਾਈਵਰ ਨੂੰ ਪੁਲਿਸ ਨੇ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਉੱਥੇ ਹੀ ਮ੍ਰਿਤਕ ਦੋਵਾਂ ਔਰਤਾਂ ਦੀਆਂ ਲਾਸ਼ਾਂ ਨੂੰ ਸਿਵਲ ਹਸਪਤਾਲ ਵਿੱਚ ਰਖਵਾ ਦਿੱਤਾ ਗਿਆ ਹੈ।


## ਪੱਤਰਕਾਰਾਂ ਦੀ ਲੋੜ

ਇੰਗਲੈਂਡ ਦੇ ਹਰ ਇਲਾਕੇ ’ਚ ਪੱਤਰਕਾਰਾਂ ਦੀ ਲੋੜ ਹੈ, ਪੱਤਰਕਾਰਤਾ ਦਾ ਸ਼ੌਕ ਰੱਖਣ ਵਾਲੇ ਆਪਣੀ C.V. email: samajweekly@gmail.com ਉੱਤੇ ਭੇਜ ਸਕਦੇ ਹਨ।

Editor-in-chief : **Devinder Chander**

**Mob: 07878 456 484**

ਨੋਟ : ਪੱਤਰਕਾਰਤਾ ਦਾ ਤਜੁਰਬਾ ਰੱਖਣ ਵਾਲੇ ਨੂੰ ਪਹਿਲ ਦਿਤੀ ਜਾਵੇਗੀ।

# ਪੰਜਾਬ ਦੀਆਂ 90 ਲੱਖ ਔਰਤਾਂ ਨੂੰ ਅਗਲੇ ਮਹੀਨੇ ਤੋਂ ਮਿਲਣਗੇ 1000-1500 ਰੁਪਏ

**ਚੰਡੀਗੜ੍ਹ:** ਪੰਜਾਬ ਦੀਆਂ 90 ਲੱਖ ਔਰਤਾਂ ਨੂੰ ਅਗਲੇ ਮਹੀਨੇ ਤੋਂ 1,000 ਤੋਂ 1,500 ਰੁਪਏ ਪ੍ਰਤੀ ਮਹੀਨਾ ਮਿਲਣੇ ਸ਼ੁਰੂ ਹੋ ਜਾਣਗੇ। ਇਹ ਪੈਸੇ ਸਿੱਧੇ ਉਨ੍ਹਾਂ ਦੇ ਖਾਤਿਆਂ ਵਿੱਚ ਜਮ੍ਹਾ ਹੋ ਜਾਣਗੇ। ਮੁੱਖ ਮੰਤਰੀ ਭਗਵੰਤ ਮਾਨ ਨੇ ਇੱਕ ਇੰਟਰਵਿਊ ਵਿੱਚ ਇਸਦੀ ਪੁਸ਼ਟੀ ਕੀਤੀ। ਮਾਨ ਨੇ ਕਿਹਾ ਕਿ ਪ੍ਰਕਿਰਿਆ ਦਾ 80% ਪੂਰਾ ਹੋ ਗਿਆ ਹੈ। ਬਾਕੀ ਇਸ ਜੂਨ ਵਿੱਚ ਪੂਰਾ ਹੋ ਜਾਵੇਗਾ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਜਿਨ੍ਹਾਂ ਔਰਤਾਂ ਦੇ ਕਾਰਡ ਜਾਰੀ ਨਹੀਂ ਕੀਤੇ ਗਏ ਹਨ, ਜਾਂ ਜੁਲਾਈ ਵਿੱਚ ਵੀ ਜਾਰੀ ਨਹੀਂ ਕੀਤੇ ਜਾਣਗੇ, ਉਨ੍ਹਾਂ ਨੂੰ ਰਜਿਸਟਰ ਹੁੰਦੇ ਹੀ ਉਨ੍ਹਾਂ ਦੇ ਭੁਗਤਾਨ ਮਿਲ ਜਾਣਗੇ। ਹਾਲਾਂਕਿ, ਮੁੱਖ ਮੰਤਰੀ ਨੇ ਪਿਛਲੇ ਸਾਢੇ ਚਾਰ ਸਾਲਾਂ ਦੇ ਵਿਰੋਧੀ ਧਿਰ ਦੇ ਬਕਾਏ ਬਾਰੇ ਕੋਈ ਸਪੱਸ਼ਟ ਜਵਾਬ ਨਹੀਂ ਦਿੱਤਾ। ਆਮ ਆਦਮੀ ਪਾਰਟੀ (ਆਪ) ਨੇ 2022 ਦੀਆਂ ਚੋਣਾਂ ਲਈ 18 ਸਾਲ ਤੋਂ ਵੱਧ ਉਮਰ ਦੀ ਹਰ ਔਰਤ ਨੂੰ ਪ੍ਰਤੀ ਮਹੀਨਾ 1,000 ਰੁਪਏ ਦੇਣ ਦਾ ਵਾਅਦਾ ਕੀਤਾ ਸੀ।

ਹੁਣ, ਇਹ ਯੋਜਨਾ 2027 ਦੀਆਂ ਚੋਣਾਂ ਤੋਂ ਪਹਿਲਾਂ ਸ਼ੁਰੂ ਕੀਤੀ ਜਾ ਰਹੀ ਹੈ। 'ਆਪ' ਸਰਕਾਰ ਨੇ ਇਸਨੂੰ ਮਾਵਨ-ਧਿਆਨ ਸਤਿਕਾਰ ਯੋਜਨਾ ਦਾ ਨਾਮ ਦਿੱਤਾ ਹੈ। ਇਸ ਯੋਜਨਾ ਦੇ ਤਹਿਤ, ਜਨਰਲ ਵਰਗ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ ₹1,000 ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ ₹1,500 ਮਿਲਣਗੇ। ਇਸ ਦੌਰਾਨ, ਸੰਸਦ ਮੈਂਬਰ ਅਤੇ ਸਾਬਕਾ ਕ੍ਰਿਕਟਰ ਹਰਭਜਨ ਸਿੰਘ ਨੂੰ ਪੈਸੇ ਦੇ ਬਦਲੇ 'ਆਪ' ਛੱਡਣ 'ਤੇ ਰਾਜ ਸਭਾ ਸੀਟ ਦੇਣ 'ਤੇ, ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਮੈਂ ਇੱਕ ਰੁਪਿਆ ਵੀ ਲੈਂਦਾ ਹਾਂ, ਤਾਂ ਇਹ ਮੇਰੇ ਲਈ ਸਲਫਾਸ ਦੀ ਗੋਲੀ ਵਾਂਗ ਹੋਵੇਗਾ।




ਸਿਰਫ਼ ਸਟੇਜ ਹੀ ਨਹੀਂ, ਸਗੋਂ ਰਾਜ ਵੀ ਚਲਾਇਆ ਗਿਆ ਹੈ: ਵਿਰੋਧੀ ਅਕਸਰ ਸੱਤਾ ਸੰਭਾਲਣ ਵਿੱਚ ਉਸਦੀ ਅਸਮਰੱਥਾ 'ਤੇ ਸਵਾਲ ਉਠਾਉਂਦੇ ਹਨ। ਇਸ ਸਵਾਲ ਦੇ ਜਵਾਬ ਵਿੱਚ, ਮੁੱਖ ਮੰਤਰੀ ਨੇ ਕਿਹਾ, "ਸ਼੍ਰੀਲੰਕਾ ਦੇ ਸਨਥ ਜੈਸੂਰੀਆ ਨੇ ਆਪਣੀ ਟੀਮ ਲਈ ਪਹਿਲਾਂ ਹੀ ਦੋ ਵਿਸ਼ਵ ਕੱਪ ਜਿੱਤੇ ਸਨ ਜਦੋਂ ਤੱਕ ਦੂਜੀਆਂ ਟੀਮਾਂ ਉਸਨੂੰ ਬੱਲੇਬਾਜ਼ ਨਹੀਂ ਮੰਨਦੀਆਂ ਸਨ। "ਉਹ (ਵਿਰੋਧੀ ਪਾਰਟੀਆਂ) ਮੈਨੂੰ ਨੇਤਾ ਨਹੀਂ ਮੰਨਦੀਆਂ; ਮੈਨੂੰ ਉਨ੍ਹਾਂ ਤੋਂ ਸਰਟੀਫਿਕੇਟ ਨਹੀਂ ਚਾਹੀਦਾ। ਮੈਨੂੰ ਜਨਤਾ ਤੋਂ ਸਰਟੀਫਿਕੇਟ ਚਾਹੀਦਾ ਹੈ। ਮੈਨੂੰ ਕੱਲ੍ਹ ਹੀ ਜਨਤਾ ਤੋਂ ਸਰਟੀਫਿਕੇਟ ਮਿਲਿਆ ਹੈ। ਉਹ ਕਹਿ ਰਹੇ ਸਨ ਕਿ ਸਟੇਜ ਅਤੇ ਰਾਜ ਚਲਾਉਣਾ ਦੋ ਵੱਖ-ਵੱਖ ਚੀਜ਼ਾਂ ਹਨ। ਅਸੀਂ ਦਿਖਾਇਆ ਹੈ ਕਿ ਅਸੀਂ ਇੱਕ ਰਾਜ ਚਲਾ ਸਕਦੇ ਹਾਂ। ਸਾਢੇ ਚਾਰ ਸਾਲਾਂ ਬਾਅਦ, ਸੱਤਾ ਪੱਖ ਦੀ ਨੁਕਤਾਚੀਨੀ ਹੈ।"

ਨਵੰਬਰ ਵਿੱਚ ਚੋਣਾਂ ਲਈ ਉਹ ਕਿੰਨੇ ਤਿਆਰ ਹਨ? ਜਦੋਂ ਮੁੱਖ ਮੰਤਰੀ ਨੂੰ ਪੁੱਛਿਆ ਗਿਆ ਕਿ ਕੀ ਉਹ ਅਕਤੂਬਰ-ਨਵੰਬਰ ਵਿੱਚ ਪੰਜਾਬ ਵਿੱਚ ਚੋਣਾਂ ਲਈ ਤਿਆਰ ਹਨ, ਤਾਂ ਉਨ੍ਹਾਂ ਜਵਾਬ ਦਿੱਤਾ, "ਅਸੀਂ ਪੂਰੀ ਤਰ੍ਹਾਂ ਤਿਆਰ ਹਾਂ। ਇਹ ਚੋਣ ਕਮਿਸ਼ਨ ਦਾ ਵਿਸ਼ੇਸ਼ ਅਧਿਕਾਰ ਹੈ ਕਿ ਉਹ ਨਵੰਬਰ, ਦਸੰਬਰ ਜਾਂ ਜਨਵਰੀ ਵਿੱਚ ਚੋਣਾਂ ਕਰਵਾਉਣ ਦਾ ਫੈਸਲਾ ਕਰੇ। ਸਾਡੇ ਰਾਜ ਵਿੱਚ, ਚੋਣਾਂ ਫਰਵਰੀ ਵਿੱਚ ਹੁੰਦੀਆਂ ਹਨ; ਪਿਛਲੀ ਵਾਰ, ਚੋਣਾਂ ਫਰਵਰੀ ਵਿੱਚ ਹੋਈਆਂ ਸਨ ਅਤੇ ਨਤੀਜੇ 10 ਮਾਰਚ ਨੂੰ ਐਲਾਨੇ ਗਏ ਸਨ।"

ਸਿਰਫ਼ ਹਰਭਜਨ ਹੀ ਨਹੀਂ, ਸਾਰਿਆਂ ਦਾ ਜਾਣਾ ਦੁਖਦਾਈ ਹੈ: ਮੁੱਖ ਮੰਤਰੀ ਨੂੰ ਪੁੱਛਿਆ ਗਿਆ ਕਿ ਹਰਭਜਨ ਸਿੰਘ ਤੁਹਾਡਾ ਛੋਟਾ ਭਰਾ ਹੈ। ਉਹ ਵੀ ਪਾਰਟੀ ਛੱਡ ਕੇ ਚਲੇ ਗਏ। ਇਸ 'ਤੇ ਮੁੱਖ ਮੰਤਰੀ ਨੇ ਕਿਹਾ, "ਮੈਨੂੰ ਨਹੀਂ ਪਤਾ ਕਿ ਮੇਰੇ ਮਨ ਵਿੱਚ ਕੀ ਆਇਆ।

## ਪੰਜਾਬੀ ਮੂਲ ਦੀ ਵਿਦਿਆਰਥਣ ਨੇ ਵਿਲੱਖਣ ਖੋਜ ਨਾਲ ਵੱਡੀ ਉਪਲਬਧੀ ਕੀਤੀ ਹਾਸਲ

**ਓਨਟਾਰੀਓ :** ਕੈਨੇਡਾ ਦੇ ਓਨਟਾਰੀਓ ਸੂਬੇ ਦੇ ਕਿਚਨਰ ਸ਼ਹਿਰ ਦੀ 17 ਸਾਲਾ ਪੰਜਾਬੀ ਮੂਲ ਦੀ ਵਿਦਿਆਰਥਣ ਗੁਰਨੂਰ ਕੌਰ ਨੇ ਆਪਣੀ ਵਿਲੱਖਣ ਖੋਜ ਨਾਲ ਕੌਮੀ ਪੱਧਰ ’ਤੇ ਵੱਡੀ ਉਪਲਬਧੀ ਹਾਸਲ ਕੀਤੀ ਹੈ । ਗੁਰਨੂਰ ਨੂੰ ਐਡਮਿੰਟਨ ਵਿੱਚ ਹੋਏ ‘ਕੈਨੇਡਾ-ਵਿਆਪੀ ਸਾਇੰਸ ਫੇਅਰ’ ਵਿੱਚ ‘ਬੈੱਸਟ ਪ੍ਰੋਜੈਕਟ ਫ਼ਾਰ ਇਨੋਵੇਸ਼ਨ’ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ। ਕੈਮਰਨ ਹਾਈਟਸ ਕਾਲਜੀਏਟ ਇੰਸਟੀਚਿਊਟ ਦੀ ਗਿਆਰ੍ਹਵੀਂ ਜਮਾਤ ਦੀ ਵਿਦਿਆਰਥਣ ਗੁਰਨੂਰ ਕੌਰ ਦਾ ਇਹ ਪ੍ਰੋਜੈਕਟ ਸਿਹਤ ਖੇਤਰ ਵਿੱਚ ਇੱਕ ਅਹਿਮ ਸਮੱਸਿਆ ਦੇ ਹੱਲ ਨਾਲ ਜੁੜਿਆ ਹੋਇਆ ਹੈ। ਗੁਰਨੂਰ ਦੀ ਖੋਜ ਦਾ ਮੁੱਖ ਕੇਂਦਰ ਪਲਸ ਆਕਸੀਮੀਟਰਾਂ ਵਿੱਚ ਮੌਜੂਦ ਉਸ ਤਕਨੀਕੀ ਕਮੀ ਨੂੰ ਦੂਰ ਕਰਨਾ ਹੈ, ਜਿਸ ਕਾਰਨ ਗੂੜ੍ਹੇ ਜਾਂ ਸਾਂਵਲੇ ਰੰਗ ਦੀ ਚਮੜੀ ਵਾਲੇ ਲੋਕਾਂ ਵਿੱਚ ਖ਼ੂਨ ਦੇ ਆਕਸੀਜਨ



ਪੱਧਰ ਦੀ ਮਾਪ ਸਹੀ ਨਹੀਂ ਆਉਂਦੀ ਸੀ। ਵਿਗਿਆਨੀਆਂ ਅਤੇ ਮੇਲੇ ਦੇ ਜੱਜਾਂ ਮੁਤਾਬਕ ਖ਼ੂਨ ਵਿੱਚ ਆਕਸੀਜਨ ਦੀ ਮਾਤਰਾ ਮਾਪਣ ਵਾਲੇ ਸੈਂਸਰ ਨਾਲ ਜੁੜੀ ਇਹ ਸਮੱਸਿਆ ਪਿਛਲੇ ਸਾਢੇ ਤਿੰਨ ਦਹਾਕਿਆਂ (35 ਸਾਲਾਂ) ਤੋਂ ਮੌਜੂਦ ਸੀ, ਜਿਸ ਨਾਲ ਮਰੀਜ਼ਾਂ ਦੇ ਇਲਾਜ ਅਤੇ ਨਤੀਜਿਆਂ ’ਤੇ ਮਾਰੂ ਅਸਰ ਪੈਂਦਾ ਆ ਰਿਹਾ ਸੀ। ਗੁਰਨੂਰ ਦੀ ਖੋਜ ਨੇ ਹੁਣ ਇਸ ਖ਼ਾਮੀ ਨੂੰ ਜੜ੍ਹੋਂ ਖ਼ਤਮ ਕਰਨ ਦਾ ਰਾਹ ਦਿਖਾਇਆ ਹੈ।


SHAM LAL CHANDER ID no. 921760

BUILDING MAINTENANCE HANDYMAN (CHECKATRADE)



Sham Lal Chander building maintenance handyman Under checkatrade platform is now available on your local London Area. They have fully trained and experienced tradesmen and do genuinely fast responses to all online enquiries. Their team are knowledgeable and providing on-time service. They have been providing remodelling, repairing and maintaining for over five years.

SPECIALITY:

PLUMBING : - Repairs/Replacement of Bathrooms accessories (sink, taps, tubs, showers, Toilets etc.

ELECTRICIAN :- Repairs/Replacement of all types of Sockets, Switches, Lamps, Fans, Cameras, Washing machines, Cookers, Alarms, Mount TV on walls, etc.

MASONRY WORK: - Plastering, skimming, Brick Work, Slabs Lying, Drive Ways, Roof maintenance etc.

CARPENTRY: - Laminate Flooring, Fencing, Flat Packs Assembling, Doors repairing/ replacing, Skirting, Decking, Selves making etc.

For more information please contact at www.checkatrade.com

Chander Consultants Limited, London, UK 07488841161

# 'ਰੰਗਲਾ ਪੰਜਾਬ' ਮੁਹਿੰਮ ਤਹਿਤ ਮਾਨ ਸਰਕਾਰ ਪਿੰਡਾਂ ਦੀ ਨੁਹਾਰ ਬਦਲਣ ਲਈ ਵਚਨਬੱਧ: ਵਿਧਾਇਕਾ ਸੰਤੋਸ਼ ਕਟਾਰੀਆ

**ਨਵਾਂਸ਼ਹਿਰ /ਕਾਠਗੜ੍ਹ 2 ਮਈ (ਜਤਿੰਦਰ ਪਾਲ ਸਿੰਘ ਕਲੇਰ** )ਪੰਜਾਬ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਨੂੰ ਮੁੜ ਖੁਸ਼ਹਾਲ ਬਣਾਉਣ ਲਈ ਵਿੱਢੀ ਗਈ ' ਰੰਗਲਾ ਪੰਜਾਬ' ਮੁਹਿੰਮ ਤਹਿਤ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਤੇਜ਼ੀ ਦਿੱਤੀ ਜਾ ਰਹੀ ਹੈ। ਇਸੇ ਲੜੀ ਤਹਿਤ ਹਲਕਾ ਬਲਾਚੌਰ ਦੀ ਵਿਧਾਇਕਾ ਸੰਤੋਸ਼ ਕਟਾਰੀਆ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਸ਼ੋਕ ਕਟਾਰੀਆ ਵੱਲੋਂ ਇੱਕ ਵਿਸ਼ੇਸ਼ ਉਪਰਾਲਾ ਕਰਦਿਆਂ ਪਿੰਡ ਬਾਗੋਵਾਲ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਲਈ 8 ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਪਿੰਡ ਦੀ ਪੰਚਾਇਤ ਅਤੇ ਮੋਹਤਬਰਾਂ ਨੂੰ ਭੇਟ ਕੀਤਾ ਗਿਆ। ਪਿੰਡਾਂ ਦੇ ਆਤਮ-ਨਿਰਭਰ ਹੋਣ ਨਾਲ ਹੀ ਬਣੇਗਾ 'ਰੰਗਲਾ ਪੰਜਾਬ' ਇਸ ਮੌਕੇ ਹਾਜ਼ਰ ਪਿੰਡ ਵਾਸੀਆਂ ਅਤੇ ਪਤਵੰਤਿਆਂ ਨੂੰ ਸੰਬੋਧਨ ਕਰਦਿਆਂ ਸੀਨੀਅਰ ਆਗੂ ਅਸ਼ੋਕ ਕਟਾਰੀਆ ਨੇ ਕਿਹਾ ਕਿ ਪਿੰਡ ਬਾਗੋਵਾਲ ਦੇ ਵਿਕਾਸ ਲਈ ਦਿੱਤੀ ਗਈ 8 ਲੱਖ ਰੁਪਏ ਦੀ ਇਹ ਰਾਸ਼ੀ ਸਿਰਫ਼ ਇੱਕ ਸਰਕਾਰੀ ਗ੍ਰਾਂਟ ਨਹੀਂ ਹੈ, ਸਗੋਂ ਪਿੰਡ ਦੀ ਨੁਹਾਰ ਬਦਲਣ ਅਤੇ ਇਸ ਨੂੰ ਇੱਕ 'ਮਾਡਲ ਪਿੰਡ' ਵਜੋਂ ਵਿਕਸਤ ਕਰਨ ਵੱਲ ਵਧਾਇਆ ਗਿਆ ਇੱਕ ਅਹਿਮ ਕਦਮ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 'ਰੰਗਲਾ ਪੰਜਾਬ' ਉਦੋਂ ਹੀ ਹਕੀਕਤ ਬਣੇਗਾ



ਜਦੋਂ ਸਾਡੇ ਪਿੰਡ ਬੁਨਿਆਦੀ ਸਹੂਲਤਾਂ ਪੱਖੋਂ ਆਤਮ-ਨਿਰਭਰ ਅਤੇ ਸਰਵਪੱਖੀ ਵਿਕਾਸ ਪੱਖੋਂ ਮਜ਼ਬੂਤ ਹੋਣਗੇ। ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਸਿਆਸੀ ਪੱਖਪਾਤ ਤੋਂ ਉੱਪਰ ਉੱਠ ਕੇ, ਬਿਨਾਂ ਕਿਸੇ ਭੇਦਭਾਵ ਦੇ ਹਰ ਖੇਤਰ ਵਿੱਚ ਰਿਕਾਰਡ ਵਿਕਾਸ ਕਾਰਜ ਕਰਵਾ ਰਹੀ ਹੈ। ਆਉਣ ਵਾਲੇ ਦਿਨਾਂ ਵਿੱਚ ਹਲਕਾ ਬਲਾਚੌਰ ਦੇ ਹੋਰਨਾਂ ਪਿੰਡਾਂ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਵੀ ਵਿਕਾਸ ਫੰਡਾਂ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਇਹ ਰਾਸ਼ੀ ਪਿੰਡ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰੇਗੀ ਅਤੇ ਆਮ ਲੋਕਾਂ ਦੀਆਂ ਸਹੂਲਤਾਂ ਵਿੱਚ ਵਾਧਾ ਕਰਕੇ ਵਿਕਾਸ ਨੂੰ ਨਵੀਂ ਰਫ਼ਤਾਰ ਦੇਵੇਗੀ। ਚੈੱਕ ਸੌਂਪਣ ਦੇ ਇਸ ਵਿਸ਼ੇਸ਼ ਪ੍ਰੋਗਰਾਮ ਦੌਰਾਨ ਇਲਾਕੇ ਅਤੇ ਪਿੰਡ ਦੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਨਰਿੰਦਰ ਕੌਰ ਸਰਪੰਚ,ਪੈਨੀ ਪਹਿਲਵਾਨ ਬਲਾਕ ਸੰਮਤੀ ਮੈਂਬਰ,ਰਾਮ ਸ਼ਾਹ ਭੂਬਲਾ ਪ੍ਰਧਾਨ, ਸਰਕਾਰੀ ਸਭਾ ਜੋਗੇਵਾਲ, ਮਹਿੰਦਰ ਪਾਲ ਅਤੇ ਰਾਮ ਸਿੰਘ ਠੇਕੇਦਾਰ ਅਵਿਨਾਸ਼ ਚੰਦਰ ਚੇਚੀ ਅਤੇ ਹਰਬੰਸ ਲਾਲ ਭੂੰਬਲਾ ਰਾਜਕੁਮਾਰ ਬਜਾੜ ਅਤੇ ਬਲਰਾਮ ਬਜਾੜ ਸਾਬਕਾ ਸਰਪੰਚ ਸੁਰਿੰਦਰ ਪਾਲ ਠੇਕੇਦਾਰ ਧਰਮਵੀਰ ਬੁਜਾੜ, ਸ਼੍ਰੀ ਰਾਮ ਬਜਾੜ ਅਤੇ ਰਾਮਪਾਲ ਖੇਪੜ ਸ਼ਾਮਲ ਸਨ। ਇਸ ਮੌਕੇ ਪਿੰਡ ਦੀ ਪੰਚਾਇਤ, ਮੋਹਤਬਰਾਂ ਅਤੇ ਹਾਜ਼ਰ ਪਤਵੰਤਿਆਂ ਨੇ ਵਿਕਾਸ ਕਾਰਜਾਂ ਲਈ ਵੱਡੀ ਗ੍ਰਾਂਟ ਜਾਰੀ ਕਰਨ 'ਤੇ ਪੰਜਾਬ ਸਰਕਾਰ ਅਤੇ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਦਾ ਤਹਿ ਦਿਲੋਂ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਇਸ ਰਾਸ਼ੀ ਦੀ ਵਰਤੋਂ ਪੂਰੀ ਪਾਰਦਰਸ਼ਤਾ ਨਾਲ ਪਿੰਡ ਦੀ ਭਲਾਈ ਲਈ ਕੀਤੀ ਜਾਵੇਗੀ।

# ਲੁਧਿਆਣਾ ਦੇ ਸਿਵਲ ਸਰਜਨ ਡਾਕਟਰ ਰਮਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਮਾਣੂੰਕੇ 'ਚ ਐਂਟੀ ਮਲੇਰੀਆ ਕੈਂਪ ਲਗਾਇਆ ਗਿਆ

**ਰਾਏਕੋਟ.,ਮਈ : (ਗੁਰਭਿੰਦਰ ਗੁਰੀ)** ਲੁਧਿਆਣਾ ਦੇ ਸਿਵਲ ਸਰਜਨ ਡਾਕਟਰ ਰਮਨਦੀਪ ਕੌਰ ਆਹਲੂਵਾਲੀਆ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸਰਕਾਰੀ ਹਸਪਤਾਲ ਹਠੂਰ ਦੇ ਐਸ ਐਮ ਓ ਡਾ: ਅਮਨ ਸ਼ਰਮਾ ਦੀ ਅਗਵਾਈ ਹੇਠ ਪਿੰਡ ਮਾਣੂੰਕੇ ਵਿਖੇ ਐਂਟੀ ਮਲੇਰੀਆ ਕੈਂਪ ਲਗਾਇਆ ਗਿਆ ।ਇਸ ਮੌਕੇ ਹੈਲਥ ਇਸਪੈਕਟਰ ਸਵਰਨ ਸਿੰਘ ਡੱਲਾ ਕਿਹਾ ਕਿ ਬੁਖਾਰ ਮਾਦਾ ਐਨਾਫਲੀਜ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਖੜ੍ਹੇ ਅਤੇ ਸਾਫ਼ ਪਾਣੀ ਵਿੱਚ ਪੈਦਾ ਹੁੰਦੇ ਹਨ ਇਹ ਮੱਛਰ ਰਾਤ ਅਤੇ ਸਵੇਰ ਵੇਲੇ ਕੱਟਦੇ ਹਨ,ਮਲੇਰੀਆ ਬੁਖਾਰ ਦੇ ਲੱਛਣ ਠੰਢ ਅਤੇ ਕਾਂਬੇ ਨਾਲ ਬੁਖਾਰ ਸਿਰ ਦਰਦ ਹੋਣਾ ਬੁਖਾਰ ਉਤਰਨ ਤੋਂ ਬਾਅਦ ਕਮਜ਼ੋਰੀ ਹੋਣਾ ਅਤੇ ਸ਼ਰੀਰ ਨੂੰ ਪਸੀਨਾ ਆਉਣਾ ਆਦਿ ਹਨ।




ਉਨ੍ਹਾ ਮਲੇਰੀਆ ਬੁਖਾਰ ਦੇ ਬਚਾਅ ਲਈ ਕਿਹਾ ਕਿ ਘਰਾਂ ਦੇ ਆਲੇ ਦੁਆਲੇ ਛੋਟੇ ਟੋਇਆਂ ਵਿੱਚ ਪਾਣੀ ਇਕੱਠਾ ਨਾ ਹੋਣ ਦਿਓ ਅਤੇ ਟੋਇਆਂ ਨੂੰ ਮਿੱਟੀ ਨਾਲ ਭਰ ਦਿਓ,ਛੱਪੜਾਂ ਵਿੱਚ ਖੜ੍ਹੇ ਪਾਣੀ ਤੇ ਕਾਲੇ ਤੇਲ ਦਾ ਛਿੜਕਾਓ ਕਰੋ, ਕੱਪੜੇ ਅਜਿਹੇ ਪਹਿਨੋ ਜਿਸ ਨਾਲ ਸਰੀਰ ਪੂਰੀ ਤਰ੍ਹਾਂ ਢੱਕਿਆ ਰਹੇ ਤਾਂ ਕਿ ਤੁਹਾਨੂੰ ਮੱਛਰ ਕੱਟ ਨਾ ਸਕੇ ਰਾਤ ਨੂੰ ਸੌਣ ਸਮੇਂ ਮੱਛਰਦਾਨੀ ਮੱਛਰ ਭਜਾਉਣ ਵਾਲੀਆਂ ਕਰੀਮਾਂ ਆਦਿ ਦਾ ਇਸਤੇਮਾਲ ਕਰੋ ।ਕੋਈ ਵੀ ਬੁਖਾਰ ਮਲੇਰੀਆ ਹੋ ਸਕਦਾ ਹੈ ਬੁਖਾਰ ਹੋਣ ਤੇ ਨੇੜੇ ਦੀ ਸਿਹਤ ਸੰਸਥਾ ਜਾਂ ਸਰਕਾਰੀ ਹਸਪਤਾਲ ਨਾਲ ਸੰਪਰਕ ਕਰੋ ਮਲੇਰੀਆ ਦਾ ਟੈਸਟ ਅਤੇ ਇਲਾਜ ਪੰਜਾਬ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਹੈਲਥ ਇਸਪੈਕਟਰ ਪ੍ਰਕਾਸ਼ ਸਿੰਘ ਬੀਹਲਾ, ਏ ਐਨ ਐਮ ਸਵਰਨਜੀਤ ਕੌਰ, ਸੀ ਐੱਚ ਓ ਜਸਪ੍ਰੀਤ ਕੌਰ,ਬਲਜਿੰਦਰ ਕੌਰ, ਓਟ ਕੌਂਸਲਰ ਡਾਕਟਰ ਸੁਮਨਜੀਤ ਕੌਰ, ਮੈਡੀਕਲ ਅਫ਼ਸਰ ਸ਼ਰਨਜੀਤ ਕੌਰ,ਰਾਕੇਸ਼

# ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆ ਦਾ ਜਨਮ ਦਿਨ ਮਨਾਇਆ ਗਿਆ

**ਰਾਏਕੋਟ.,ਮਈ : (ਗੁਰਭਿੰਦਰ ਗੁਰੀ)** ਪੰਥਕ ਦਲ ਦੇ ਸਰਪ੍ਰਸਤ ਭਾਈ ਜਸਵੀਰ ਸਿੰਘ ਖਾਲਸਾ ਅਤੇ ਸਮੂਹ ਸਿੱਖ ਸੰਗਤਾ ਦੇ ਸਹਿਯੋਗ ਨਾਲ ਵੀਹਵੀਂ ਸਦੀ ਦੇ ਮਹਾਨ ਯੋਧੇ ਦਮਦਮੀ ਟਕਸਾਲ ਦੇ 14 ਵੇਂ ਮੁੱਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆ ਦਾ ਜਨਮ ਦਿਨ ਮੰਗਲਵਾਰ ਨੂੰ ਉਨ੍ਹਾ ਦੇ ਜਨਮ ਅਸਥਾਨ ਗੁਰਦੁਆਰਾ ਸ਼੍ਰੀ ਸੰਤ ਖਾਲਸਾ ਪਿੰਡ ਰੋਡੇ,ਨੇੜੇ ਬਾਘਾ ਪੁਰਾਣਾ ਵਿਖੇ ਮਨਾਇਆ ਗਿਆ। ਇਸ ਮੌਕੇ ਹਠੂਰ ਇਲਾਕੇ ਦੇ ਵੱਖ-ਵੱਖ ਪਿੰਡਾ ਵਿਚੋ ਇੰਟਰਨੈਸਨਲ ਪੰਥਕ ਦਲ ਆਲ ਇੰਡੀਆ ਦੇ ਕਨਵੀਨਰ ਜਥੇਦਾਰ ਦਲੀਪ ਸਿੰਘ ਚਕਰ ਦੀ ਅਗਵਾਈ ਹੇਠ ਦੱਸ ਬੱਸਾ ਦਾ ਕਾਫਲਾ ਪਿੰਡ ਰੋਡੇ ਲਈ ਰਵਾਨਾ ਹੋਇਆ। ਇਸ ਮੌਕੇ ਪਿਛਲੇ ਤਿੰਨ ਦਿਨਾ ਤੋ ਪ੍ਰਕਾਸ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਮੌਕੇ ਪਿੰਡ ਰੋਡੇ ਦੀ ਅਨਾਜ ਮੰਡੀ ਵਿਚ ਸਥਾਪਤ ਕੀਤੇ ਖੁੱਲ੍ਹੇ ਪੰਡਾਲ ਵਿਚ ਪੰਥ ਦੀਆ ਵੱਖ-ਵੱਖ ਮਹਾਨ ਸਖਸੀਅਤਾ ਨੇ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆ ਦੇ ਸੰਘਰਸਾ ਭਰੇ ਜੀਵਨ ਤੇ ਚਾਨਣਾ ਪਾਇਆ ਅਤੇ ਪੰਥ ਵਿਰੋਧੀ ਤਾਕਤਾ ਤੋ ਸੁਚੇਤ ਰਹਿਣ ਦਾ ਸੰਦੇਸ ਦਿੱਤਾ। ਉਨ੍ਹਾ ਕਿਹਾ ਕਿ ਅੱਜ ਦਾ ਇਹ ਇਤਿਹਾਸਕ ਇਕੱਠ ਆਉਣ ਵਾਲੀ 2027 ਦੀਆ ਵਿਧਾਨ ਸਭਾ ਦੀਆ ਚੋਣਾ ਦਾ ਮੁੱਢ ਬੰਨੇਗਾ ਅਤੇ ਆਉਣ ਵਾਲੀ ਪੰਜਾਬ ਸਰਕਾਰ ਸਿੱਖ ਪੰਥ ਦੀ ਸਰਕਾਰ ਹੋਵੇਗੀ। ਇਸ ਧਾਰਮਿਕ ਸਮਾਗਮ ਵਿਚ ਪਹੁੰਚਣ ਲਈ ਅੰਤਾ ਦੀ ਗਰਮੀ ਦੇ ਬਾਵਜੂਦ ਵੀ ਸਿੱਖ ਸੰਗਤਾ ਵਿਚ ਭਾਰੀ ਉਤਸਾਹ ਦੇਖਣ



ਨੂੰ ਮਿਲਿਆ। ਅੰਤ ਵਿਚ ਸਮਾਗਮਾ ਵਿਚ ਪਹੁੰਚੀਆ ਸਮੂਹ ਸਖਸੀਅਤਾ ਨੂੰ ਸਰਪ੍ਰਸਤ ਭਾਈ ਜਸਵੀਰ ਸਿੰਘ ਖਾਲਸਾ ਅਤੇ ਸਮੂਹ ਪ੍ਰਬੰਧਕੀ ਕਮੇਟੀ ਵੱਲੋ ਵਿਸ਼ੇਸ ਤੌਰ ਤੇ ਸਨਮਾਨਿਤ ਕੀਤਾ ਗਿਆ ਅਤੇ ਵੱਡੀ ਗਿਣਤੀ ਵਿਚ ਪਹੁੰਚੀਆ ਸੰਗਤਾ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ ਅਤੇ ਥਾ-ਥਾ ਠੰਡੇ ਮਿੱਠੇ ਜਲ ਦੀਆ ਛਬੀਲਾ ਲਗਾਈਆ ਗਈਆ। ਇਸ ਮੌਕੇ ਉਨ੍ਹਾ ਨਾਲ ਐਮ ਪੀ ਸਰਬਜੀਤ ਸਿੰਘ ਖਾਲਸਾ, ਜਥੇਦਾਰ ਗਿਆਨੀ ਭਾਈ ਹਰਪ੍ਰੀਤ ਸਿੰਘ ਖਾਲਸਾ,ਬਾਬਾ ਸਰਬਜੋਤ ਸਿੰਘ ਬੇਦੀ,ਜਥੇਦਾਰ ਬਾਪੂ ਤਰਸੇਮ ਸਿੰਘ ਖਾਲਸਾ,ਭਾਈ ਸੁਖਵਿੰਦਰ ਸਿੰਘ ਅਗਵਾਨ,ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ,ਬਾਬਾ ਬਲਵੀਰ ਸਿੰਘ ਖਾਲਸਾ 96 ਕਰੋੜੀ,ਸ਼ੇਰੇ ਪੰਜਾਬ ਅਕਾਲੀ ਦੇ ਕਾਰਜਕਾਰੀ ਪ੍ਰਧਾਨ ਜਥੇਦਾਰ ਬੂਟਾ ਸਿੰਘ ਰਣਸੀਹ ਕਲਾਂ,ਸ਼੍ਰੋਮਣੀ ਅਕਾਲੀ ਦਲ (ਅ) ਦੇ ਸਰਪ੍ਰਸਤ ਸਾਬਕਾ ਮੈਬਰ ਪਾਰਲੀਮੈਂਟ ਸਿਮਰਨਜੀਤ ਸਿੰਘ ਮਾਨ, ਜਥੇਦਾਰ ਜਗਤਾਰ ਸਿੰਘ ਰੋਡੇ, ਜਿਲ੍ਹਾ ਬਠਿੰਡਾ ਦੇ ਪ੍ਰਧਾਨ ਭਾਈ ਪ੍ਰਮਿੰਦਰ ਸਿੰਘ ਕੁਲਾਰ ਭਾਈ ਰੂਪੇਵਾਲੇ,ਜਥੇਦਾਰ ਬਲਵਿੰਦਰ ਸਿੰਘ ਰੋਡੇ,ਭਾਈ ਜਗਸੀਰ ਸਿੰਘ ਖਾਲਸਾ ਰਾਜੇਆਣਾ, ਜਥੇਦਾਰ ਦਰਸਨ ਸਿੰਘ ਮਾਣੂੰਕੇ,ਭਾਈ ਗੁਰਸੇਵਕ ਸਿੰਘ ਜਵਾਹਰਕੇ, ਵਿਧਾਇਕ ਮਨਪ੍ਰੀਤ ਸਿੰਘ ਇਯਾਲੀ,ਬੀਬੀ ਸੰਦੀਪ ਕੌਰ ਖਾਲਸਾ,ਪ੍ਰਧਾਨ ਮਨਪ੍ਰੀਤ ਸਿੰਘ ਕਿਸਨਪੁਰਾ ਕਲਾਂ,ਬਾਬਾ ਬਸੰਤ ਸਿੰਘ ਖਾਲਸਾ ਚਕਰ ਵਾਲੇ,ਅਜੀਤ ਸਿੰਘ ਚਕਰ,ਪੱਤਰਕਾਰ ਹਰਦੀਪ ਕੌਸ਼ਲ ਮੱਲ੍ਹਾ,ਸਰਪੰਚ ਗੁਰਮੇਲ ਸਿੰਘ ਮੱਲ੍ਹਾ,ਸਾਬਕਾ ਸਰਪੰਚ ਪਿਆਰਾ ਸਿੰਘ,ਲਖਵੀਰ ਸਿੰਘ ਦਿਓਲ, ਗਿਆਨੀ ਅਮਰਜੀਤ ਸਿੰਘ ਖਾਲਸਾ,ਗਿਆਨੀ ਪਰਮਜੀਤ ਸਿੰਘ ਖਾਲਸਾ ਮੱਲ੍ਹਾ,ਪ੍ਰਧਾਨ ਗੁਰਪ੍ਰੀਤ ਸਿੰਘ ਖਾਲਸਾ,ਰਣਜੀਤ ਸਿੰਘ ਖਾਲਸਾ,ਸੇਵਕ ਸਿੰਘ ਖਾਲਸਾ, ਅਸਲਪਾਲ ਮੱਲ੍ਹਾ,ਦਵਿੰਦਰਪਾਲ ਸ਼ਰਮਾਂ, ਸਰਬਜੀਤ ਸਿੰਘ ਚਕਰ, ਪ੍ਰਭਜੋਤ ਸਿੰਘ ਚਕਰ, ਬਲਦੇਵ ਸਿੰਘ ਮੱਲ੍ਹਾ, ਪ੍ਰਧਾਨ ਬੂਟਾ ਸਿੰਘ, ਸਤਨਾਮ ਸਿੰਘ ਕਲੇਰ, ਅਵਤਾਰ ਸਿੰਘ, ਹਰੀ ਸਿੰਘ,ਇੰਦਰਪਾਲ ਸਿੰਘ,ਅਰਸਦੀਪ ਸਿੰਘ ਮੱਲ੍ਹਾ,ਬਾਵਾ ਸਿੰਘ ਆਦਿ ਹਾਜ਼ਰ ਸਨ।

The Samaj Weekly and people associated with it are not responsible for any claims made by the advisers and don't endorse any product or service advertising Samaj Weekly. Please consult your lawyer before buying hiring/contracting through the ads published in the newspaper. The Samaj Weekly is business of selling space and claims made by the advertisers are not tested/confirmed by any source.

# ਮਜੀਠੀਆ ਨੇ ਜੋਬਨਪ੍ਰੀਤ ਨੂੰ ਛੁਡਵਾ ਕੇ ਕੋਈ ਕਸੂਰ ਨਹੀਂ ਕੀਤਾ: ਬਰਿੰਦਰ ਸਿੰਘ ਪਰਮਾਰ

## ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਪੁਲਿਸ ਕਰ ਰਹੀ ਹੈ ਨੌਜਵਾਨਾਂ ਨਾਲ ਧੱਕੇਸ਼ਾਹੀ



**ਹੁਸ਼ਿਆਰਪੁਰ 2 ਜੂਨ (ਤਰਸੇਮ ਦੀਵਾਨਾ )** ਮਜੀਠਾ ਥਾਣੇ ਦੇ ਐਸ.ਐਚ.ਓ. ਦੇ ਕਮਰੇ ਵਿੱਚੋਂ ਜੋਬਨਪ੍ਰੀਤ ਸਿੰਘ ਨੂੰ ਸਾਬਕਾ ਮੰਤਰੀ ਬਿਕਰਮਜੀਤ ਸਿੰਘ ਮਜੀਠੀਆ ਵੱਲੋਂ ਛੁਡਵਾਉਣ ਦੇ ਮਾਮਲੇ ਵਿੱਚ ਹੁਣ ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਜ਼ੋਰਦਾਰ ਹਮਾਇਤ ਕੀਤੀ ਗਈ ਹੈ। ਇਸ ਸਬੰਧੀ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਸਕੱਤਰ ਜਨਰਲ ਬਰਿੰਦਰ ਸਿੰਘ ਪਰਮਾਰ ਨੇ ਪੰਜਾਬ ਪੁਲਿਸ ਦੀ ਕਾਰਗੁਜ਼ਾਰੀ ਅਤੇ ਨੀਅਤ 'ਤੇ ਬੇਹੱਦ ਗੰਭੀਰ ਅਤੇ ਸਨਸਨੀਖੇਜ਼ ਸਵਾਲ ਖੜ੍ਹੇ ਕੀਤੇ ਹਨ। ਪਰਮਾਰ ਨੇ ਸਿੱਧਾ ਸਵਾਲ ਕਰਦਿਆਂ ਆਖਿਆ ਕਿ ਜੇਕਰ ਜੋਬਨਪ੍ਰੀਤ ਸਿੰਘ 'ਤੇ ਕੋਈ ਐਫ.ਆਈ.ਆਰ. (FIR) ਦਰਜ ਸੀ ਅਤੇ ਪੁਲਿਸ ਨੇ ਉਸ ਨੂੰ ਗ੍ਰਿਫ਼ਤਾਰ ਕੀਤਾ ਸੀ, ਤਾਂ ਫਿਰ ਕਾਨੂੰਨੀ ਪ੍ਰਕਿਰਿਆ ਤਹਿਤ ਉਸ ਨੂੰ ਹਵਾਲਾਤ ਵਿੱਚ ਰੱਖਣ ਦੀ ਬਜਾਏ ਐਸ.ਐਚ.ਓ. ਨੇ ਆਪਣੇ ਨਿੱਜੀ ਕਮਰੇ ਵਿੱਚ ਲੁਕੋ ਕੇ ਕਿਉਂ ਰੱਖਿਆ ਹੋਇਆ ਸੀ? ਉਨ੍ਹਾਂ ਆਖਿਆ ਕਿ ਥਾਣੇ ਅੰਦਰਲੀ ਇਹ ਸ਼ੱਕੀ ਸਥਿਤੀ ਸਾਫ਼ ਜ਼ਾਹਰ ਕਰਦੀ ਹੈ ਕਿ ਪੁਲਿਸ ਦੇ ਇਰਾਦੇ ਨੇਕ ਨਹੀਂ ਸਨ। ਉਨ੍ਹਾਂ ਵੱਡਾ ਦਾਅਵਾ ਕਰਦਿਆਂ ਆਖਿਆ ਕਿ ਜੇਕਰ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਸਮੇਤ ਮੌਕੇ 'ਤੇ ਪਹੁੰਚ ਕੇ ਜੋਬਨਪ੍ਰੀਤ ਸਿੰਘ ਨੂੰ ਪੁਲਿਸ ਦੇ ਚੁੰਗਲ ਵਿੱਚੋਂ ਨਾ ਛਡਵਾਉਂਦੇ, ਤਾਂ ਪੰਜਾਬ ਪੁਲਿਸ ਸਰਕਾਰ ਦੇ ਇਸ਼ਾਰੇ 'ਤੇ ਜੋਬਨਪ੍ਰੀਤ ਸਿੰਘ ਨਾਲ ਕੁਝ ਵੀ ਕਰ ਸਕਦੀ ਸੀ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਜੋਬਨਪ੍ਰੀਤ ਸਿੰਘ ਨੂੰ ਛੁਡਵਾ ਕੇ ਕੋਈ ਗੁਨਾਹ ਨਹੀਂ ਕੀਤਾ , ਬਲਕਿ ਇੱਕ ਨੌਜਵਾਨ ਨੂੰ ਨਜਾਇਜ਼ ਧੱਕੇਸ਼ਾਹੀ ਦਾ ਸ਼ਿਕਾਰ ਹੋਣ ਤੋਂ ਬਚਾਇਆ ਹੈ। ਪਰਮਾਰ ਨੇ ਪੰਜਾਬ ਦੀ ਮੌਜੂਦਾ ਸਰਕਾਰ 'ਤੇ ਤਿੱਖੇ ਹਮਲੇ ਕਰਦਿਆਂ ਆਖਿਆ ਕਿ ਅੱਜ ਦੀ ਪੁਲਿਸ ਪੂਰੀ ਤਰ੍ਹਾਂ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਕੰਮ ਕਰ ਰਹੀ ਹੈ ਅਤੇ ਸੂਬੇ ਦੇ ਨੌਜਵਾਨਾਂ ਦੇ ਨਾਲ ਬਹੁਤ ਗਲਤ ਕੀਤਾ ਜਾ ਰਿਹਾ ਹੈ। ਜਿਸ ਕਾਰਨ ਨੌਜਵਾਨ ਵਰਗ ਅੰਦਰ ਭਾਰੀ ਸਹਿਮ ਅਤੇ ਰੋਸ ਦਾ ਮਾਹੌਲ ਹੈ।ਉਨ੍ਹਾਂ ਸਾਫ਼ ਸ਼ਬਦਾਂ ਵਿੱਚ ਚੇਤਾਵਨੀ ਦਿੰਦਿਆਂ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਪੂਰੀ ਤਰ੍ਹਾਂ ਚਟਾਨ ਵਾਂਗ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਪਿੱਠ 'ਤੇ ਖੜ੍ਹਾ ਹੈ। ਪਾਰਟੀ ਪੰਜਾਬ ਦੇ ਨੌਜਵਾਨਾਂ ਨਾਲ ਕਿਸੇ ਵੀ ਕੀਮਤ 'ਤੇ ਨਜਾਇਜ਼ ਧੱਕੇਸ਼ਾਹੀ ਬਰਦਾਸ਼ਤ ਨਹੀਂ ਕਰੇਗੀ ਅਤੇ ਸਰਕਾਰ ਦੀਆਂ ਅਜਿਹੀਆਂ ਦਮਨਕਾਰੀ ਨੀਤੀਆਂ ਦਾ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ।

# ਸਰਕਾਰੀ ਹਾਈ ਸਕੂਲ ਤਲਵੰਡੀ ਚੌਧਰੀਆਂ ਵਿਖੇ ਸਾਇੰਸ ਮਿਸਟ੍ਰੈਸ ਸੁਖਵਿੰਦਰ ਕੌਰ ਨੂੰ ਨਿੱਘੀ ਵਿਦਾਇਗੀ

## ਸੁਖਵਿੰਦਰ ਕੌਰ ਵੱਲੋਂ ਸਕੂਲ ਨੂੰ ਇਕ ਲੱਖ 10 ਹਜਾਰ ਰੁਪਏ ਦਾਨ




**ਕਪੂਰਥਲਾ, 2 ਜੂਨ ( ਕੌੜਾ )** - ਸਰਕਾਰੀ ਹਾਈ ਸਕੂਲ ਤਲਵੰਡੀ ਚੌਧਰੀਆਂ ਵਿਖੇ ਲੰਬੇ ਸਮੇਂ ਤੋਂ ਸਿੱਖਿਆ ਵਿਭਾਗ ਦੀ ਆਹੋ ਬਣ ਗਈ ਨੂੰ ਸਮਰਪਿਤ ਸਾਇੰਸ ਮਿਸਟ੍ਰੈਸ ਸ਼੍ਰੀਮਤੀ ਸੁਖਵਿੰਦਰ ਕੌਰ ਜੀ ਦੀ ਸੇਵਾਮੁਕਤੀ ਮੌਕੇ ਇੱਕ ਪ੍ਰਭਾਵਸ਼ਾਲੀ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਪਤੀ ਭਲਵਾਨ ਬਲਕਾਰ ਸਿੰਘ ਹਰਨਾਮਪੁਰ ਪ੍ਰਧਾਨ ਮਹਾਰਾਜਾ ਰਣਜੀਤ ਸਿੰਘ ਸ਼ੇਰੇ ਪੰਜਾਬ ਕਬੱਡੀ ਕਲੱਬ ਸੁਲਤਾਨਪੁਰ ਲੋਧੀ ਅਤੇ ਪਰਿਵਾਰਕ ਮੈਂਬਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਸਮਾਗਮ ਦੀ ਸ਼ੁਰੂਆਤ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸ਼ਸ਼ੀ ਕੁਮਾਰ ਜੀ , ਗ੍ਰਾਮ ਪੰਚਾਇਤ ਤਲਵੰਡੀ ਚੌਧਰੀਆਂ ਦੇ ਸਰਪੰਚ . ਬਲਵਿੰਦਰ ਸਿੰਘ, ਅਤੇ 'ਆਪ' ਆਗੂ ਬੀਬੀ ਗੁਰਵਿੰਦਰ ਕੌਰ ਵੱਲੋਂ ਮੈਡਮ ਸੁਖਵਿੰਦਰ ਕੌਰ ਦੀ ਸਿੱਖਿਆ ਵਿਭਾਗ ਵਿੱਚ ਇਮਾਨਦਾਰੀ ਨਾਲ ਕੀਤੀ ਨਿਰਵਿਘਨ ਸੇਵਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੀ ਉਮਰ ਦਰਾਜ ਦੀ ਕਾਮਨਾ ਕੀਤੀ ਅਤੇ ਸਮੁੱਚੇ ਪਰਿਵਾਰ ਨੂੰ ਵਧਾਈ ਦਿੱਤੀ। ਸਟੇਜ ਸਕੱਤਰ ਦੀ ਭੂਮਿਕਾ ਸ. ਅਮਰੀਕ ਸਿੰਘ (ਮੈਥ ਮਾਸਟਰ) ਨੇ ਬਾਖੂਬੀ ਨਿਭਾਈ। ਉਨ੍ਹਾਂ ਨੇ ਮੈਡਮ ਦੇ ਅਧਿਆਪਨ ਸਫ਼ਰ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਉਨ੍ਹਾਂ ਨੇ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਹਮੇਸ਼ਾ ਦਿਲ ਲਗਾ ਕੇ ਸੇਵਾ ਨਿਭਾਈ ਹੈ।ਅਵਤਾਰ ਸਿੰਘ ਸੰਧੂ, ਗੁਰਪ੍ਰੀਤ ਸਿੰਘ ਸਾਇੰਸ ਮਾਸਟਰ, ਮੈਡਮ ਰਮਨਦੀਪ ਕੌਰ ਨੇ ਵੀ ਸੰਬੋਧਨ ਕੀਤਾ ਅਤੇ ਨਿਰਵਿਘਨ ਸੇਵਾ ਮੁਕਤੀ ਤੇ ਵਧਾਈ ਦਿੱਤੀ। ਸੱਭਿਆਚਾਰਕ ਵੰਨਗੀਆਂ ਵਿਚ ਬੱਚਿਆਂ ਵੱਲੋਂ ਨਾਚ ਪੇਸ਼ ਕਰਕੇ ਮਾਹੌਲ ਨੂੰ ਖੁਸ਼ਨੁਮਾ ਬਣਾ ਦਿੱਤਾ ਗਿਆ। ਅਖੀਰ ਵਿੱਚ ਮੈਡਮ ਸੁਖਵਿੰਦਰ ਕੌਰ ਨੇ ਸਮੂਹ ਸਟਾਫ਼ ਅਤੇ ਵਿਦਾਇਗੀ ਪਾਰਟੀ ਲਈ ਸਭ ਦਾ ਧੰਨਵਾਦ ਕਰਦਿਆਂ ਸਕੂਲ ਪ੍ਰਤੀ ਆਪਣੇ ਮੋਹ ਦੇ ਪ੍ਰਗਟਾਵੇ ਵਜੋਂ 1,10,000 ਰੁਪਏ (ਇੱਕ ਲੱਖ ਦਸ ਹਜ਼ਾਰ) ਦੀ ਰਾਸ਼ੀ ਸਕੂਲ ਦੀ ਭਲਾਈ ਲਈ ਦਾਨ ਵਜੋਂ ਭੇਂਟ ਕੀਤੀ। ਇਸ ਮੌਕੇ ਤੇ ਲੈਕਚਰਾਰ ਰਣਜੀਤ ਕੌਰ, ਦਵਿੰਦਰ ਸਿੰਘ, ਬਲਵੀਰ ਕੌਰ, ਸੰਦੀਪ ਕੌਰ, ਨਵਜੋਤ ਕੌਰ, ਪਰਵਿੰਦਰ ਕੌਰ, ਮਨਪ੍ਰੀਤ ਕੌਰ, ਮਿਸ ਮਨੂ, ਸੰਤੋਖ ਸਿੰਘ, ਅਤੇ ਚਰਨਜੀਤ ਸਿੰਘ ਸਮੇਤ ਸਮੂਹ ਸਟਾਫ਼ ਹਾਜ਼ਰ ਸੀ।

# ਕਾਂਗਰਸ ਵੱਲੋਂ ਨੀਟ ਪੇਪਰ ਲੀਕ ਅਤੇ ਸੀਬੀਐਸਈ ਦੀ ਮਾੜੇ ਪ੍ਰਬੰਧਾਂ ਖ਼ਿਲਾਫ਼ ਰੋਸ ਪ੍ਰਦਰਸ਼ਨ

## ''ਰੋਸ ਮਾਰਚ ਕੱਢਦੇ ਹੋਏ ਮੋਦੀ ਅਤੇ ਸਿੱਖਿਆ ਮੰਤਰੀ ਦਾ ਪੁਤਲਾ ਫੂਕਿਆ''



**ਹੁਸ਼ਿਆਰਪੁਰ 2 ਜੂਨ ( ਤਰਸੇਮ ਦੀਵਾਨਾ )** - ਅੱਜ ਸੈਂਕੜੇ ਕਾਂਗਰਸੀ ਵਰਕਰਾਂ ਨੇ ਜ਼ਿਲ੍ਹਾ ਕਾਂਗਰਸ ਕਮੇਟੀ ਹੁਸ਼ਿਆਰਪੁਰ ਦੇ ਪ੍ਰਧਾਨ ਦਲਜੀਤ ਸਿੰਘ ਗਿਲਜ਼ੀਆ ਦੀ ਅਗਵਾਈ ਹੇਠ ਨੀਟ ਪੇਪਰ ਲੀਕ ਅਤੇ ਸੀਬੀਐਸਈ ਵਿੱਚ ਫੈਲੀ ਅਵਿਵਸਥਾ ਅਤੇ ਮਾੜੇ ਪ੍ਰਬੰਧਾਂ ਦੇ ਵਿਰੋਧ ਵਿੱਚ ਵਿਸ਼ਾਲ ਰੋਸ ਮਾਰਚ ਕੱਢਿਆ। ਕਾਂਗਰਸ ਵਰਕਰਾਂ ਨੇ ਪ੍ਰਦਰਸ਼ਨ ਕਰਦੇ ਹੋਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਪੁਤਲਾ ਵੀ ਫੂਕਿਆ ਅਤੇ ਸਿੱਖਿਆ ਮੰਤਰੀ ਨੂੰ ਬਰਖਾਸਤ ਕਰਨ ਦੀ ਮੰਗ ਵੀ ਕੀਤੀ ।

ਧਰਨੇ ਨੂੰ ਸੰਬੋਧਨ ਕਰਦਿਆਂ ਦਲਜੀਤ ਗਿਲਜ਼ੀਆ ਸੀਨੀਅਰ ਨੇ ਕਿਹਾ ਕਿ ਦੇਸ਼ ਭਰ ਤੋਂ 22 ਲੱਖ ਵਿਦਿਆਰਥੀਆਂ ਨੇ ਨੀਟ ਦੀ ਪ੍ਰੀਖਿਆ ਦਿੱਤੀ ਸੀ, ਪਰ ਬਾਅਦ ਵਿੱਚ ਇਹ ਸਾਹਮਣੇ ਆਇਆ ਕਿ ਪ੍ਰੀਖਿਆ ਦਾ ਪ੍ਰਸ਼ਨ ਪੱਤਰ ਲੀਕ ਹੋ ਗਿਆ ਸੀ। ਉਨ੍ਹਾਂ ਨੇ ਕਿਹਾ ਕਿ ਇਹ ਦੂਜੀ ਵਾਰ ਹੋਇਆ ਹੈ, ਜਦੋਂ ਨੀਟ ਦਾ ਪੇਪਰ ਫਿਰ ਲੀਕ ਹੋਇਆ ਹੈ, ਲੇਕਿਨ ਇਸ ਮਾਮਲੇ ਵਿੱਚ ਕੋਈ ਢੁੱਕਵੀਂ ਕਾਰਵਾਈ ਨਹੀਂ ਕੀਤੀ ਗਈ। ਇਸ ਮੌਕੇ ਸਾਬਕਾ ਕੈਬਿਨੇਟ ਮੰਤਰੀ ਸੰਗਤ ਸਿੰਘ ਗਿਲਜ਼ੀਆ ਨੇ ਮੰਗ ਕੀਤੀ ਕਿ ਵਾਰ-ਵਾਰ ਨੀਟ ਪ੍ਰੀਖਿਆਵਾਂ ਕਰਵਾਉਣ ਵਿੱਚ ਨਾਕਾਮ ਰਹੀ ਨੈਸ਼ਨਲ ਟੈਸਟਿੰਗ ਏਜੰਸੀ (ਐਨਟੀਏ) ਨੂੰ ਭੰਗ ਕੀਤਾ ਜਾਵੇ ਅਤੇ ਨੀਟ ਪ੍ਰੀਖਿਆਵਾਂ ਲਈ ਭਰੋਸੇਯੋਗ ਅਤੇ ਪਾਰਦਰਸ਼ੀ ਪ੍ਰਣਾਲੀ ਬਣਾਈ ਜਾਵੇ, ਕਿਉਂਕਿ ਇਹ ਦੇਸ਼ ਦੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਜੁੜਿਆ ਮਾਮਲਾ ਹੈ। ਉਨ੍ਹਾਂ ਨੇ ਸੀਬੀਐਸਈ ਦੀ ਆਨਲਾਈਨ ਸਕਰੀਨ ਮਾਰਕਿੰਗ (ਓਐਸਐਮ) ਪ੍ਰਣਾਲੀ ਵਿੱਚ ਪਾਈਆਂ ਗਈਆਂ ਗੰਭੀਰ ਖਾਮੀਆਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਨੇ ਕਿਹਾ ਕਿ ਇਹ ਸਮੱਸਿਆ ਇਸ ਲਈ ਪੈਦਾ ਹੋਈ ਹੈ, ਕਿਉਂਕਿ ਜਿਸ ਕੰਪਨੀ ਕੋਐਮਪਟ ਐਡੂਟੈਕ ਨੂੰ ਇਸਦਾ ਠੇਕਾ ਦਿੱਤਾ ਗਿਆ ਹੈ, ਉਸ ਕੋਲ ਇਸ ਤਰ੍ਹਾਂ ਦੀਆਂ ਪ੍ਰੀਖਿਆਵਾਂ ਕਰਵਾਉਣ ਲਈ ਲੋੜੀਂਦਾ ਤਜਰਬਾ ਅਤੇ ਮਾਹਰਤਾ ਨਹੀਂ ਹੈ। ਇਸ ਮੌਕੇ ਦਲਜੀਤ ਗਿਲਜ਼ੀਆ ਨੇ ਖੁਲਾਸਾ ਕੀਤਾ ਕਿ ਕੋਐਮਪਟ ਐਡੂਟੈਕ ਨੂੰ ਵਿਸ਼ੇਸ਼ ਛੋਟਾਂ ਦੇ ਕੇ ਠੇਕਾ ਦਿੱਤਾ ਗਿਆ ਸੀ ਅਤੇ ਇਸ ਲਈ ਨਿਯਮਾਂ ਵਿੱਚ ਵੀ ਤਬਦੀਲੀਆਂ ਕੀਤੀਆਂ ਗਈਆਂ। ਉਨ੍ਹਾਂ ਨੇ ਕਿਹਾ ਕਿ ਇਸ ਕੰਪਨੀ ਨੂੰ ਪਹਿਲਾਂ ਤੇਲੰਗਾਨਾ ਸਰਕਾਰ ਵੱਲੋਂ ਬਲੈਕਲਿਸਟ ਕੀਤਾ ਜਾ ਚੁੱਕਾ ਹੈ। ਉਨ੍ਹਾਂ ਨੇ ਸਵਾਲ ਕੀਤਾ ਕਿ ਆਖ਼ਿਰ ਇਸ ਕੰਪਨੀ ਨੂੰ ਵਿਸ਼ੇਸ਼ ਰਿਆਇਤਾਂ ਕਿਉਂ ਦਿੱਤੀਆਂ ਗਈਆਂ ਸਨ, ਜਦਕਿ ਇਹ ਵਿਦਿਆਰਥੀਆਂ ਦੇ ਭਵਿੱਖ ਅਤੇ ਕਰੀਅਰ ਨਾਲ ਖਿਲਵਾੜ ਕਰ ਰਹੀ ਹੈ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੂੰ ਤੁਰੰਤ ਬਰਖਾਸਤ ਕਰਨ ਦੀ ਮੰਗ ਕਰਦਿਆਂ ਸਵਾਲ ਕੀਤਾ ਕਿ ਜਦੋਂ ਇਹ ਆਪਣੇ ਹਰ ਫਰਜ਼ ਵਿੱਚ ਅਸਫਲ ਰਹੇ ਹਨ, ਤਾਂ ਪ੍ਰਧਾਨ ਮੰਤਰੀ ਮੋਦੀ ਇਨ੍ਹਾਂ ਨੂੰ ਬਚਾਉਣ ਅਤੇ ਸੁਰੱਖਿਆ ਦੇਣ ਦੀ ਕੋਸ਼ਿਸ਼ ਕਿਉਂ ਕਰ ਰਹੇ ਹਨ। ਇਸ ਮੌਕੇ ਸੀਨੀਅਰ ਕਾਂਗਰਸੀ ਨੇਤਾ ਐਡਵੋਕੇਟ ਰੋਹਿਤ ਜੋਸ਼ੀ, ਅਮਰਪ੍ਰੀਤ ਲਾਲੀ, ਸੁੰਦਰ ਸ਼ਾਮ ਅਰੋੜਾ, ਇੰਦੂ ਬਾਲਾ, ਰਣਜੀਤ ਕੁਮਾਰ, ਸੁਰਿੰਦਰ ਸਿੱਧੂ, ਬਲਵਿੰਦਰ ਬਿੱਟੂ, ਅਸ਼ਵਨੀ ਸ਼ਰਮਾ, ਬਲਵਿੰਦਰ ਕੌਰ, ਸੋਢੀ ਬਦਿਆਲ, ਮਨਜਿੰਦਰ ਸਿੰਘ, ਸੁਖਬੀਰ ਸਿੰਘ, ਅਸ਼ੋਕ ਸ਼ਰਮਾ, ਅਸ਼ੋਕ ਮਹਿਰਾ, ਹੰਸਰਾਜ, ਤੇ ਵੱਡੀ ਤਾਦਾਦ ਚ ਕਾਂਗਰਸੀ ਆਗੂ ਤੇ ਵਰਕਰ ਮਜੂਦ ਸਨ!

# ਪੁਰਾਣੀ ਪੈਨਸ਼ਨ, ਡੀ ਏ ਤੇ ਹੋਰ ਮੰਗਾਂ ਨੂੰ ਲੈਕੇ ਸਰਕਾਰ ਨੂੰ ਘੇਰਨ ਲਈ ਕਪੂਰਥਲਾ ਤੋਂ ਵੱਡੀ ਗਿਣਤੀ ਵਿੱਚ ਅਧਿਆਪਕ ਚੰਡੀਗੜ੍ਹ ਲਈ ਰਵਾਨਾ

**ਕਪੂਰਥਲਾ ,2 ਜੂਨ ( ਕੌੜਾ )**-ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕਰਵਾਉਣ, ਪੈਡਿੰਗ ਡੀ ਏ ਕਿਸ਼ਤਾਂ ਲੈਣ ਅਤੇ ਹੋਰ ਬਕਾਇਆ ਭੱਤਿਆਂ ਨੂੰ ਲਾਗੂ ਕਰਵਾਉਣ ਲਈ ਗੌਰਮਿੰਟ ਟੀਚਰ ਯੂਨੀਅਨ ਪੰਜਾਬ ਵੱਲੋਂ ਮੁਹਾਲੀ ਵਿਖੇ ਪੰਜਾਬ ਸਰਕਾਰ ਨੂੰ ਘੇਰਨ ਲਈ ਦਿੱਤੇ ਗਏ ਧਰਨੇ ਵਿੱਚ ਕਪੂਰਥਲਾ ਤੋਂ ਵੱਡੀ ਗਿਣਤੀ ਵਿੱਚ ਅਧਿਆਪਕ ਪ੍ਰਧਾਨ ਸੁਖਚੈਨ ਸਿੰਘ ਬੱਧਨ, ਜੁਗਿੰਦਰ ਸਿੰਘ ਅਮਾਨੀਪੁਰ, ਬਲਬੀਰ ਸਿੰਘ ਕਾਲਰੂ, ਸੁਖਦੇਵ ਸਿੰਘ ਬੂਲਪੁਰ ਦੀ ਅਗਵਾਈ ਹੇਠ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਰਵਾਨਾ ਹੋਏ।ਇਸ ਮੌਕੇ ਆਗੂਆਂ ਨੇ



ਕਿਹਾ ਕਿ ਪੰਜਾਬ ਸਰਕਾਰ ਅਧਿਆਪਕਾਂ ਨਾਲ ਧੱਕਾ ਕਰ ਰਹੀ ਹੈ। ਅਧਿਆਪਕਾਂ ਦੀਆਂ ਹੱਕੀ ਮੰਗਾਂ ਨੂੰ ਅਣਗੌਲਿਆਂ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਆਈ ਏ ਐਸ ਅਤੇ ਪੀ ਸੀ ਐਸ ਲਾਬੀ ਨੂੰ ਡੀ ਏ ਦੀਆਂ ਦਿੱਤੀਆਂ ਜਾ ਰਹੀਆਂ ਹਨ ਜਦ ਕਿ ਕੰਮ ਕਰਨ ਵਾਲੇ ਮੁਲਾਜ਼ਮਾਂ ਨੂੰ ਵਾਂਝੇ ਰੱਖਿਆ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਅਧਿਆਪਕਾਂ ਦੀਆਂ ਗੈਰ ਵਿੱਦਿਅਕ ਡਿਊਟੀਆਂ ਲਗਾਤਾਰ ਲਾਈਆਂ ਜਾ ਰਹੀਆਂ ਹਨ।ਇਸ ਮੌਕੇ ਅਵਤਾਰ ਸਿੰਘ ਹੈਬਤਪੁਰ, ਗੁਰਪ੍ਰੀਤ ਸਿੰਘ ਮੰਗੂਪੁਰ, ਸੁਖਵਿੰਦਰ ਸਿੰਘ ਠੱਟਾ ਨਵਾਂ , ਸੁਖਨਿੰਦਰ ਸਿੰਘ ਬੂਲਪੁਰ, ਮਨਜੀਤ ਸਿੰਘ, ਗੁਰਮੇਜ਼ ਸਿੰਘ ਰੇਸ਼ਮ ਸਿੰਘ, ਮਨਜਿੰਦਰ ਸਿੰਘ, ਰਮੇਸ਼ ਕੰਬੋਜ ਲਾਧੂਕਾ ਮੰਡੀ, ਸ਼ਿੰਦਰ ਸਿੰਘ, ਅੰਮ੍ਰਿਤ ਪਾਲ ਸਿੰਘ,ਹਰਵਿੰਦਰ ਸਿੰਘ, ਕੰਵਲਪ੍ਰੀਤ ਸਿੰਘ, ਅਮਨਦੀਪ ਸਿੰਘ, ਤੇਜਿੰਦਰ ਸਿੰਘ, ਯੁਗੇਸ਼ ਸ਼ੋਰੀ ਗੁਰਮੇਜ਼ ਸਿੰਘ ਆਦਿ ਹਾਜ਼ਰ ਸਨ।

# ਸ਼੍ਰੀ ਕੀਰਤਨ ਸੇਵਾ ਸੁਸਾਇਟੀ ਵੱਲੋਂ ਵੰਡੀਆਂ ਗਈਆਂ ਰਾਸ਼ਨ ਦੀਆਂ ਕਿੱਟਾਂ

**ਲੁਧਿਆਣਾ 2 ਜੂਨ (ਕਰਨੈਲ ਸਿੰਘ ਐੱਮ.ਏ.)** ਮੁਨੱਖੀ ਸੇਵਾ ਕਾਰਜਾਂ ਨੂੰ ਸਮਰਪਿਤ ਸੰਸਥਾ ਸ਼੍ਰੀ ਕੀਰਤਨ ਸੇਵਾ ਸੁਸਾਇਟੀ (ਰਜਿ:) ਦੇ ਵੱਲੋਂ ਅੱਜ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਸਥਿਤ ਆਪਣੇ ਦਫਤਰ ਵਿਖੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਹੋਇਆਂ ਲੋੜਵੰਦ ਇਸਤਰੀਆਂ ਦੀ ਮੱਦਦ ਕਰਨਾ ਹਿੱਤ ਉਨ੍ਹਾਂ ਨੂੰ ਸੁਸਾਇਟੀ ਦੇ ਵੱਲੋਂ ਨਿਸ਼ਕਾਮ ਰੂਪ ਵਿੱਚ ਰਾਸ਼ਨ ਦੀਆਂ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਸੁਸਾਇਟੀ ਦੇ ਸਰਪ੍ਰਸਤ ਮਾਸਟਰ ਤਰਲੋਚਨ ਸਿੰਘ ਤੇ ਮੁੱਖ ਸੇਵਾਦਾਰ ਸ੍ਰ: ਪ੍ਰੇਮ ਸਿੰਘ ਨੇ ਸਾਂਝੇ ਤੌਰ ਤੇ ਕਿਹਾ ਕਿ ਗੁਰੂ ਸਹਿਬਾਨ ਵੱਲੋਂ ਬਖਸ਼ੇ ਸੇਵਾ ਸੰਕਲਪ ਤੇ ਪਹਿਰਾ ਦੇ ਕੇ ਮੁਨੱਖਤਾ ਦੀ ਸੇਵਾ ਕਰਨਾ ਸਭ ਤੋਂ ਉੱਤਮ ਸੇਵਾ ਹੈ। ਇਸੇ ਸੇਵਾ ਮਿਸ਼ਨ ਤੇ ਚੱਲਦਿਆਂ ਸਤਿਗੁਰੂ ਦੀ ਅਪਾਰ ਬਖਸ਼ਿਸ਼ ਸਦਕਾ ਸ਼੍ਰੀ ਕੀਰਤਨ ਸੇਵਾ ਸੁਸਾਇਟੀ (ਰਜਿ:) ਪਿਛਲੇ ਕਈ ਸਾਲਾਂ ਤੋਂ ਨਿਸ਼ਕਾਮ ਰੂਪ ਵਿੱਚ ਮੁਨੱਖੀ ਭਲਾਈ ਕਾਰਜਾਂ ਵਿੱਚ ਜੁੱਟੀ ਹੋਈ ਹੈ। ਜਿਸ ਦੇ ਅੰਤਰਗਤ ਸੁਸਾਇਟੀ ਵੱਲੋਂ ਜਿੱਥੇ ਲੋਕਾਂ ਨੂੰ ਫਰੀ ਮੈਡੀਕਲ ਸੇਵਾਵਾਂ ਦਿੱਤੀਆਂ ਜਾਂਦੀਆਂ ਹਨ, ਅੱਖਾਂ ਦੇ ਫਰੀ ਚੈਕਅੱਪ ਕੈਂਪ ਮਰੀਜ਼ਾਂ ਲਈ ਲਗਾਏ ਜਾਂਦੇ ਹਨ ਅਤੇ ਲੋੜਵੰਦ ਵਿਧਵਾਵਾਂ ਦੀ ਮੱਦਦ ਕਰਨ ਹਿੱਤ ਉਨ੍ਹਾਂ ਨੂੰ ਸੁਸਾਇਟੀ ਵੱਲੋਂ ਹਰ ਮਹੀਨੇ ਨਿਸ਼ਕਾਮ ਰੂਪ





ਵਿੱਚ ਰਾਸ਼ਨ ਵੀ ਵੰਡਿਆ ਜਾਂਦਾ ਹੈ। ਇਸ ਤੋਂ ਇਲਾਵਾ ਸੁਸਾਇਟੀ ਵੱਲੋਂ ਲੁਧਿਆਣਾ ਸ਼ਹਿਰ ਵਿਖੇ ਲੜਕੀਆਂ ਨੂੰ ਸਿਲਾਈ ਕਢਾਈ ਦੀ ਸਿਖਲਾਈ ਦੇਣ ਲਈ ਦੋ ਸਿਲਾਈ ਸੈਂਟਰ ਵੀ ਚਲਾਏ ਜਾ ਰਹੇ ਹਨ। ਇਸ ਮੌਕੇ ਸੁਸਾਇਟੀ ਦੀ ਰਾਸ਼ਨ ਵੰਡ ਇੰਚਾਰਜ ਬੀਬੀ ਬਲਦੇਵ ਕੌਰ ਤੇ ਸ੍ਰ: ਸੁਰਿੰਦਰ ਸਿੰਘ ਨੇ ਦੱਸਿਆ ਕਿ ਲੋੜਵੰਦ ਵਿਧਵਾਵਾਂ ਦੀ ਮੱਦਦ ਕਰਨ ਦੇ ਮਨੋਰਥ ਨਾਲ ਪਿਛਲੇ ਲੰਬੇ ਸਮੇਂ ਤੋਂ ਚੱਲ ਰਹੀ ਸੇਵਾ ਨੂੰ ਨਿਰੰਤਰ ਜਾਰੀ ਰੱਖਣ ਲਈ ਸੁਸਾਇਟੀ ਦੇ ਸਮੂਹ ਮੈਬਰਾਂ ਵੱਲੋਂ ਆਪਣਾ ਬਣਦਾ ਯੋਗਦਾਨ ਸੇਵਾ ਕਾਰਜਾਂ ਵਿੱਚ ਪਾਇਆ ਜਾ ਰਿਹਾ ਹੈ। ਅੱਜ ਅਸੀਂ 35 ਦੇ ਕਰੀਬ ਲੋੜਵੰਦ ਵਿਧਵਾਵਾਂ ਦੀ ਮੱਦਦ ਕਰਦਿਆਂ ਉਨ੍ਹਾਂ ਨੂੰ ਨਿਸ਼ਕਾਮ ਰੂਪ ਵਿੱਚ ਰਾਸ਼ਨ ਦੀਆਂ ਕਿੱਟਾਂ ਤਕਸੀਮ ਕੀਤੀਆਂ ਹਨ। ਇਸ ਸਮੇਂ ਸੁਸਾਇਟੀ ਦੇ ਸਰਪ੍ਰਸਤ ਮਾਸਟਰ ਤਰਲੋਚਨ ਸਿੰਘ, ਸ੍ਰ: ਪ੍ਰੇਮ ਸਿੰਘ ਮੁੱਖ ਸੇਵਾਦਾਰ, ਮਨਪ੍ਰੀਤ ਸਿੰਘ, ਰਮਨਜੋਤ ਸਿੰਘ ਸੋਨੂੰ, ਰਮਨਦੀਪ ਸਿੰਘ, ਪਵਨਪ੍ਰੀਤ ਸਿੰਘ, ਗੁਰਿੰਦਰ ਸਿੰਘ ਦੀਪ, ਮਨਿੰਦਰ ਸਿੰਘ ਆਦਿ ਹਾਜ਼ਰ ਸਨ ।

# ਪੰਜਾਬ ਸਰਕਾਰ ਨੇ ਹਜਾਰਾਂ ਮੁਲਾਜ਼ਮਾਂ ਦੇ ਹੱਕ ‘ਚ ਲਿਆ ਇਤਿਹਾਸਕ ਫੈਸਲਾ : ਡਾ. ਰਾਜ ਕੁਮਾਰ ਚੱਬੇਵਾਲ

## 51 ਵਿਭਾਗਾਂ ‘ਚ ਕੰਮ ਕਰ ਰਹੇ 65 ਹਜ਼ਾਰ ਤੋਂ ਵੱਧ ਕਰਮਚਾਰੀ ਇਸ ਫ਼ੈਸਲੇ ਦੇ ਦਾਇਰੇ ‘ਚ ਆਉਣਗੇ

**ਮਾਹਿਲਪੁਰ (ਸਤਨਾਮ ਸਿੰਘ ਸਹੂੰਗੜਾ)** ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਅੱਜ ਕਿਹਾ ਕਿ ਪੰਜਾਬ ਮੰਤਰੀ ਮੰਡਲ ਵੱਲੋਂ ਸੂਬੇ ਦੇ 65 ਹਜ਼ਾਰ ਤੋਂ ਵੱਧ ਆਊਟਸੋਰਸ, ਠੇਕਾ, ਡੇਲੀ ਵੇਜ ਅਤੇ ਹੋਰ ਅਸਥਾਈ ਕਰਮਚਾਰੀਆਂ ਦੀ ਭਲਾਈ ਲਈ ਇਤਿਹਾਸਿਕ ਫ਼ੈਸਲਾ ਲਿਆ ਹੈ ਜੋ ਇਨ੍ਹਾਂ ਕਰਮਚਾਰੀਆਂ ਦੇ ਸੁਨਹਿਰੇ ਭਵਿੱਖ ਲਈ ਮੀਲ ਪੱਥਰ ਸਾਬਤ ਹੋਵੇਗਾ। ਪੰਜਾਬ ਸਰਕਾਰ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਲੰਮੇ ਸਮੇਂ ਤੋਂ ਠੇਕੇਦਾਰੀ ਸਿਸਟਮ ਹੇਠ ਕੰਮ ਕਰ ਰਹੇ ਕਰਮਚਾਰੀਆਂ ਨੂੰ ਹੁਣ ਸਿੱਧੇ ਸਰਕਾਰੀ ਪ੍ਰਬੰਧ ਹੇਠ ਲਿਆਉਣ ਅਤੇ ਉਨ੍ਹਾਂ ਨੂੰ ਰੈਗੂਲਰ ਨੌਕਰੀਆਂ ਵੱਲ ਰਾਹ ਪ੍ਰਦਾਨ ਕਰਨ ਦੀ ਵੱਡੀ ਪਹਿਲਕਦਮੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਮੇਸ਼ਾ ਹੀ ਮੁਲਾਜ਼ਮਾਂ ਦੇ ਹਿੱਤਾਂ ਨੂੰ ਪਹਿਲ ਦਿੱਤੀ ਹੈ ਜਿਸ ਲੜੀ ਵਿੱਚ ਇਹ ਹਜ਼ਾਰਾਂ ਮੁਲਾਜ਼ਮਾਂ ਦੇ ਭਵਿੱਖ ਨੂੰ ਸੁਰੱਖਿਅਤ ਅਤੇ ਮਜ਼ਬੂਤ ਕਰਨ ਵੱਲ ਕਦਮ ਹੈ। ਉਨ੍ਹਾਂ ਕਿਹਾ ਕਿ ਕੈਬਨਿਟ ਵੱਲੋਂ ਮੁਲਾਜ਼ਮਾਂ ਪੱਖੀ ਨਵੇਂ ਕਾਨੂੰਨਾਂ ਨੂੰ ਝੰਡੀ ਨਾਲ ਸਰਕਾਰ ਅਤੇ ਕਰਮਚਾਰੀਆਂ ਵਿਚਕਾਰ ਸਿੱਧਾ ਰਾਬਤਾ ਹੋਵੇਗਾ ਅਤੇ ਠੇਕੇਦਾਰਾਂ ਦੀ ਭੂਮਿਕਾ ਖਤਮ ਹੋ ਜਾਵੇਗੀ ਜਿਸ ਨਾਲ ਆਊਟਸੋਰਸ, ਠੇਕਾ, ਡੇਲੀ ਵੇਜ ਅਤੇ ਹੋਰ ਅਸਥਾਈ ਕਰਮਚਾਰੀਆਂ ਨੂੰ ਰੋਜ਼ਗਾਰ



ਸੁਰੱਖਿਆ, ਮਾਣ-ਸਨਮਾਨ ਅਤੇ ਭਵਿੱਖ ਦੀ ਯਕੀਨੀਤਾ ਮਿਲੇਗੀ। ਲੋਕ ਸਭਾ ਮੈਂਬਰ ਡਾ. ਚੱਬੇਵਾਲ ਨੇ ਕਿਹਾ ਕਿ ਪੰਜਾਬ ਦੇ 51 ਵਿਭਾਗਾਂ ਵਿੱਚ ਕੰਮ ਕਰ ਰਹੇ 65,048 ਕਰਮਚਾਰੀ ਇਸ ਨੀਤੀ ਦੇ ਦਾਇਰੇ ਵਿੱਚ ਆਉਣਗੇ, ਜਦਕਿ 26 ਹਜ਼ਾਰ ਤੋਂ ਵੱਧ ਕਰਮਚਾਰੀ ਪਹਿਲੇ ਪੜਾਅ ਵਿੱਚ ਇਸ ਦਾ ਸਿੱਧਾ ਲਾਭ ਪ੍ਰਾਪਤ ਕਰਨਗੇ। ਜ਼ਿਕਰਯੋਗ ਹੈ ਕਿ ਬਿਜਲੀ, ਸਥਾਨਕ ਸਰਕਾਰਾਂ, ਸਿੱਖਿਆ, ਟਰਾਂਸਪੋਰਟ, ਸਿਹਤ, ਜਲ ਸਪਲਾਈ, ਖੇਤੀਬਾੜੀ ਅਤੇ ਹੋਰ ਅਹਿਮ ਵਿਭਾਗਾਂ ਵਿੱਚ ਸੇਵਾਵਾਂ ਨਿਭਾ ਰਹੇ ਕਰਮਚਾਰੀਆਂ ਲਈ ਇਹ ਫੈਸਲਾ ਨਵੀਂ ਉਮੀਦ ਲੈ ਕੇ ਆਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਖਤਰਨਾਕ ਹਾਲਾਤਾਂ ਵਿੱਚ ਕੰਮ ਕਰਨ ਵਾਲੇ ਫਾਇਰ ਕਰਮਚਾਰੀਆਂ, ਲਾਈਨਮੈਨਾਂ, ਸੀਵਰ ਕਰਮਚਾਰੀਆਂ ਅਤੇ ਸਫਾਈ ਸੇਵਕਾਂ ਲਈ ਵਿਸ਼ੇਸ਼ ਪ੍ਰਬੰਧ ਕਰਦਿਆਂ ਤਿੰਨ ਸਾਲ ਦੀ ਸੇਵਾ ਉਪਰੰਤ ਯੋਗਤਾ ਦੇਣ ਦਾ ਫੈਸਲਾ ਉਨ੍ਹਾਂ ਦੇ ਯੋਗਦਾਨ ਦਾ ਸਨਮਾਨ ਹੈ ਜੋ ਇਨ੍ਹਾਂ ਵਰਗਾਂ ਨੂੰ ਵੱਡੀ ਰਾਹਤ ਦੇਵੇਗੀ। ਉਨ੍ਹਾਂ ਨੇ ਕੈਬਨਿਟ ਵੱਲੋਂ ਡੀ.ਏ., ਪੈਨਸ਼ਨ ਅਤੇ ਤਨਖਾਹਾਂ ਦੇ ਬਕਾਏ ਸਬੰਧੀ ਮੰਤਰੀ ਮੰਡਲ ਦੀ ਸਬ-ਕਮੇਟੀ ਦੇ ਪੁਨਰਗਠਨ ਨੂੰ ਵੀ ਮੁਲਾਜ਼ਮ ਪੱਖੀ ਕਦਮ ਦੱਸਿਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਕਰਮਚਾਰੀਆਂ ਦੀਆਂ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਮੰਗਾਂ ਦੇ ਹੱਲ ਲਈ ਪੂਰੀ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ । ਉਨ੍ਹਾਂ ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਤੇਜ਼ ਸੁਣਵਾਈ ਲਈ ਸੂਬੇ ਵਿੱਚ 7 ਵਿਸ਼ੇਸ਼ ਅਦਾਲਤਾਂ ਸਥਾਪਤ ਕਰਨ ਦੇ ਫੈਸਲੇ ਦੀ ਵੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਨਾਲ ਭ੍ਰਿਸ਼ਟਾਚਾਰ ਵਿਰੁੱਧ ਲੜਾਈ ਨੂੰ ਹੋਰ ਬਲ ਮਿਲੇਗਾ ਅਤੇ ਦੋਸ਼ੀਆਂ ਨੂੰ ਜਲਦੀ ਸਜ਼ਾ ਮਿਲ ਸਕੇਗੀ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ ਅਤੇ ਇਹ ਫੈਸਲੇ ਪੰਜਾਬ ਵਿੱਚ ਸੁਸ਼ਾਸਨ, ਪਾਰਦਰਸ਼ਤਾ ਅਤੇ ਕਰਮਚਾਰੀ ਭਲਾਈ ਦੇ ਨਵੇਂ ਅਧਿਆਇ ਦੀ ਸ਼ੁਰੂਆਤ ਕਰਨਗੇ। ਇਸੇ ਤਰ੍ਹਾਂ ‘ਪੰਜਾਬ ਰਾਜ ਆਊਟਸੋਰਸਡ ਪਰਸੋਨਲ (ਟਰਾਂਜਿਸ਼ਨ ਟੂ ਕੰਟਰੈਕਟੂਅਲ ਇੰਗੇਜਮੈਂਟ) ਬਿੱਲ, 2026’ ਤਹਿਤ ਆਊਟਸੋਰਸਡ ਗਰੁੱਪ-ਸੀ ਅਤੇ ਗਰੁੱਪ-ਡੀ ਦੇ ਕਰਮਚਾਰੀਆਂ ਜਿਨ੍ਹਾਂ ਨੇ ਪੰਜ ਸਾਲ ਦੀ ਨਿਰੰਤਰ ਸੇਵਾ ਪੂਰੀ ਕਰ ਲਈ ਹੈ, ਨੂੰ ਸਿੱਧੇ ਸਰਕਾਰੀ ਠੇਕੇ 'ਤੇ ਰੋਜ਼ਗਾਰ ਅਧੀਨ ਲਿਆ ਜਾਵੇਗਾ। ਜ਼ੋਖ਼ਮ ਵਾਲੀਆਂ ਸ਼੍ਰੇਣੀਆਂ 'ਚ ਕੰਮ ਕਰਨ ਵਾਲੇ ਕਰਮਚਾਰੀ ਤਿੰਨ ਸਾਲ ਦੀ ਸੇਵਾ ਪੂਰੀ ਕਰਨ ਤੋਂ ਬਾਅਦ ਯੋਗ ਹੋ ਜਾਣਗੇ।

# ਐਡਵੋਕੇਟ ਸੰਜੀਵ ਚੌਧਰੀ ਚੇਚੀ ਨੇ ਸਿਹਤ ਮੰਤਰੀ ਨਾਲ ਮੁਲਾਕਾਤ ਕਰ ਬਲਾਚੌਰ ਅਤੇ ਕਾਠਗੜ੍ਹ ਦੇ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਦੀਆਂ ਖਾਲੀ ਅਸਾਮੀਆਂ ਭਰਨ ਅਤੇ ਮੈਡੀਕਲ ਸਹੂਲਤਾਂ ਦੇਣ ਦੀ ਮੰਗ

**ਨਵਾਂਸ਼ਹਿਰ, 2 ਜੂਨ (ਜਤਿੰਦਰਪਾਲ ਸਿੰਘ ਕਲੇਰ)** : ਆਮ ਆਦਮੀ ਪਾਰਟੀ ਯੂਥ ਵਿੰਗ ਪੰਜਾਬ ਦੇ ਜਨਰਲ ਸਕੱਤਰ ਅਤੇ ਪੰਜਾਬ ਯੁਵਕ ਸੇਵਾਵਾਂ ਬੋਰਡ ਦੇ ਡਾਇਰੈਕਟਰ ਐਡਵੋਕੇਟ ਸੰਜੀਵ ਚੌਧਰੀ (ਚੇਚੀ) ਵੱਲੋਂ ਇਲਾਕੇ ਦੇ ਲੋਕਾਂ ਦੀਆਂ ਸਿਹਤ ਸਹੂਲਤਾਂ ਨੂੰ ਮੁੱਖ ਰੱਖਦਿਆਂ ਇੱਕ ਅਹਿਮ ਕਦਮ ਚੁੱਕਿਆ ਗਿਆ ਹੈ। ਐਡਵੋਕੇਟ ਚੇਚੀ ਨੇ ਪੰਜਾਬ ਦੇ ਸਿਹਤ ਮੰਤਰੀ ਨਾਲ ਮੁਲਾਕਾਤ ਕਰ ਹਲਕਾ ਬਲਾਚੌਰ ਦੇ ਸਰਕਾਰੀ ਹਸਪਤਾਲਾਂ ਦੀ ਤਰਸਯੋਗ ਹਾਲਤ ਵੱਲ ਧਿਆਨ ਦਿਵਾਉਂਦਿਆਂ ਇੱਥੇ ਡਾਕਟਰਾਂ ਅਤੇ ਆਧੁਨਿਕ ਮੈਡੀਕਲ ਸਹੂਲਤਾਂ ਦੀ ਘਾਟ ਨੂੰ ਤੁਰੰਤ ਪੂਰਾ ਕਰਨ ਦੀ ਮੰਗ ਕੀਤੀ ਹੈ। ਸਿਹਤ ਮੰਤਰੀ ਨੂੰ ਐਡਵੋਕੇਟ ਸੰਜੀਵ ਚੇਚੀ ਨੇ ਦੱਸਿਆ ਕਿ ਹਲਕਾ ਬਲਾਚੌਰ ਦੇ ਸਰਕਾਰੀ ਹਸਪਤਾਲ, ਖਾਸ ਕਰਕੇ ਬਲਾਚੌਰ ਹਸਪਤਾਲ ਅਤੇ ਕਾਠਗੜ੍ਹ ਸਰਕਾਰੀ ਹਸਪਤਾਲ ਵਿੱਚ ਡਾਕਟਰਾਂ ਅਤੇ ਸਟਾਫ਼ ਦੀ ਭਾਰੀ ਘਾਟ ਚੱਲ ਰਹੀ ਹੈ। ਇਸ ਕਾਰਨ ਆਮ ਜਨਤਾ, ਗਰੀਬ ਅਤੇ ਮਜ਼ਦੂਰ ਵਰਗ ਨੂੰ ਇਲਾਜ ਕਰਵਾਉਣ ਵਿੱਚ ਬਹੁਤ ਵੱਡੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਲੋਕ ਮਾਨਸਿਕ ਤੇ ਆਰਥਿਕ ਤੌਰ 'ਤੇ ਪ੍ਰੇਸ਼ਾਨ ਹੋ ਰਹੇ ਹਨ। ਉਨ੍ਹਾਂ ਜ਼ੋਰਦਾਰ ਮੰਗ



ਕੀਤੀ ਕਿ ਬਲਾਚੌਰ ਅਤੇ ਕਾਠਗੜ੍ਹ ਦੇ ਹਸਪਤਾਲਾਂ ਲਈ ਮਾਹਿਰ ਡਾਕਟਰਾਂ ਦੀ ਤੁਰੰਤ ਨਿਯੁਕਤੀ ਕੀਤੀ ਜਾਵੇ, ਜਿਸ ਵਿੱਚ ਮੁੱਖ ਤੌਰ 'ਤੇ ਜਨਰਲ ਸਰਜਨ, ਆਰਥੋ ਡਾਕਟਰ, ਬੱਚਿਆਂ ਦੇ ਮਾਹਿਰ ਡਾਕਟਰ, ਇਸਤਰੀ ਰੋਗਾਂ ਦੇ ਮਾਹਿਰ ਅਤੇ ਐਮ.ਡੀ. ਮੈਡੀਸਨ ਆਦਿ ਡਾਕਟਰ ਸ਼ਾਮਲ ਹਨ। ਇਸ ਦੇ ਨਾਲ ਹੀ ਉਨ੍ਹਾਂ ਹਸਪਤਾਲ ਵਿੱਚ ਐਮ.ਆਰ.ਆਈ. ਮਸ਼ੀਨ ਦੀ ਸਹੂਲਤ ਦੇਣ ਅਤੇ ਅਲਟਰਾਸਾਊਂਡ ਤੇ ਐਕਸ-ਰੇ ਦੇ ਮਾਹਿਰ ਡਾਕਟਰਾਂ ਦਾ ਪ੍ਰਬੰਧ ਕਰਨ ਦੀ ਵੀ ਪੁਰਜ਼ੋਰ ਵਕਾਲਤ ਕੀਤੀ। ਐਡਵੋਕੇਟ ਚੇਚੀ ਨੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਕਾਠਗੜ੍ਹ ਇਲਾਕੇ ਦੇ ਸਰਕਾਰੀ ਹਸਪਤਾਲ ਵਿੱਚ ਰਾਤ ਦੇ ਸਮੇਂ ਸਟਾਫ਼ ਅਤੇ ਡਾਕਟਰਾਂ ਦੀ ਬਹੁਤ ਜ਼ਿਆਦਾ ਘਾਟ ਹੁੰਦੀ ਹੈ, ਜਿਸ ਕਾਰਨ ਇਹ ਹਸਪਤਾਲ ਬੰਦ ਹੋਣ ਦੀ ਕਗਾਰ 'ਤੇ ਪਹੁੰਚ ਚੁੱਕਾ ਹੈ ਅਤੇ ਰਾਤ ਵੇਲੇ ਕੋਈ ਐਮਰਜੈਂਸੀ ਆਉਣ 'ਤੇ ਇਲਾਕਾ ਨਿਵਾਸੀਆਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਸਿਹਤ ਮੰਤਰੀ ਨੂੰ ਅਪੀਲ ਕੀਤੀ ਕਿ ਹਲਕਾ ਬਲਾਚੌਰ ਦੇ ਪੱਛੜੇ ਇਲਾਕੇ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਇਨ੍ਹਾਂ ਮੰਗਾਂ ਵੱਲ ਤੁਰੰਤ ਧਿਆਨ ਦਿੱਤਾ ਜਾਵੇ ਤਾਂ ਜੋ ਲੋਕਾਂ ਨੂੰ ਇਲਾਜ ਲਈ ਦੂਰ-ਦੁਰਾਡੇ ਦੇ ਸ਼ਹਿਰਾਂ ਜਾਂ ਨਿੱਜੀ ਹਸਪਤਾਲਾਂ ਵਿੱਚ ਨਾ ਭਟਕਣਾ ਪਵੇ।

# ਗੁਰਮਤਿ ਵਿਚਾਰਧਾਰਾ ਦੀ ਰੌਸ਼ਨੀ ਵਿੱਚ ਕੁਦਰਤ ਦੀ ਸੰਭਾਲ

**ਲੁਧਿਆਣਾ 2 ਜੂਨ (ਕਰਨੈਲ ਸਿੰਘ ਐੱਮ.ਏ.)**-ਭਗਤ ਪੂਰਨ ਸਿੰਘ ਬਾਨੀ ਪਿੰਗਲਵਾੜਾ ਸੰਸਥਾ ਦੇ 122ਵੇਂ ਜਨਮ-ਦਿਨ ਨੂੰ ਸਮਰਪਿਤ ਤਿੰਨ ਰੋਜ਼ਾ ਪ੍ਰੋਗਰਾਮਾਂ ਦੀ ਸ਼ੁਰੂਆਤ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ(ਰਜਿ:) ਅੰਮ੍ਰਿਤਸਰ
ਦੇ ਵਿਹੜੇ ਵਿੱਚ ਹੋਈ ਪ੍ਰੋਗਰਾਮ ਦੀ ਆਰੰਭਤਾ ਗੁਰਬਾਣੀ ਦੇ ਰਸ-ਭਿੰਨੇ ਸ਼ਬਦ ਬਲਹਾਰੀ ਕੁਦਰਤਿ ਵਸਿਆ ਨਾਲ ਹੋਈ। ਪਹਿਲੇ ਦਿਨ ਦੇ ਪ੍ਰੋਗਰਾਮ ਵਿੱਚ ਵਾਤਾਵਰਨ ਪ੍ਰਤੀ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ "ਗੁਰਮਤਿ ਵਿਚਾਰਧਾਰਾ ਦੀ ਰੌਸ਼ਨੀ ਵਿੱਚ ਕੁਦਰਤ ਦੀ ਸੰਭਾਲ" ਵਿਸ਼ੇ ਤੇ ਸੈਮੀਨਾਰ ਕੀਤਾ ਗਿਆ। ਇਸ ਮੌਕੇ ਪਿੰਗਲਵਾੜਾ ਸੰਸਥਾ ਦੇ ਮੁੱਖ ਸੇਵਾਦਾਰ ਡਾ: ਇੰਦਰਜੀਤ ਕੌਰ ਨੇ ਆਏ ਵਿਦਵਾਨਾਂ ਅਤੇ ਸਰੋਤਿਆਂ ਨੂੰ ਜੀ ਆਇਆਂ ਆਖਿਆ। ਉਹਨਾਂ ਕਿਹਾ ਕਿ ਭਗਤ ਪੂਰਨ ਸਿੰਘ ਇੱਕ
ਐਸੀ ਮਹਾਨ ਸਖ਼ਸ਼ੀਅਤ ਸਨ, ਜਿਹੜੇ ਪੂਰੀ ਦੁਨੀਆਂ ਤੇ ਉਹਨਾਂ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ ਚਿੰਤਤ ਸਨ। ਉਹਨਾਂ ਕਿਹਾ ਕਿ ਭਗਤ ਪੂਰਨ ਸਿੰਘ ਜੀ ਨੇ 100 ਸਾਲ ਪਹਿਲਾਂ ਹੀ ਦੁਨੀਆਂ ਨੂੰ ਖਰਾਬ ਹੋਣ ਵਾਲੇ ਵਾਤਾਵਰਨ ਪ੍ਰਤੀ ਜਾਗਰੂਕ ਕਰਨਾ ਸ਼ੁਰੂ ਕਰ ਦਿੱਤਾ ਸੀ। ਇਸ ਸੈਮੀਨਾਰ ਵਿੱਚ ਸਭ ਤੋਂ ਪਹਿਲਾਂ ਆਪਣੇ ਵਿਚਾਰਾਂ ਦੀ ਸਾਂਝ ਉੱਘੇ ਵਿਦ-ਵਾਨ ਤੇ ਡੀਨ ਖਾਲਸਾ ਕਾਲਜ ਡਾ: ਇੰਦਰਜੀਤ ਸਿੰਘ ਗੋਗੋਆਣੀ ਨੇ ਸਰੋਤਿਆਂ ਨਾਲ ਪਾਈ। ਉਹਨਾਂ ਕਿਹਾ ਕਿ ਭਗਤ ਪੂਰਨ ਸਿੰਘ ਦੁਨੀਆਂ ਅਤੇ ਵਾਤਾਵਰਨ ਦੇ ਸੱਚੇ ਪਹਿਰੇਦਾਰ ਸਨ, ਉਹਨਾਂ ਕਿਹਾ ਕਿ ਅੱਜ ਉਹਨਾਂ ਦੇ 122ਵੇਂ ਜਨਮ ਦਿਨ ਮੌਕੇ ਵਾਤਾਵਰਨ ਦੀ ਸਾਂਭ-ਸੰਭਾਲ ਕਰਨੀ ਹੈ ਉਹਨਾਂ ਪ੍ਰਤੀ ਸੱਚੀ-ਸੁੱਚੀ ਸ਼ਰਧਾਂਜਲੀ ਹੈ, ਉਹਨਾਂ ਕਿਹਾ ਕਿ ਗੰਦਲੇ ਹੋ ਰਹੇ ਵਾਤਾਵਰਨ ਕਾਰਨ, ਮਨੁੱਖਾਂ ਦੀ ਹੋਂਦ ਤੇ ਜੀਵ-ਜੰਤੂਆਂ ਦੀ ਹੋਂਦ ਖਤਰੇ ਵਿੱਚ ਪੈ ਰਹੀ ਹੈ, ਲੋੜ ਹੈ ਮਨੁੱਖ ਨੂੰ ਜਾਗਰੂਕ ਹੋਣ ਦੀ। ਉਹਨਾਂ ਕਿਹਾ ਕਿ ਵਾਤਾਵਰਨ ਦੀ ਸਾਂਭ-ਸੰਭਾਲ ਵਾਸਤੇ ਗੁਰਬਾਣੀ ਵਿੱਚ ਵੀ ਬੜਾ ਜ਼ੋਰ ਦਿੱਤਾ ਗਿਆ ਹੈ। ਇਸ ਉਪਰੰਤ ਤਖਤ ਸ਼੍ਰੀ ਦਮਦਮਾ ਸਾਹਿਬ ਜੀ ਦੇ ਸਾਬਕਾ ਜਥੇਦਾਰ ਗਿਆਨੀ ਕੇਵਲ ਸਿੰਘ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਭਗਤ ਪੂਰਨ ਸਿੰਘ ਜੀ ਨੇ 1927 ਈਸਵੀਂ ਤੋਂ ਲੋਕਾਂ ਨੂੰ
ਵਾਤਾਵਰਨ ਦੀ ਸੰਭਾਲ ਪ੍ਰਤੀ ਜਾਗਰੂਕ ਕਰਨਾ ਸ਼ੁਰੂ ਕਰ ਦਿੱਤਾ ਸੀ, ਉਹਨਾਂ ਵੱਲੋਂ ਪ੍ਰਗਟਾਈ ਗਏ
ਉਸ ਵੇਲੇ ਦੀ ਫ਼ਿਕਰ ਅੱਜ ਸੱਚ ਸਾਬਤ ਹੋ ਰਹੀ ਹੈ, ਉਹਨਾਂ ਕਿਹਾ ਕਿ ਭਗਤ ਪੂਰਨ ਸਿੰਘ ਜੀ ਆਪਣੇ ਨਾਂ ਅਨੁਸਾਰ ਸਹੀ ਸ਼ਬਦਾਂ ਵਿੱਚ ਭਗਤ ਪੂਰਨ ਸਨ, ਉਹਨਾਂ ਆਪਣੀ ਜ਼ਿੰਦਗੀ ਨੂੰ ਗੁਰਬਾਣੀ ਅਨੁਸਾਰ ਜੀਵਿਆ। ਅੱਜ ਲੋੜ ਹੈ ਦੁਨੀਆਂ ਨੂੰ ਭਗਤ ਪੂਰਨ ਸਿੰਘ ਜੀ ਦੀਆਂ ਸਿੱਖਿਆਵਾਂ ਤੇ ਚੱਲਣ ਦੀ। ਉਹਨਾਂ
ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਪਲੀਤ ਹੋ ਰਹੇ ਪਾਣੀ ਕਾਰਨ ਸਾਨੂੰ ਬੰਦ ਬੋਤਲਾਂ ਦਾ ਪਾਣੀ ਪੀਣਾ
ਪੈ ਰਿਹਾ ਹੈ। ਇਸ ਮੌਕੇ ਵਾਤਾਵਰਨ ਤੇ ਕੰਮ ਕਰਨ ਵਾਲੇ



ਬਾਬਾ ਸੇਵਾ ਸਿੰਘ ਜੀ ਖਡੂਰ ਸਾਹਿਬ ਵਾਲਿਆਂ ਨੇ ਨੁਮਾਇੰਦੇ ਵਜੋਂ ਪੁੱਜੇ ਸੂਬੇਦਾਰ ਬਾਬਾ ਬਲਬੀਰ ਸਿੰਘ ਜੀ ਨੇ ਆਪਣੇ ਵਿਚਾਰਾਂ ਵਿੱਚ ਕਿਹਾ ਕਿ ਅਜੋਕੇ ਸਮੇਂ ਵਿੱਚ ਮਨੁੱਖ ਆਪਣੇ ਐਸ਼ੋ-ਅਰਾਮ ਲਈ ਆਪ ਹੀ ਵਾਤਾਵਰਨ ਨੂੰ ਪਲੀਤ ਕਰਕੇ ਆਪਣੇ ਜੀਵਨ ਨੂੰ ਕਈ ਖਤਰਿਆਂ ਵਿੱਚ ਪਾ ਰਿਹਾ ਹੈ। ਜੇਕਰ ਮਨੁੱਖ ਪਵਣ, ਪਾਣੀ ਅਤੇ ਧਰਤੀ ਵਰਗੇ ਕੁਦਰਤੀ ਸੋਮਿਆਂ ਨੂੰ ਬਰਬਾਦ ਕਰੇਗਾ ਤਾਂ ਉਸਦਾ ਜੀਵਨ ਬੜਾ ਮੁਸ਼ਕਿਲ ਹੋ ਜਾਵੇਗਾ। ਉਹਨਾਂ
ਕਿਹਾ ਕਿ ਇੱਕ ਮਨੁੱਖ ਆਪਣੇ ਜੀਵਨ ਵਿੱਚ ਘੱਟੋ-ਘੱਟ 20 ਬੂਟੇ ਲਗਾਏ। ਇਸ ਮੌਕੇ ਡਾ: ਸਰਬਜੀਤ ਸਿੰਘ ਛੀਨਾ, ਉੱਘੇ ਖੇਤੀ ਆਰਥਿਕ ਮਾਮਲਿਆਂ ਤੇ ਕਲਮ ਨਵੀਸ਼ ਨੇ ਕਿਹਾ ਕਿ ਸਰਕਾਰਾਂ ਅਤੇ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਨੂੰ ਭਾਵੇਂ ਵਾਤਾਵਰਨ ਦਾ ਵਿਸ਼ਾ ਪੜ੍ਹਾ ਕੇ ਡਿਗਰੀਆਂ ਦਿੱਤੀਆਂ ਜਾ ਰਹੀਆਂ ਹਨ, ਪਰੰਤੂ ਅਫਸੋਸ ਕਿ ਵਾਤਾਵਰਨ ਤੇ ਪ੍ਰੈਕਟੀਕਲ ਉਹਨਾਂ ਕੰਮ ਨਹੀਂ ਹੋ ਰਿਹਾ। ਉਹਨਾਂ ਕਿਹਾ ਕਿ ਸਰਕਾਰਾਂ ਤੇ ਲੋਕ ਵਾਤਾਵਰਨ ਦੀ ਹੋ ਰਹੀ ਖਰਾਬ ਹਾਲਤ ਦੀ ਚਿੰਤਾ ਕਰਨ। ਇਸ ਸੈਮੀਨਾਰ ਵਿੱਚ ਪ੍ਰਿੰਸੀਪਲ ਕੁਲਵੰਤ ਸਿੰਘ ਜੀ ਨੇ ਕਿਹਾ ਕਿ ਮਨੁੱਖੀ ਜੀਵਨ ਦੀ ਕਲਪਨਾ ਰੁੱਖਾਂ ਬਿਨਾਂ ਨਹੀਂ ਕੀਤੀ ਜਾ ਸਕਦੀ। ਇਸ ਲਈ ਸਾਨੂੰ ਸਭ ਨੂੰ ਰੁੱਖ ਲਗਾਉਣੇ ਚਾਹੀਦੇ ਹਨ। ਉਹਨਾਂ ਬਾਜ਼ਾਰਾਂ ਵਿੱਚ ਮਿਲ ਰਹੇ ਜ਼ਹਿਰੀ ਫਲਾਂ, ਸਬਜ਼ੀਆਂ ਨੂੰ ਛੱਡ ਕੇ ਆਪਣੀਆਂ ਛੱਤਾਂ, ਘਰਾਂ ਤੇ ਫ਼ਲ- ਸਬਜ਼ੀਆਂ ਬੀਜਣ ਦੀ ਸਲਾਹ ਦਿੱਤੀ। ਉਹਨਾਂ ਕਿਹਾ ਕਿ ਨਰੋਆ ਜੀਵਨ ਜਿਊਣ ਲਈ ਨਰੋਈ ਖ਼ੁਰਾਕ ਜ਼ਰੂਰੀ ਹੈ। ਰੁੱਖ ਮਨੁੱਖ ਦੇ ਸਭ ਤੋਂ ਵੱਡੇ ਮਿੱਤਰ ਹਨ। ਅਖੀਰ ਵਿੱਚ ਇਸ ਸੈਮੀਨਾਰ ਦੀ ਪ੍ਰਧਾਨਗੀ ਕਰ ਰਹੇ ਡਾ: ਕੁੰਵਰ ਵਿਜੈ ਪ੍ਰਤਾਪ ਸਿੰਘ ਐੱਮ.ਐੱਲ.ਏ ਅੰਮ੍ਰਿਤਸਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ
ਭਗਤ ਪੂਰਨ ਸਿੰਘ ਜੀ ਵਾਂਗ ਡਾ: ਇੰਦਰਜੀਤ ਕੌਰ, ਮੁੱਖ ਸੇਵਾਦਾਰ ਕੁਦਰਤੀ ਸੋਮਿਆਂ ਦੀ ਖਰਾਬੀ
ਨੂੰ ਲੈ ਕੇ ਅਤੇ ਬਚਾਉਣ ਲਈ ਬਹੁਤ ਚਿੰਤਤ ਹਨ। ਇਸ ਕਾਰਨ ਸਮੇਂ-ਸਮੇਂ ਤੇ ਸਮਾਜ ਨੂੰ ਜਾਗਰੂਕ ਕਰਨ ਲਈ ਡਾ: ਇੰਦਰਜੀਤ ਕੌਰ ਕਈ ਰੈਲੀਆਂ, ਸੈਮੀਨਾਰ ਕਰਵਾਉਂਦੇ ਰਹਿੰਦੇ ਹਨ, ਉਹਨਾਂ ਕਿਹਾ ਕਿ ਭਗਤ ਪੂਰਨ ਸਿੰਘ ਨੇ ਪ੍ਰੈਕਟੀਕਲ ਜੀਵਨ ਜੀ ਕੇ ਮਨੁੱਖਤਾ ਨੂੰ ਨਵੀਂ ਸੇਧ ਦਿੱਤੀ। ਆਧੁਨਿਕ ਸ਼ਹਿਰੀਕਰਨ ਦੀ ਭੇਂਟ ਵਾਤਾਵਰਨ ਚੜ੍ਹ ਰਿਹਾ ਹੈ, ਜੋ ਕਿ ਚਿੰਤਾ ਦਾ ਵਿਸ਼ਾ ਹੈ, ਪਾਣੀ, ਹਵਾ ਆਦਿ ਕੁਦਰਤ ਦੀਆਂ ਅਨਮੋਲ ਦਾਤਾਂ ਹਨ, ਜਿਸ ਦੀ ਸੰਭਾਲ ਅਤੀ ਜ਼ਰੂਰੀ ਹੈ, ਆਉਂਦੇ ਸਮੇਂ ਵਿੱਚ ਜ਼ਮੀਨੀ ਪਾਣੀ ਮਨੁੱਖ ਨੂੰ ਵਰਤੋਂ ਲਈ ਮਿਲਣਾ ਮੁਸ਼ਕਿਲ ਹੋ ਜਾਵੇਗਾ। ਦਿਨੋਂ-ਦਿਨ ਵੱਧ ਰਿਹਾ ਧਰਤੀ ਦਾ ਤਾਪਮਾਨ ਮਨੁੱਖਾਂ ਤੇ ਜੀਵ-ਜੰਤੂਆਂ, ਪੌਦਿਆਂ, ਫ਼ਸਲਾਂ ਆਦਿ ਦੀ ਹੋਂਦ ਖਤਰੇ ਵਿੱਚ ਪਾ ਰਿਹਾ ਹੈ। ਉਹਨਾਂ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਅਜਿਹੇ ਸੈਮੀਨਾਰ ਹੁੰਦੇ ਰਹਿਣਗੇ ਅਤੇ ਪਿੰਗਲਵਾੜਾ ਸੰਸਥਾ ਵੱਲੋਂ ਮਨੁੱਖਤਾ ਨੂੰ ਜਾਗਰੂਕ ਕਰਨ ਲਈ ਉਪਰਾਲੇ ਨਿਰੰਤਰ ਚੱਲਦੇ ਰਹਿਣਗੇ।

ਇਸ ਮੌਕੇ ਬੱਚਿਆਂ ਵੱਲੋਂ ਕਵਿਤਾ ਫ਼ਲ, ਬੂਟੇ ਲਾਈਏ ਵੀ ਪੇਸ਼ ਕੀਤੀ ਗਈ। ਕਮਲਜੀਤ ਸਿੰਘ ਨੀਲੋਂ ਵੱਲੋਂ ਵੀ ਕਵਿਤਾਵਾਂ ਸੁਣਾ ਕੇ ਬੈਠੇ ਸਰੋਤਿਆਂ ਨੂੰ ਤਾੜੀਆਂ ਵਜਾਉਣ ਲਈ ਮਜਬੂਰ ਕਰ ਦਿੱਤਾ।
ਇਸ ਸੈਮੀਨਾਰ ਦਾ ਮੰਚ ਸੰਚਾਲਨ ਸ੍ਰ. ਅਮਰਜੀਤ ਸਿੰਘ ਜੀ ਨੇ ਬਾਖੂਬੀ ਨਿਭਾਇਆ। ਇਸ ਸੈਮੀਨਾਰ ਵਿੱਚ ਆਏ ਵਿਦਵਾਨਾਂ, ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ
ਗਿਆ। ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਵੀ ਚੱਲਦਾ ਰਿਹਾ। ਇਸ ਮੌਕੇ ਡਾ: ਜਗਦੀਪਕ ਸਿੰਘ ਮੀਤ ਪ੍ਰਧਾਨ ਪਿੰਗਲਵਾੜਾ, ਸ੍ਰ: ਮੁਖਤਾਰ ਸਿੰਘ
ਗੋਰਾਇਆ ਆਨਰੇਰੀ ਸਕੱਤਰ, ਸ੍ਰ: ਰਾਜਬੀਰ ਸਿੰਘ ਜੀ ਮੈਂਬਰ ਪਿੰਗਲਵਾੜਾ, ਸ੍ਰ: ਹਰਜੀਤ ਸਿੰਘ ਅਰੋੜਾ ਮੈਂਬਰ ਪਿੰਗਲਵਾੜਾ, ਬੀਬੀ ਪ੍ਰੀਤਇੰਦਰ ਕੌਰ ਮੈਂਬਰ ਪਿੰਗਲਵਾੜਾ, ਡਾ: ਨਿਰਮਲ ਸਿੰਘ ਮੈਂਬਰਪਿੰਗਲਵਾੜਾ ਸੋਸਾਇਟੀ, ਸ਼੍ਰੀ ਯੋਗੇਸ਼ ਸੂਰੀ ਮੁੱਖ ਪ੍ਰਸ਼ਾਸਕ, ਸ੍ਰ: ਰਜਿੰਦਰ ਸਿੰਘ ਪ੍ਰਸ਼ਾਸਕ ਮਾਨਾਂਵਾਲਾ ਬ੍ਰਾਂਚ, ਸ਼੍ਰੀ ਤਿਲਕ ਰਾਜ ਜਨਰਲ ਮੈਨੇਜਰ, ਸ੍ਰ: ਗੁਰਨਾਇਬ ਸਿੰਘ, ਸ੍ਰ: ਨਰਿੰਦਰ ਸਿੰਘ ਸੋਹਲ, ਬੀਬੀ ਰਾਜਵਿੰਦਰ ਕੌਰ ਬਾਜਵਾ (ਰਿਟਾ.) ਇੰਸਪੈਕਟਰ, ਸ਼੍ਰੀ ਪਵਨ ਸ਼ਰਮਾ, ਸ੍ਰ: ਮਨਮੋਹਨ ਸਿੰਘ, ਸ੍ਰ: ਕੁਲਵੰਤ ਸਿੰਘ ਅੰਮ੍ਰਿਤਸਰ ਵਿਕਾਸ ਮੰਚ ਆਦਿ ਸ਼ਾਮਲ ਸਨ। ਇਸ ਤੋਂ ਇਲਾਵਾ ਸੈਮੀਨਾਰ ਵਿੱਚ ਚੀਫ਼ ਖਾਲਸਾ ਦੀਵਾਨ ਇੰਟਰਨੈਸ਼ਨਲ ਨਰਸਿੰਗ ਕਾਲਜ ਦੇ ਅਧਿਆਪਕ ਅਤੇ ਵਿਦਿਆਰਥੀ, ਗੁਰੂ ਰਾਮਦਾਸ ਯੂਨੀਵਰਸਿਟੀ ਆਫ ਹੈਲਥ ਸਾਇੰਸ ਅੰਮ੍ਰਿਤਸਰ ਦੇ ਵਿਦਿਆਰਥੀ ਅਤੇ ਅਧਿਆਪਕ, ਸਰੂਪ ਰਾਣੀ ਸਰਕਾਰੀ ਕਾਲਜ ਅੰਮ੍ਰਿਤਸਰ ਦੇ ਅਧਿਆਪਕ ਅਤੇ ਵਿਦਿਆਰਥੀ ਭਗਤ ਪੂਰਨ ਸਿੰਘ ਆਦਰਸ਼ ਸੀ. ਸੈ. ਸਕੂਲ ਮਾਨਾਂਵਾਲਾ, ਭਗਤ ਪੂਰਨ ਸਿੰਘ ਆਦਰਸ਼ ਹਾਈ ਸਕੂਲ ਬੁੱਟਰਕਲਾਂ ਦੇ ਅਧਿਆਪਕ ਅਤੇ ਸੀਨੀਅਰ ਵਿਦਿਆਰਥੀ, ਪ੍ਰਿੰਸੀਪਲ ਨਰੇਸ਼ ਕਾਲੀਆ, ਪ੍ਰਿੰ. ਦਲਜੀਤ ਕੌਰ, ਪ੍ਰਿੰ. ਲਖਵਿੰਦਰ ਕੌਰ, ਪ੍ਰਿੰ. ਅਨੀਤਾ ਬੱਤਰਾ, ਵਾਰਡਾਂ ਅਤੇ ਹੋਸਟਲ ਇੰਚਾਰਜ ਆਦਿ ਹਾਜ਼ਰ ਸਨ।

# ਐਸ ਆਈ ਆਰ ਤਹਿਤ ਜ਼ਿਲ੍ਹੇ ਅੰਦਰ ਪੋਲਿੰਗ ਸਟੇਸ਼ਨਾਂ 'ਤੇ 7 ਜੂਨ ਨੂੰ ਲਗਣਗੇ ਸਪੈਸ਼ਲ ਕੈਂਪ - ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ

**ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ)** ਮੁੱਖ ਚੋਣ ਅਫ਼ਸਰ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀਆ ਦੀ ਸਪੈਸ਼ਲ ਇੰਨਟੈਸਿਵ ਰਵੀਜ਼ਨ-2026 ਜੋ ਮਿਤੀ 25 ਜੂਨ 2026 ਤੋਂ 24 ਜੁਲਾਈ 2026 ਤੱਕ ਚੱਲੇਗੀ, ਜਿਸ ਵਿੱਚ ਬੀ.ਐਲ.ਓਜ਼ ਘਰੋ-ਘਰੀ ਜਾ ਕੇ ਵੋਟਰ ਦੇ ਫਾਰਮ ਭਰਵਾਉਣਗੇ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ ਗੁਲਪ੍ਰੀਤ ਸਿੰਘ ਔਲਖ ਨੇ ਦਿੰਦਿਆ ਦੱਸਿਆ ਕਿ ਜ਼ਿਲ੍ਹਾ ਸ਼.ਭ.ਸ.ਨਗਰ ਵਿੱਚ ਪੈਂਦੇ ਤਿੰਨ ਵਿਧਾਨ ਸਭਾ ਚੋਣ ਹਲਕੇ 046-ਬੰਗਾ, 047-ਨਵਾਂਸ਼ਹਿਰ ਅਤੇ 048-ਬਲਾਚੌਰ ਵਿੱਚ ਵੋਟਿੰਗ ਮੈਪਿੰਗ ਦਾ ਕੰਮ ਪ੍ਰੀ-ਐਸ.ਆਈ.ਆਰ. ਦੌਰਾਨ ਤਕਰੀਬਨ 88.73% ਹੋ ਚੁੱਕਾ ਹੈ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਨੇ ਦੱਸਿਆ ਕਿ



ਮੈਪਿੰਗ ਦਾ ਕੰਮ ਮੁਕੰਮਲ ਕਰਨ ਲਈ ਮੁੱਖ ਚੋਣ ਅਫਸਰ, ਪੰਜਾਬ ਵਲੋਂ ਪ੍ਰਾਪਤ ਹਦਾਇਤ ਅਨੁਸਾਰ ਇੱਕ ਸਪੈਸ਼ਲ ਕੈਂਪ 7 ਜੂਨ 2026 ਨੂੰ ਲਗਾਇਆ ਜਾ ਰਿਹਾ ਹੈ। ਸਪੈਸ਼ਲ ਕੈਂਪ ਦੌਰਾਨ ਬੀ.ਐਲ.ਓਜ਼ ਆਪਣੇ-ਆਪਣੇ ਸਬੰਧਤ ਪੋਲਿੰਗ ਸਟੇਸ਼ਨ ਤੇ ਸਵੇਰੇ 10.00 ਵਜੇ ਤੋਂ 04.00 ਵਜੇ ਬੈਠਣਗੇ ਅਤੇ Unmapped Elector ਨੂੰ ਮੈਪਿੰਗ ਕਰਨਗੇ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਅੱਗੇ ਦੱਸਿਆ ਕਿ ਸਪੈਸ਼ਲ ਇੰਨਟੈਸਿਵ ਰਵੀਜ਼ਨ (ਸ੍ਰੀ)-2026 ਦੇ ਸਬੰਧ ਵਿੱਚ ਜਿਹੜੇ ਵੋਟਰ ਦੀ ਮੈਪਿੰਗ ਮੌਜੂਦਾ ਵੋਟਰ ਸੂਚੀ ਨਾਲ ਨਹੀ ਹੋਈ ਹੈ, ਉਨ੍ਹਾਂ ਨੂੰ ਮੈਪ ਕਰਨ ਲਈ ਮੁੱਖ ਚੋਣ ਅਫਸਰ, ਪੰਜਾਬ ਵੱਲੋਂ ਇੱਕ ਸਪੈਸ਼ਲ ਕੈਂਪ 7 ਜੂਨ 2026 ਨੂੰ ਲਗਾਇਆ ਜਾਵੇਗਾ। ਉਨ੍ਹਾਂ ਨੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਜਿਨ੍ਹਾਂ ਵਲੋਂ ਅਜੇ ਤੱਕ ਆਪਣੀ ਵੋਟ ਨੂੰ ਵੋਟਰ ਸੂਚੀ 2003 ਨਾਲ ਮੈਪਿੰਗ ਨਹੀ ਕਰਵਾਈ ਗਈ, ਉਹ ਇਸ ਸਪੈਸ਼ਲ ਕੈਂਪ ਵਿੱਚ ਪਹੁੰਚ ਕੇ ਬੀ.ਐਲ.ਓਜ਼ ਨਾਲ ਸੰਪਰਕ ਕਰਨ ਅਤੇ ਮੈਪਿੰਗ ਦਾ ਕੰਮ ਨੂੰ 100% ਮੁਕੰਮਲ ਕਰਨ ਵਿੱਚ ਸਹਿਯੋਗ ਕਰਨ। ਇਸ ਤੋਂ ਇਲਾਵਾ ਉਨ੍ਹਾਂ ਨੇ ਸਮੂਹ ਰਾਜਨੀਤਿਕ ਪਾਰਟੀ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਆਪਣੇ ਵਲੋਂ ਨਿਯੁਕਤ ਬੀ.ਐਲ.ਓ. ਨੂੰ ਮੈਪਿੰਗ ਦੇ ਕੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ।

# ਘੱਲੂਘਾਰਾ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਇਆ

**ਲੈਸਟਰ (ਇੰਗਲੈਂਡ),** 2 ਜੂਨ (ਸੁਖਜਿੰਦਰ ਸਿੰਘ ਢੱਡੇ)ਇੰਗਲੈਂਡ ਦੇ ਸਹਿਰ ਲੈਸਟਰ ਦੇ ਗੁਰਦਾਰਾ ਦਸਮੇਸ ਸਾਹਿਬ ਜਿਪਸੀ ਲੇਨ ਰੋਡ ਵਿਖੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਜੂਨ 1984 ਦੌਰਾਨ ਵਾਪਰੇ ਘੱਲੂਘਾਰੇ ਦੀ ਯਾਦ ਨੂੰ ਸਮਰਪਿਤ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਵਿਸ਼ੇਸ਼ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪਿੰਡ ਜੁਲਾਹ ਮਾਜਰਾ, ਖਾੜਕੂਵਾਲ ਅਤੇ ਖੋਜਾ ਦੀ ਸਮੂਹ ਸੰਗਤ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ, ਜਿਨ੍ਹਾਂ ਦੇ ਭੋਗ ਪਾਏ ਗਏ। ਇਸ ਮੌਕੇ ਸਜੇ ਦੀਵਾਨਾਂ ਵਿੱਚ ਹਜ਼ੂਰੀ ਰਾਗੀ ਭਾਈ ਜਤਿੰਦਰ ਸਿੰਘ ਹਿਆਲਾ, ਭਾਈ ਕੁਲਬੀਰ ਸਿੰਘ, ਭਾਈ ਮਨਵਿੰਦਰ ਸਿੰਘ ਅਤੇ ਪੰਜਬ ਤੋਂ ਵਿਸ਼ੇਸ਼ ਤੌਰ 'ਤੇ ਪੁੱਜੇ ਰਾਗੀ ਜਥਾ ਭਾਈ ਮਨਵਿੰਦਰ ਸਿੰਘ ਜੋਗੇਵਾਲ ਵਾਲਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ।

ਸਮਾਗਮ ਦੌਰਾਨ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਰਬਜੀਤ ਸੰਘਾ ਨੇ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਘੱਲੂਘਾਰਾ ਦਿਵਸ ਨੂੰ ਸਮਰਪਿਤ ਸਮਾਗਮ 6 ਜੂਨ ਤੱਕ ਰੋਜ਼ਾਨਾ ਸ਼ਾਮ ਸਮੇਂ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ 6 ਜੂਨ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵਿਸ਼ੇਸ਼ ਦੀਵਾਨ ਸਜਾਏ ਜਾਣਗੇ, ਜਿਨ੍ਹਾਂ ਵਿੱਚ ਹਜ਼ੂਰੀ ਰਾਗੀ ਭਾਈ ਜਤਿੰਦਰ ਸਿੰਘ ਹਿਆਲਾ, ਕਥਾਵਾਚਕ



ਕੀਰਤਨ ਕਰਦਾ ਹੋਇਆ ਭਾਈ ਜਤਿੰਦਰ ਸਿੰਘ ਹਿਆਲਾ ਦਾ ਰਾਗੀ ਜਥਾ.
ਤਸਵੀਰ:- ਸੁਖਜਿੰਦਰ ਸਿੰਘ ਢੱਡੇ

ਗਿਆਨੀ ਮੁਖਤਾਰ ਸਿੰਘ, ਭਾਈ ਕੁਲਵੰਤ ਸਿੰਘ ਬਲਤੂਰਾ (ਇਟਲੀ) ਅਤੇ ਗਿਆਨੀ ਮੱਖਣ ਸਿੰਘ ਕਵੀਸ਼ਰੀ ਰਾਹੀਂ ਸੰਗਤਾਂ ਨੂੰ ਗੁਰੂ ਇਤਿਹਾਸ ਅਤੇ ਜੂਨ 1984 ਦੀਆਂ ਘਟਨਾਵਾਂ ਨਾਲ ਜੋੜਨਗੇ।

ਇਸ ਮੌਕੇ ਗਿਆਨੀ ਰਣਧੀਰ ਸਿੰਘ ਸੰਭਲ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਗੁਰਬਾਣੀ ਸ੍ਰਵਣ ਦੇ ਮਹੱਤਵ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਸਟੇਜ ਸਕੱਤਰ ਦੀ ਸੇਵਾ ਭਾਈ ਸਰਬਜੀਤ ਸਿੰਘ ਨੇ ਨਿਭਾਈ। ਸਮਾਗਮ ਦੀ ਸਮਾਪਤੀ ਉਪਰੰਤ ਗੁਰੂ ਕਾ ਅਟੁੱਟ ਲੰਗਰ ਵਰਤਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ।

# ਛੇਤੀ ਅਤੇ ਸਸਤਾ ਨਿਆਂ ਲਈ ਲੋਕ, ਸਥਾਈ ਲੋਕ ਅਦਾਲਤ ( ਜਨਉਪਯੋਗੀ ਸੇਵਾਵਾਂ) ਵਿੱਚ ਕੇਸ ਲਗਾਉਣ - ਸ੍ਰੀ ਜਤਿੰਦਰ ਪਾਲ ਸਿੰਘ ਖੁਰਮੀ

**ਨਵਾਂਸ਼ਹਿਰ 2 ਜੂਨ (ਜਤਿੰਦਰ ਪਾਲ ਸਿੰਘ ਕਲੇਰ )** ਨਾਲਸਾ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ ਨਗਰ (ਮੋਹਾਲੀ) ਦੀਆਂ ਹਦਾਇਤਾਂ ਅਨੁਸਾਰ ਸ੍ਰੀ ਜਤਿੰਦਰ ਪਾਲ ਸਿੰਘ ਖੁਰਮੀ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼.ਭ.ਸ ਨਗਰ ਨੇ ਦੱਸਿਆ ਕਿ ਜ਼ਿਲ੍ਹਾ ਪੱਧਰ 'ਤੇ ਸਥਾਈ ਲੋਕ ਅਦਾਲਤਾਂ (ਜਨ ਉਪਯੋਗੀ ਸੇਵਾਵਾਂ) ਕਾਨੂੰਨੀ ਸੇਵਾਵਾਂ ਅਥਾਰਟੀਜ਼ ਐਕਟ, 1987 ਦੀ ਧਾਰਾ 22-ਬੀ ਦੇ ਤਹਿਤ ਸਥਾਪਿਤ ਕੀਤੀਆਂ ਗਈਆਂ ਹਨ । ਇਨ੍ਹਾਂ ਉਦੇਸ਼ਾਂ ਨਾਲ ਹੀ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਜਿਸ ਨੂੰ ਇਸ ਤੋਂ ਬਾਅਦ ਪੀ.ਐਲ.ਏ (ਪੀ.ਯੂ.ਐਸ) ਕਿਹਾ ਜਾਂਦਾ ਹੈ। ਕਾਨੂੰਨੀ ਸੇਵਾਵਾਂ ਅਥਾਰਟੀਜ਼ ਅਮੈਂਡਮੈਂਟ ਐਕਟ, 2002 ਅਨੁਸਾਰ ਜ਼ਿਲ੍ਹਾ ਪੱਧਰ 'ਤੇ ਸਥਾਈ ਲੋਕ ਅਦਾਲਤਾਂ (ਜਨ ਉਪਯੋਗੀ ਸੇਵਾਵਾਂ) ਦਾ ਗਠਨ ਕੀਤਾ ਗਿਆ। ਪਰਮਾਨੈਂਟ ਲੋਕ ਅਦਾਲਤ ਵਿੱਚ (ਜਨ ਉਪਯੋਗੀ ਸੇਵਾਵਾਂ) ਵਿੱਚ 01 ਚੇਅਰਮੈਨ ਅਤੇ 02 ਮੈਂਬਰ ਹੁੰਦੇ ਹਨ। ਇਸ ਲੋਕ ਅਦਾਲਤ ਵਿੱਚ ਜਨ ਉਪਯੋਗੀ ਸੇਵਾਵਾਂ ਨਾਲ ਸਬੰਧਤ ਪ੍ਰੀ-ਲਿਟੀਗੇਟਿਵ ਕੇਸਾਂ (ਜਿਹੜੇ ਕੇਸ ਅਦਾਲਤਾਂ ਵਿੱਚ ਲੰਬਿਤ ਨਹੀਂ ਹਨ) ਦਾ ਫੈਸਲਾ ਕੀਤਾ ਜਾਂਦਾ ਹੈ। ਇਸ ਸਥਾਈ ਲੋਕ ਅਦਾਲਤ ਵਿੱਚ ਜਨ ਉਪਯੋਗੀ ਸੇਵਾਵਾਂ ਜਿਵੇਂ ਕਿ ਆਵਾਜਾਈ ਸੇਵਾਵਾਂ, ਪੋਸਟਲ, ਟੈਲੀਫੋਨ ਸੇਵਾਵਾਂ, ਬਿਜਲੀ ਸੇਵਾਵਾਂ ਸਬੰਧੀ ਮਾਮਲੇ, ਪਾਣੀ ਸਬੰਧੀ ਮਾਮਲੇ ਕੁਦਰਤੀ ਸਾਧਨਾਂ ਦੀ ਸੁਰੱਖਿਆਂ ਜਾਂ ਸੈਨੀਟੇਸ਼ਨ ਸਬੰਧੀ ਮਾਮਲੇ, ਹਸਪਤਾਲਾਂ ਜਾਂ ਡਿਸਪੈਂਸਰੀਆਂ ਵਿੱਚ ਸੇਵਾਵਾਂ ਮਾਮਲੇ, ਬੀਮਾ ਸੇਵਾਵਾਂ, ਬੈਂਕਿੰਗ ਸੇਵਾਵਾਂ, ਹਾਊਸਿੰਗ ਸੇਵਾਵਾਂ, ਫਾਇਨਾਂਸ



ਸੇਵਾਵਾਂ, ਸਿੱਖਿਆ ਪ੍ਰਦਾਨ ਕਰਨ ਅਤੇ ਇਸ ਨਾਲ ਜੁੜੇ ਮਾਮਲੇ, ਐਲ.ਪੀ.ਜੀ. ਦੇ ਨਵੇਂ ਕੁਨੈਕਸ਼ਨ, ਸਪਲਾਈ, ਰਿਫਿਲਿੰਗ ਅਤੇ ਇਸ ਨਾਲ ਜੁੜੇ ਮਾਮਲੇ, ਆਧਾਰ ਕਾਰਡ, ਰਾਸ਼ਨ ਕਾਰਡ, ਵੋਟਰ ਸ਼ਨਾਖਤੀ ਕਾਰਡ ਅਤੇ ਬੀ.ਪੀ.ਐਲ ਕਾਰਡ ਜਾਰੀ ਕਰਨ ਸਬੰਧੀ, ਬੁਢਾਪਾ ਪੈਨਸ਼ਨ, ਵਿਧਵਾ ਸਕੀਮ, ਸ਼ਗਨ ਸਕੀਮ ਅਤੇ ਬੇਰੋਜ਼ਗਾਰੀ ਭੱਤੇ ਦੀਆਂ ਸੇਵਾਵਾਂ ਸਬੰਧੀ ਮਾਮਲੇ, ਜਨਤਕ ਵੰਡ ਸਬੰਧੀ ਸੇਵਾਵਾਂ, ਜਨਮ ਤੇ ਮੌਤ ਦੀ ਰਜਿਸਟਰੇਸ਼ਨ ਨਾਲ ਸਬੰਧਿਤ ਸੇਵਾਵਾਂ। ਉਪਰੋਕਤ ਸੇਵਾਵਾਂ ਨਾਲ ਸਬੰਧਤ ਅਜਿਹੇ ਝਗੜੇ, ਸ਼ਿਕਾਇਤਾਂ, ਵਿਵਾਦ ਜਿਹੜੇ ਅਦਾਲਤਾਂ ਵਿੱਚ ਲੰਬਿਤ ਨਹੀਂ ਹਨ, ਸਬੰਧੀ ਦਰਖਾਸਤ ਸਾਦੇ ਕਾਗਜ਼ 'ਤੇ ਲਿਖ ਕੇ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਵਿੱਚ ਚੇਅਰਮੈਨ ਕੋਲ ਪੇਸ਼ ਕਰਨੀ ਹੁੰਦੀ ਹੈ ਅਤੇ ਇਸ ਲੋਕ ਅਦਾਲਤ ਵਿੱਚ 01 ਕਰੋੜ ਰੁਪਏ ਤੱਕ ਦੇ ਝਗੜੇ, ਮਾਮਲੇ ਰੱਖੇ ਜਾ ਸਕਦੇ ਹਨ। ਆਮ ਜਨਤਾ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਪਰੋਕਤ ਕੈਟਾਗਿਰੀਆਂ ਅਧੀਨ ਆਉਂਦੇ ਆਪਣੇ ਕੇਸਾਂ ਨੂੰ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਵਿੱਚ ਲਗਾਉਣ ਕਿਉਂਕਿ ਇਸ ਲੋਕ ਅਦਾਲਤ ਵਿੱਚ ਛੇਤੀ ਅਤੇ ਸਸਤਾ ਨਿਆਂ ਮਿਲਦਾ ਹੈ ਅਤੇ ਇਸ ਦੇ ਫੈਸਲੇ ਨੂੰ ਦੀਵਾਨੀ ਕੋਰਟ ਦੀ ਡਿਕਰੀ ਦੀ ਮਾਨਤਾ ਪ੍ਰਾਪਤ ਹੈ। ਕੇਸ ਲਗਾਉਣ ਲਈ ਕੋਈ ਵੀ ਕੋਰਟ ਫੀਸ ਨਹੀਂ ਲਗਦੀ ਅਤੇ ਇਸ ਦੇ ਫੈਸਲੇ ਦੇ ਖਿਲਾਫ ਕੋਈ ਅਪੀਲ ਨਹੀਂ ਹੁੰਦੀ।

# ਪ੍ਰਧਾਨਮੰਤਰੀ ਰਾਸ਼ਟਰੀ ਬਾਲ ਪੁਰਸਕਰ ਲਈ 31 ਜੁਲਾਈ ਤੱਕ ਕੀਤਾ ਜਾ ਸਕਦਾ ਹੈ ਅਪਲਾਈ

**ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ)** ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਭਾਰਤ ਸਰਕਾਰ ਦੇ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ ਵਲੋਂ ਹਰ ਸਾਲ ਦੇਸ਼ ਵਿਚ ਹੋਣਹਾਰ ਬੱਚਿਆਂ ਨੂੰ ਪ੍ਰਧਾਨਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾਂਦਾ ਹੈ ਅਤੇ ਇਸ ਸਾਲ ਪੁਰਸਕਾਰ ਲਈ 31 ਜੁਲਾਈ 2026 ਤੱਕ ਰਜਿਸਟ੍ਰੇਸ਼ਨ ਕਰਵਾਈ ਜਾ ਸਕਦੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਪੁਸਕਾਰ ਉਨ੍ਹਾਂ ਬੱਚਿਆਂ ਨੂੰ ਦਿੱਤਾ ਜਾਂਦਾ ਹੈ ਜਿਨ੍ਹਾਂ ਨੇ ਬਹਾਦਰੀ ਦੇ ਨਾਲ ਦੂਜਿਆਂ ਲਈ ਕੰਮ ਕੀਤੇ ਹੋਣ ਜਾਂ ਛੋਟੇ ਬੱਚਿਆਂ ਲਈ ਰੋਲ ਮਾਡਲ ਹੋਣ ਜਾਂ ਉਹ ਬੱਚੇ ਜਿਨ੍ਹਾ ਨੇ ਖੇਡਾਂ, ਸਮਾਜ ਸੇਵਾ, ਵਿਗਿਆਨ ਅਤੇ ਤਕਨਾਲੋਜੀ, ਵਾਤਾਵਰਣ, ਕਲਾ ਅਤੇ ਸੱਭਿਆਚਾਰ ਅਤੇ ਨਵੀਨਤਾ ਦੇ ਖੇਤਰਾਂ ਵਿੱਚ, ਜੋ ਕਿ ਰਾਸ਼ਟਰੀ ਪੱਧਰ 'ਤੇ ਮਾਨਤਾ ਦੇ ਹੱਕਦਾਰ ਹਨ, ਚੰਗੀ ਕਾਰਗੁਜ਼ਾਰੀ ਕੀਤੀ ਹੋਵੇ। ਉਨ੍ਹਾਂ ਦੱਸਿਆ ਕਿ ਜੋ ਬੱਚੇ ਭਾਰਤ ਦੇ ਨਾਗਰਿਕ ਹਨ ਅਤੇ ਅਰਜ਼ੀ ਦੇਣ ਦੀ ਅੰਤਿਮ ਤੱਕ 18 ਸਾਲ ਤੋਂ ਘੱਟ ਉਮਰ ਦੇ ਹਨ ਅਤੇ ਮੰਗੀ ਗਈ ਯੋਗਤਾ ਵਾਲੇ ਬੱਚੇ ਪ੍ਰਧਾਨਮੰਤਰੀ ਰਾਸ਼ਟਰੀ ਬਾਲ ਪੁਰਸਕਰ ਦੀ ਵੈਬਸਾਈਟ https://awards.govi.n 'ਤੇ ਆਪਣਾ ਰਜਿਸਟ੍ਰੇਸ਼ਨ ਕਰ ਸਕਦੇ ਹਨ ।



ਵੈਬਸਾਈਟ 'ਤੇ ਰਜਿਸਟ੍ਰੇਸ਼ਨ ਦੀ ਅੰਤਿਮ 31 ਜੁਲਾਈ 2026 ਤੱਕ ਹੈ। ਇਸ ਤੋਂ ਇਲਾਵਾ ਵੀਰਤਾ ਪੁਰਸਕਾਰ ਲਈ ਚਰਚਿਤ 'ਭਾਰਤੀ ਬਾਲ ਕਲਿਆਣ ਪਰਿਸ਼ਦ' ਨੂੰ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਭਾਰਤ ਸਰਕਾਰ ਵਲੋਂ ਕੋਈ ਮਾਨਤਾ ਜਾਂ ਸਹਾਇਤਾ ਦਿਤੀ ਜਾਂਦੀ ਹੈ ਇਸ ਲਈ 'ਭਾਰਤੀ ਬਾਲ ਕਲਿਆਣ ਪਰਿਸ਼ਦ' ਵਲੋਂ ਜਾਰੀ ਕਿਸੇ ਵੀ ਤਰ੍ਹਾਂ ਦੇ ਰਾਸ਼ਟਰੀ ਬਾਲ ਪੁਰਸਕਰ ਲਈ ਰਜਿਸਟ੍ਰੇਸ਼ਨ ਨਾ ਕੀਤਾ ਜਾਵੇ । ਸਿਰਫ ਪ੍ਰਧਾਨਮੰਤਰੀ ਰਾਸ਼ਟਰੀ ਬਾਲ ਪੁਰਸਕਰ ਦੀ ਵੈਬਸਾਈਟ https://awards.govi.n 'ਤੇ ਆਪਣਾ ਰਜਿਸਟ੍ਰੇਸ਼ਨ ਕਰ ਸਕਦੇ ਹਨ। ਜ਼ਿਕਰਯੋਗ ਹੈ ਕਿ ਇਹ ਪੁਰਸਕਾਰ ਪਹਿਲਾ ਰਾਸ਼ਟਰੀ ਪੁਰਸਕਾਰ ਹੈ ਇਸ ਲਈ ਜ਼ਿਲ੍ਹੇ ਦੇ ਅਜਿਹੇ ਬੱਚਿਆਂ ਦਾ ਰਜਿਸਟ੍ਰੇਸ਼ਨ ਕਰਵਾਇਆ ਜਾਵੇ ਤਾਂ ਜੋ ਇਨ੍ਹਾ ਬੱਚਿਆਂ ਨੂੰ ਇੱਕ ਵੱਖਰੀ ਪਹਿਚਾਨ ਮਿਲ ਸਕੇ।

# ਇੱਕੋ ਇੱਕ ਰਾਹ



ਆਮ ਬੰਦੇ ਦਾ ਜੀਣਾ ਦੁੱਭਰ ,
ਜਦ ਕਰਦੀਆਂ ਸਰਕਾਰਾਂ ।
ਹੜ੍ਹ ਵਾਂਗੂੰ ਆ ਜਾਣ ਬਾਜਾਰੀਂ ,
ਚੁੰਨੀਆਂ ਤੇ ਦਸਤਾਰਾਂ ।
ਫ਼ਿਰ ਇੱਕੋ ਹੱਲ ਰਹਿ ਜਾਂਦਾ ਏ,
ਏਕੇ ਤੇ ਸੰਘਰਸ਼ਾਂ ਦਾ ,
ਪੁਲਿਸ ਫ਼ੌਜ ਤੋਂ ਕਦੋਂ ਰੁਕਦੀਆਂ,
ਸਿਰਲੱਥਾਂ ਦੀਆਂ ਡਾਰਾਂ ।

**ਮੂਲ ਚੰਦ ਸ਼ਰਮਾ ਪ੍ਰਧਾਨ ,**
**ਪੰਜਾਬੀ ਸਾਹਿਤ ਸਭਾ ਧੂਰੀ ਜ਼ਿਲ੍ਹਾ**
**ਸੰਗਰੂਰ -9914836037**

# ਟੱਪੇ

ਧੀਆਂ ਕੋਮਲ ਕਲੀਆਂ ਹੁੰਦੀਆਂ ਨੇ,
ਉਹ ਘਰ ਨਰਕ ਬਣ ਜਾਂਦੇ ਨੇ
ਜਿਨ੍ਹਾਂ 'ਚ ਧੀਆਂ ਰੋਂਦੀਆਂ ਨੇ।
ਮੰਨਿਆਂ ਪੁੱਤ ਮਿੱਠੇ ਮੇਵੇ ਹੁੰਦੇ ਨੇ,
ਪਰ ਧੀਆਂ ਤੋਂ ਬਿਨਾਂ ਮਿੱਤਰੋ
ਵੰਸ਼ ਅੱਗੇ ਨਾ ਚੱਲਦੇ ਨੇ।
ਖ਼ੁਦਕੁਸ਼ੀ ਮਸਲੇ ਦਾ ਹੱਲ ਨਹੀਂ,
ਇਹ ਹੋਰ ਗੁੰਝਲਦਾਰ ਹੋ ਜਾਣਾ
ਜੇ ਬੈਠ ਕੇ ਕੀਤੀ ਗੱਲ ਨਹੀਂ।
ਜ਼ਿੰਦਗੀ ਕੋਈ ਫਿਲਮ ਨਹੀਂ,
ਇਸ ਵਿੱਚ ਅੱਗੇ ਕੀ ਹੋਣਾ
ਕਿਸੇ ਨੂੰ ਕੋਈ ਇਲਮ ਨਹੀਂ।
ਕਿਤਾਬਾਂ ਦਿਲ ਲਾ ਕੇ ਪੜ੍ਹੋ ਤਾਂ ਸਹੀ,
ਜਿਨ੍ਹਾਂ ਦਿਲ ਲਾ ਕੇ ਪੜ੍ਹੀਆਂ ਇਹ
ਉਨ੍ਹਾਂ ਦੇ ਰੁਕੇ ਕੰਮ ਹੋ ਗਏ ਕਈ।
ਚਿੜੀਆਂ ਦਿਸੀਆਂ ਨੇ ਚਿਰ ਪਿੱਛੋਂ,
ਜੇ ਨਾ ਇਨ੍ਹਾਂ ਦਾ ਖਿਆਲ ਰੱਖਿਆ
ਫਿਰ ਇਨ੍ਹਾਂ ਨੂੰ ਭਾਲੋਗੇ ਕਿੱਥੋਂ?
ਮਾੜਾ ਆਖੋ ਨਾ ਕੰਡਿਆਂ ਨੂੰ,
ਇਹ ਪਹਿਰੇਦਾਰ ਬਣ ਕੇ
ਸੁਰੱਖਿਅਤ ਰੱਖਦੇ ਨੇ ਫੁੱਲਾਂ ਨੂੰ।



**ਮਹਿੰਦਰ ਸਿੰਘ ਮਾਨ**
**ਸਾਮ੍ਹਣੇ ਅੰਗਦ ਸਿੰਘ ਐੱਮ ਐੱਲ ਏ ਹਾਊਸ**
**ਕੈਨਾਲ ਰੋਡ**
**ਨਵਾਂ ਸ਼ਹਿਰ-144514**
**ਫੋਨ -9915803554**

# ਗੱਲ ਸਿਆਣਿਆਂ ਦੀ

ਜੇ ਤੂੰ ਬੰਦਿਆ ! ਹਮੇਸ਼ਾਂ ਸੁਖੀ ਰਹਿਣਾ,
ਪੱਲੇ ਬੰਨ੍ਹ ਲਾ ਗੱਲ ਸਿਆਣਿਆਂ ਦੀ।

ਮਾੜੇ ਬੰਦੇ ਦੇ ਨੇੜ ਦੀ ਲੰਘਣਾ ਨਹੀਂ,
ਬਹਿਣੀ ਬਹਿਣਾ ਨਹੀਂ ਨਸ਼ਾ ਖਾਣਿਆਂ ਦੀ।

ਪੁੱਤਰ ਹੋਵੇ ਨਾਲਾਇਕ ਤਾਂ ਛੱਡ ਦੇਵੀਂ,
ਨਹੀਂ ਤਾਂ ਖਾਣੀ ਪਊ ਹਵਾ ਥਾਣਿਆਂ ਦੀ।

ਮਾਂ ਨਿਰਮੋਹੀ ਤੇ ਧੀ ਨਿਰਲੱਜ ਦੋਵੇਂ,
ਨੱਕ ਵੱਢ ਦੇਣ ਉੱਚ ਘਰਾਣਿਆਂ ਦੀ।

ਯਾਰ ਮਤਲਬੀ, ਦੁਸ਼ਮਣ ਤੇ ਸਾਧ ਕਾਮੀ,
ਪ੍ਰਤੀਤ ਕਰੀਂ ਨਾ ਤਿੰਨਾਂ ਜਾਣਿਆਂ ਦੀ।

ਲੋਭੀ ਗੁਰੂ ਤੇ ਨਮਕ ਹਰਾਮ ਨੌਕਰ,
ਭੇਤ ਦੇਵੀਂ ਨਾ ਗੁਪਤ ਟਿਕਾਣਿਆਂ ਦੀ।

'ਭੁੱਲੜ' ਆਖਦਾ ਬੰਦੇ ! ਯਾਦ ਰੱਖੀਂ,
ਸੱਚਾ ਰੱਬ ਰੱਖੇ ਲਾਜ ਨਿਮਾਣਿਆਂ ਦੀ।



**ਸੁਖਦੇਵ ਸਿੰਘ ਭੁੱਲੜ**
**ਜ਼ੀਰਾ 9417046117**

# ਇਹ ਕੀ ਹੋ ਗਿਆ

ਹੁਣੇ ਹੁਣੇ ਤਾਂ ਬਚਪਨ ਸੀ
ਹੁਣੇ ਹੁਣੇ ਤਾਂ ਜਵਾਨੀ ਸੀ
ਹੁਣ ਬੁਢੇਪਾ ਆ ਗਿਆ
ਮੇਰੇ ਦੇਖਦੇ ਦੇਖਦੇ ਹੀ
ਇਹ ਸਭ ਕੁਝ ਹੋ ਗਿਆ
ਇਹ ਕੀ ਹੋ ਗਿਆ।
ਹੁਣੇ ਹੁਣੇ ਤਾਂ ਬਹੁਤ
ਜਿਆਦਾ ਵਿਸ਼ਵਾਸ ਦੀ ਗੱਲ ਸੀ
ਜਨਮ ਜਨਮ ਤੱਕ ਇਕੱਠੇ
ਜਿਉਣ ਅਤੇ ਮਰਨ ਦੀ ਗੱਲ ਸੀ
ਲੇਕਿਨ ਇਹ ਸਭ ਦੇਖਦੇ
ਦੇਖਦੇ ਹੀ ਖਤਮ ਹੋ ਗਿਆ
ਇਹ ਸਭ ਕੀ ਹੋ ਗਿਆ।
ਹੁਣੇ ਹੁਣੇ ਤਾਂ ਮੌਸਮ ਬਹੁਤ
ਖੁਸ਼ ਗਵਾਰ ਅਤੇ ਰੰਗੀਨ ਸੀ
ਖੁਸ਼ ਹੋ ਰਿਹਾ ਸੀ ਹਰ ਕੋਈ
ਕੋਈ ਵੀ ਕਿਤੇ ਨਾ ਗਮਗੀਨ ਸੀ
ਦੇਖਦੇ ਹੀ ਦੇਖਦੇ ਮੌਸਮ ਬਦਲ ਗਿਆ
ਹਰ ਚਿਹਰੇ ਤੇ ਉਦਾਸੀ ਆ ਗਈ
ਇਹ ਸਭ ਕੀ ਹੋ ਗਿਆ।
ਹੁਣੇ ਹੁਣੇ ਤਾਂ ਸਿਤਾਰਾ ਬੁਲੰਦ ਸੀ
ਵਿਰੋਧ ਦੀ ਆਵਾਜ਼ ਵੀ ਬੰਦ ਸੀ
ਹਰ ਤਰਫ ਹੋ ਰਹੀ ਜੈ ਜੈਕਾਰ ਸੀ
ਲੇਕਿਨ ਚਾਪਲੂਸੀ ਮਕਾਰ ਸੀ
ਦੇਖਦੇ ਹੀ ਦੇਖਦੇ ਸਭ ਬਦਲ ਗਿਆ
ਪਤਾ ਨਹੀਂ ਇਹ ਕੀ ਹੋ ਗਿਆ।



**ਪ੍ਰੋਫੈਸਰ ਸ਼ਾਮ ਲਾਲ ਕੌਸ਼ਲ**
**ਮੋਬਾਈਲ 94 16 35 9045**
**ਰੋਹਤਕ ਹਰਿਆਣਾ**

# ਢਿੱਡ ਦੀ ਅੱਗ

ਕਿਤੇ ਮਹਿਲ ਨੇ ਸੋਨੇ ਦੇ, ਕਿਤੇ ਕੁੱਲੀ ਵੀ ਨਸੀਬ ਨਹੀਂ,
ਇਸ ਦੁਨੀਆਂ ਦੇ ਮੇਲੇ ਵਿੱਚ, ਕੋਈ ਬੰਦਾ ਵੀ ਖ਼ੁਸ਼-ਨਸੀਬ ਨਹੀਂ।

ਤੂੰ ਸੂਰਜ ਫੜਨ ਦੀਆਂ ਗੱਲਾਂ ਕਰਦੈਂ, ਉਹਨਾਂ ਬੱਚਿਆਂ ਅੱਗੇ,
ਜਿਨ੍ਹਾਂ ਦੇ ਘਰ ਵਿੱਚ ਕਦੇ ਬਲੀ, ਦੀਵੇ ਦੀ ਕੋਈ ਲੌਅ ਵੀ ਨਹੀਂ।

ਉਹ ਕੀ ਸਮਝਣਗੇ ਤੇਰੀਆਂ, ਇਹਨਾਂ ਉੱਚੀਆਂ ਤਹਿਜ਼ੀਬਾਂ ਨੂੰ,
ਜਿਨ੍ਹਾਂ ਦੇ ਫ਼ਟੇ ਹੋਏ ਝੱਗਿਆਂ ਨੂੰ, ਮਿਲਦੀ ਕੋਈ ਸਿਊਣ ਵੀ ਨਹੀਂ।

ਧਰਮਾਂ ਦੇ ਨਾਂ 'ਤੇ ਵੰਡ ਦਿੱਤੇ, ਕੁਦਰਤ ਦੇ ਨਿਰਮਲ ਪਾਣੀ,
ਭੁੱਖੇ ਢਿੱਡ ਦੀ ਅੱਗ ਬੁਝਾਵੇ, ਅਜਿਹਾ ਕੋਈ ਮਜ਼੍ਹਬ ਵੀ ਨਹੀਂ।

ਤੂੰ ਚੰਨ ਸਿਤਾਰੇ ਵੇਂਹਦਾ ਰਹੀਂ, ਆਪਣੇ ਸ਼ੀਸ਼-ਮਹਿਲ ਦੇ ਵਿੱਚੋਂ,
ਉਹਦੇ ਲਈ ਤਾਂ ਰੋਟੀ ਹੀ ਚੰਨ ਹੈ, ਜਿਸਦਾ ਕੋਈ ਹਬੀਬ ਨਹੀਂ।

ਅੱਟਣਾਂ ਵਾਲੇ ਹੱਥ ਜਦੋਂ ਵੀ, ਇਤਿਹਾਸ ਲਿਖਣ ਨੂੰ ਉੱਠਣਗੇ,
ਫਿਰ ਰਹਿਣੀ ਕੋਈ ਚਾਲਾਕੀ ਨਹੀਂ, ਫਿਰ ਬਚਣਾ ਕੋਈ ਰਕੀਬ ਨਹੀਂ।

'ਖਿੱਚੀ' ਬਣ ਕੇ ਬਲਣਾ ਪੈਣਾ, ਜੇ ਸੱਚ ਦਾ ਰਸਤਾ ਚੁਣਿਆ ਹੈ,
ਇਹ ਇਸ਼ਕ ਨਹੀਂ ਹੈ ਆਸਾਨ, ਇਹ ਖੇਡ ਕੋਈ ਅਦੀਬ ਨਹੀਂ।



**ਪ੍ਰੋ. ਪਵਨ ਖਿੱਚੀ, ਮਾਨਸਾ**
**ਮੋਬਾ. 9478160786**



# ਹੈਨਰੀ ਨੋਵਾਕ ਕਤਲ ਮਾਮਲੇ 'ਚ ਗ੍ਰਹਿ ਮੰਤਰੀ ਵੱਲੋਂ ਸੰਸਦ 'ਚ ਬਿਆਨ

**ਲੈਸਟਰ (ਇੰਗਲੈਂਡ), 2 ਜੂਨ (ਸੁਖਜਿੰਦਰ ਸਿੰਘ ਢੱਡੇ)–** ਹੈਨਰੀ ਨੋਵਾਕ ਕਤਲ ਮਾਮਲੇ ਸਬੰਧੀ ਬਰਤਾਨੀਆ ਦੀ ਗ੍ਰਹਿ ਮੰਤਰੀ ਸ਼ਬਾਨਾ ਮਹਿਮੂਦ ਨੇ ਸੰਸਦ ਵਿਚ ਬਿਆਨ ਦਿੰਦਿਆਂ ਕਿਹਾ ਕਿ ਇਹ ਬਹੁਤ ਹੀ ਦਰਦਨਾਕ ਅਤੇ ਹਿਲਾ ਦੇਣ ਵਾਲੀ ਘਟਨਾ ਹੈ। ਉਨ੍ਹਾਂ ਕਿਹਾ ਕਿ 18 ਸਾਲਾ ਵਿਦਿਆਰਥੀ ਹੈਨਰੀ ਨੋਵਾਕ ਦਾ ਕਤਲ ਵਿਕਰਮ ਡਿਗਵਾ ਵੱਲੋਂ ਕੀਤਾ ਗਿਆ, ਜਿਸ ਨੂੰ ਅਦਾਲਤ ਵੱਲੋਂ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਹੈ ਅਤੇ ਉਹ ਘੱਟੋ-ਘੱਟ 21 ਸਾਲ ਜੇਲ੍ਹ ਵਿਚ ਬਿਤਾਵੇਗਾ।

ਗ੍ਰਹਿ ਮੰਤਰੀ ਨੇ ਕਿਹਾ ਕਿ ਪੁਲਿਸ ਬਾਡੀ ਕੈਮਰਾ ਫੁਟੇਜ ਬਹੁਤ ਹੀ ਦੁਖਦਾਈ ਹੈ, ਜਿਸ ਵਿਚ ਨੋਵਾਕ ਵੱਲੋਂ ਵਾਰ-ਵਾਰ ਇਹ ਕਹਿਣ ਦੇ ਬਾਵਜੂਦ ਕਿ ਉਸ ਨੂੰ ਚਾਕੂ ਮਾਰਿਆ ਗਿਆ ਹੈ ਅਤੇ ਉਹ ਸਾਹ ਨਹੀਂ ਲੈ ਸਕਦਾ, ਉਸ ਨੂੰ ਹੱਥਕੜੀਆਂ ਲਗਾਈਆਂ ਗਈਆਂ। ਉਨ੍ਹਾਂ ਕਿਹਾ ਕਿ ਇਸ ਸਬੰਧੀ ਇੰਡਿਪੈਂਡੈਂਟ ਆਫਿਸ ਫਾਰ ਪੁਲਿਸ ਕੰਡਕਟ ਵੱਲੋਂ ਜਾਂਚ ਕੀਤੀ ਜਾ ਰਹੀ ਹੈ ਅਤੇ ਪੂਰੀ ਪ੍ਰਕਿਰਿਆ ਨਿਯਮਾਂ ਅਨੁਸਾਰ ਹੋਵੇਗੀ।

ਸ਼ਬਾਨਾ ਮਹਿਮੂਦ ਨੇ ਕਿਹਾ ਕਿ ਨੋਵਾਕ ਦੇ ਪਰਿਵਾਰ ਨੂੰ ਇਨਸਾਫ਼ ਅਤੇ ਸਾਰੇ ਜਵਾਬ ਮਿਲਣੇ ਚਾਹੀਦੇ ਹਨ। ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਜੇਕਰ ਪਰਿਵਾਰ ਨੂੰ ਜਾਂਚ ਪ੍ਰਕਿਰਿਆ ਬਾਰੇ ਕੋਈ ਚਿੰਤਾ ਹੋਵੇਗੀ ਤਾਂ ਉਹ ਖੁਦ ਉਸ ਦਾ ਨਿਪਟਾਰਾ ਯਕੀਨੀ ਬਣਾਉਣਗੇ। ਇਸ ਮੌਕੇ ਉਨ੍ਹਾਂ ਗਲਤ ਜਾਣਕਾਰੀ ਅਤੇ ਭੜਕਾਊ ਟਿੱਪਣੀਆਂ ਤੋਂ ਬਚਣ ਦੀ ਅਪੀਲ ਕਰਦਿਆਂ ਕਿਹਾ ਕਿ ਕਿਸੇ ਵੀ ਭਾਈਚਾਰੇ ਨੂੰ ਨਿਸ਼ਾਨਾ ਬਣਾਉਣਾ ਠੀਕ ਨਹੀਂ। ਉਨ੍ਹਾਂ ਸਿੱਖ ਭਾਈਚਾਰੇ ਦੀ ਧਾਰਮਿਕ ਆਜ਼ਾਦੀ ਅਤੇ ਕਿਰਪਾਨ ਧਾਰਨ ਕਰਨ ਦੇ ਅਧਿਕਾਰ ਨੂੰ ਬਰਕਰ-ਾਰ ਰੱਖਣ ਦੀ ਪੁਸ਼ਟੀ ਕੀਤੀ ਅਤੇ ਕਿਹਾ ਕਿ ਧਾਰਮਿਕ ਆਸਥਾ ਦੇ ਤਹਿਤ ਕਿਰਪਾਨ ਧਾਰਨ ਕਰਨਾ ਇਕ ਗੱਲ ਹੈ, ਪਰ ਕਿਸੇ ਹਥਿਆਰ ਦੀ ਵਰਤੋਂ ਅਪਰਾਧ ਲਈ ਕਰਨਾ ਬਿਲਕੁਲ ਵੱਖਰੀ ਅਤੇ ਗੰਭੀਰ ਗੱਲ ਹੈ। ਸੰਸਦ ਵਿਚ ਇਸ ਮਾਮਲੇ 'ਤੇ ਵੱਖ-ਵੱਖ ਪਾਰਟੀਆਂ ਦੇ ਸੰਸਦ ਮੈਂਬਰਾਂ ਵੱਲੋਂ ਪੁਲਿਸ ਕਾਰਵਾਈ, ਦੋ-ਪੱਧਰੀ ਪੁਲਿਸਿੰਗ ਦੇ ਦੋਸ਼ਾਂ ਅਤੇ ਸਿੱਖ ਭਾਈਚਾਰੇ ਨੂੰ ਨਿਸ਼ਾਨਾ ਬਣਾਏ ਜਾਣ ਸਬੰਧੀ ਸਵਾਲ ਚੁੱਕੇ ਗਏ। ਸਿੱਖ ਸੰਸਦ ਮੈਂਬਰ ਤਨਮਨਜੀਤ ਸਿੰਘ ਢੇਸੀ ਨੇ ਕਿਹਾ ਕਿ ਇੱਕ ਵਿਅਕਤੀ ਦੇ ਅਪਰਾਧ ਲਈ ਪੂਰੇ ਸਿੱਖ ਭਾਈਚਾਰੇ ਨੂੰ ਦੋਸ਼ੀ ਠਹਿਰਾਉਣਾ ਗਲਤ ਹੈ। ਗ੍ਰਹਿ ਮੰਤਰੀ ਨੇ ਕਿਹਾ ਕਿ ਬਰਤਾਨੀਆ ਵਿਚ ਹਰ ਨਾਗਰਿਕ ਕਾਨੂੰਨ ਅੱਗੇ ਬਰਾਬਰ ਹੈ ਅਤੇ ਪੁਲਿਸ ਨੂੰ ਬਿਨਾਂ ਕਿਸੇ ਪੱਖਪਾਤ ਦੇ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਾਂਚ ਰਿਪੋਰਟ ਆਉਣ ਤੋਂ ਬਾਅਦ ਲੋੜੀਂਦੇ ਸਬਕ ਸਿੱਖੇ ਜਾਣਗੇ ਤਾਂ ਜੋ ਭਵਿੱਖ ਵਿਚ ਅਜਿਹੀ ਘਟਨਾ ਦੁਹਰਾਈ ਨਾ ਜਾਵੇ।

# ਸਤਿਗੁਰੂ ਰਵਿਦਾਸ ਸਭਾ ਬੈੱਡਫੋਰਡ ਯੂ,ਕੇ ਵਲੋਂ ਸਾਈਂ ਪੱਪਲ ਸ਼ਾਹ ਭਰੋ ਮਜਾਰਾ ਦਾ ਕੀਤਾ ਵਿਸ਼ੇਸ਼ ਸਨਮਾਨ




**ਬੰਗਾ 2 ਜੂਨ (ਚਰਨਜੀਤ ਸੱਲ੍ਹਾ )** ਸਤਿਗੁਰੂ ਰਵਿਦਾਸ ਸਭਾ ਬੈੱਡਫੋਰਡ ਇੰਗਲੈਂਡ ਦੇ ਗੁਰੂਘਰ ਵਿਖੇ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸਤਿਗੁਰੂ ਰਵਿਦਾਸ ਮਹਾਰ-ਾਜ ਜੀ ਦੀ ਬਾਣੀ ਤੇ ਉਹਨਾਂ ਦੇ ਜੀਵਨ ਤੇ ਵਿਚਾਰਧਾਰਾ ਨੂੰ ਸਮਰਪਿਤ ਧਾਰਮਿਕ ਦੀਵਾਨਾ ਵਿਚ ਭਾਈ ਹਰਬੰਸ ਸਿੰਘ ਖਨੌੜੀ ਤੇ ਭਾਈ ਬਲਵੀਰ ਸਿੰਘ ਰਾਹੋਂ ਵਾਲਿਆਂ ਦੇ ਜਥੇ ਨੇ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ।ਉਪਰੰਤ ਭਾਰਤ ਪੰਜਾਬ ਤੋਂ ਉਚੇਚੇ ਤੌਰ ਤੇ ਪਹੁੰਚੇ ਸਾਈਂ ਪੱਪਲ ਸ਼ਾਹ ਭਰੋ ਮਜਾਰਾ (ਪ੍ਰਧਾਨ ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ) ਵਲੋਂ ਰੂਹਾਨੀ ਸਤਿਸੰਗ ਕਰਕੇ ਸੰਗਤਾਂ ਨੂੰ ਗੁਰੂ ਰਵਿਦ-ਾਸ ਮਹਾਰਾਜ ਦੇ ਮਿਸ਼ਨ ਪ੍ਰਤੀ ਜਾਗਰੂਕ ਕੀਤਾ ਗਿਆ। ਗੁਰੂ ਘਰ ਦੇ ਪ੍ਰਧਾਨ ਜਸਵਿੰਦਰ ਕੁਮਾਰ ਨਿਗਾਹ ਤੇ ਸਮੂਹ ਪ੍ਰਬੰਧਕਾਂ ਵੱਲੋਂ ਜਥਿਆਂ ਦਾ ਤੇ ਸਾਈਂ ਪੱਪਲ ਸ਼ਾਹ ਭਰੋ ਮਜਾਰਾ ਨੂੰ ਵਿਸ਼ੇਸ਼ ਤੌਰ ਤੇ ਸਿਰੋਪਾਓ ਨਾਲ ਸਨਮਾਨਿਤ ਕੀਤਾ ਗਿਆ ਇਸ ਮੌਕੇ ਹੰਸ ਰਾਜ ਉਪ ਪ੍ਰਧਾਨ, ਪ੍ਰਿਥਵੀਰਾਜ ਜਨਰਲ ਸਕੱਤਰ, ਬਿੰਦਰ ਭਰੋਲੀ, ਖਜਾਨਚੀ ਦਿਲਬਾਗ ਬੰਗੜ,ਨੰਝੂ ਰਾਮ ਪਾਲ, ਮੋਹਨ ਲਾਲ ਟੂਰਾ, ਸਚਦੇਵ ਗੋਲਡੀ,ਪਵਨ ਕੁਮਾਰ, ਰਾਮ ਮੂਰਤੀ, ਪਰਮਜੀਤ ਸਿੰਘ ਆਦਿ ਮੈਂਬਰ ਹਾਜ਼ਰ ਸਨ ਤੇ ਸਟੇਜ ਸਕੱਤਰ ਦੀ ਭੂਮਿਕਾ ਪ੍ਰਸਿੱਧ ਗੀਤਕਾਰ ਬਿੰਦਰ ਭਰੋਲੀ ਨੇ ਬਾਖ਼ੂਬੀ ਨਿਭਾਈ ਤੇ ਪ੍ਰਧਾਨ ਜਸਵਿੰਦਰ ਕੁਮਾਰ ਨਿਗਾਹ ਵਲੋਂ ਸਾਰੀ ਸੰਗਤ ਤੇ ਜਥਿਆਂ ਦਾ ਧੰਨਵਾਦ ਕੀਤਾ ਗਿਆ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ।






# ਸੁਦੇਸ਼ ਕੁਮਾਰ ਨਕੋਦਰ ਦੇ ਦੂਸਰੀ ਵਾਰ ਬਣੇ ਐਮ ਸੀ ਨੂੰ ਮਿਲਣ ਪਹੁੰਚੇ ਗੋਲਡੀ ਮਲਕ



**ਨਕੋਦਰ (ਚਰਨਜੀਤ ਸੱਲ੍ਹਾ )** ਜੈ ਭੀਮ ਜੈ ਭਾਰਤ ਜੈ ਸੰਵਿਧਾਨ ਜੀ, ਨਕੋਦਰ ਸ਼ਹਿਰ ਵਿਖੇ, ਮੁਹੱਲਾ ਸ੍ਰੀ ਗੁਰੂ ਰਵਿਦਾਸ ਪੁਰਾ ਤੋਂ ਜੈਤੂੰ, ਉਮੀਦਵਾਰ ਸ੍ਰੀ ਮਾਨ ਸੁਦੇਸ਼ ਕੁਮਾਰ ਚਾਹਲ ਜੀ, ਵਾਰਡ ਨੂੰ 11 ਦੇ ਵੋਟਰਾਂ ਤੇ ਸਪੋਟਰਾ ਦਾ ਧੰਨਵਾਦ ਕਰਦੇ ਹੋਏ, ਉਹਨਾਂ ਨਾਲ ਮਹਾਂਪੁਰਸ਼ਾਂ ਦੀ ਵਿਚਾਰਧਾਰਾ ਨੂੰ ਗਾਉਣ ਵਾਲੇ ਦੋ ਕਲਾਕਾਰ, ਗੋਲਡੀ ਮਲਕ ਜੀ ਤੇ ਜੀਵਨ ਮੈਹਿਮੀ ਜੀ, ਵੀ ਸਾਰੇ ਸਾਥੀਆਂ ਦਾ ਧੰਨਵਾਦ ਕਰਦੇ ਹੋਏ, ਜਿਹਨਾਂ ਵੋਟਾਂ ਪਾਕੇ ਚਾਹਲ ਸਾਹਬ ਨੂੰ ਐਮ ਸੀ ਇਕ ਵਾਰ ਫਿਰ ਤੋਂ ਬਣਿਆ, ਤੇ ਨਾਲ ਇਹਨਾਂ ਦੇ ਮੈਂ ਤੁਹਾਡੀ ਆਪਣੀ ਸੱਤਿਅਮ ਬੋਧ । ਬਹੁਜਨ ਸਮਾਜ ਪਾਰਟੀ ਜ਼ਿੰਦਾਬਾਦ ਜੀ।

# ਬਹੁਜਨ ਸਮਾਜ ਪਾਰਟੀ ਸਰਬ ਸਮਾਜ ਦੀ ਪਾਰਟੀ, ਵੱਧ ਤੋਂ ਵੱਧ ਲੋਕ ਜੁੜਨ - ਚਰਨਜੀਤ ਸੁਮਨ

**ਬਲਾਚੌਰ, 2 ਜੂਨ (ਚਰਨਜੀਤ ਸੱਲ੍ਹਾ )** ਬਹੁਜਨ ਸਮਾਜ ਪਾਰਟੀ ਦੇ ਤਹਿਸੀਲ ਪ੍ਰਧਾਨ ਚਰਨਜੀਤ ਸੁਮਨ ਨੇ ਕਿਹਾ ਕਿ ਬਹੁਜਨ ਸਮਾਜ ਪਾਰਟੀ ਕਿਸੇ ਇੱਕ ਜਾਤੀ ਜਾਂ ਵਰਗ ਵਿਸ਼ੇਸ਼ ਦੀ ਪਾਰਟੀ ਨਹੀਂ ਹੈ, ਸਗੋਂ ਇਹ ਸਰਬ ਸਮਾਜ ਦੀ ਪਾਰਟੀ ਹੈ। ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਹਰ ਵਰਗ ਦੇ ਲੋਕਾਂ ਦੇ ਹੱਕਾਂ, ਸਨਮਾਨ ਅਤੇ ਤਰੱਕੀ ਲਈ ਸਮਰਪਿਤ ਹਨ। ਉਨ੍ਹਾਂ ਕਿਹਾ ਕਿ ਬਹੁਜਨ ਸਮਾਜ ਪਾਰਟੀ ਵੱਲੋਂ ਚਲਾਈ ਜਾ ਰਹੀ "ਪੰਜਾਬ ਸੰਭਾਲੋ ਮੁਹਿੰਮ" ਦਾ ਮੁੱਖ ਉਦੇਸ਼ ਪੰਜਾਬ ਨੂੰ ਦਰਪੇਸ਼ ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਚੁਣੌਤੀਆਂ ਤੋਂ ਬਚਾਉਣਾ ਅਤੇ ਸੂਬੇ ਨੂੰ ਤਰੱਕੀ ਦੇ ਰਾਹ 'ਤੇ ਲਿਆਉਣਾ ਹੈ।



ਇਸ ਮੁਹਿੰਮ ਦੀ ਅਗਵਾਈ ਧਰ. ਅਵਟਓਰ ਸ਼ਿਨਗਹ ਖਓਰਿਮਪੁਰਿ ਕਰ ਰਹੇ ਹਨ, ਜੋ ਲਗਾਤਾਰ ਪੰਜਾਬ ਦੇ ਲੋਕਾਂ ਨਾਲ ਸੰਪਰਕ ਕਰਕੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾ ਰਹੇ ਹਨ।

ਚਰਨਜੀਤ ਸੁਮਨ ਨੇ ਪੰਜਾਬ ਦੇ ਹਰ ਵਰਗ, ਭਾਈਚਾਰੇ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਬਹੁਜਨ ਸਮਾਜ ਪਾਰਟੀ ਨਾਲ ਜੁੜ ਕੇ ਪੰਜਾਬ ਨੂੰ ਮਜ਼ਬੂਤ, ਖੁਸ਼ਹਾਲ ਅਤੇ ਵਿਕਾਸਸ਼ੀਲ ਬਣਾਉਣ ਲਈ ਆਪਣਾ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਸਰਬ ਸਮਾਜ ਦੀ ਏਕਤਾ ਅਤੇ ਸਾਂਝੇ ਯਤਨਾਂ ਨਾਲ ਹੀ ਪੰਜਾਬ ਦੇ ਭਵਿੱਖ ਨੂੰ ਸੁਰੱਖਿਅਤ ਬਣਾਇਆ ਜਾ ਸਕਦਾ ਹੈ।

**ਜਾਰੀ ਕਰਤਾ:**
**ਚਰਨਜੀਤ ਸੁਮਨ**
**ਤਹਿਸੀਲ ਪ੍ਰਧਾਨ,**
**ਬਹੁਜਨ ਸਮਾਜ**
**ਪਾਰਟੀ, ਬਲਾਚੌਰ।**

# ਫੈਕਟਰੀ ਵਿੱਚ ਡਿਊਟੀ ਕਰਨ ਉਪਰੰਤ ਵਾਪਸ ਘਰ ਪਹੁੰਚਣ ਤੇ ਨੋਜਵਾਨ ਦੀ ਹਾਲਤ ਵਿਗੜੀ ਮਾਪਿਆਂ ਨੇ ਫੈਕਟਰੀ ਵਿੱਚ ਨੋਜਵਾਨ ਨੂੰ ਜ਼ਹਿਰੀਲੀ ਦਵਾਈ ਚੜ੍ਹਨ ਦਾ ਖਦਸ਼ਾ ਕੀਤਾ ਜ਼ਾਹਿਰ

**ਨਵਾਸ਼ਹਿਰ /ਕਾਠਗੜ੍ਹ (ਜਤਿੰਦਰ ਪਾਲ ਸਿੰਘ ਕਲੇਰ )** ਕਾਠਗੜ੍ਹ ਦੇ ਨੇੜੇ ਪਿੰਡ ਜੀਉਵਾਲ ਦੇ ਇੱਕ 22 ਸਾਲਾ ਨੌਜਵਾਨ ਦੀ ਨਿੱਜੀ ਫੈਕਟਰੀ ਵਿੱਚ ਕੰਮ ਕਰਦਾ ਸੀ ਜਦੋਂ ਉਹ ਫੈਕਟਰੀ ਤੋਂ ਆਪਣੀ ਡਿਊਟੀ ਖਤਮ ਕਰਕੇ ਆਪਣੇ ਘਰ ਪਹੁੰਚੀਆ ਤਾਂ ਅਚਾਨਕ ਉਸ ਨੋਜਵਾਨ ਸਿਹਤ ਵਿਗੜਨ ਕਾਰਨ ਮੌਤ ਹੋਣ ਦਾ ਦੁਖਦਾਈ ਸਮਾ-ਚਾਰ ਪ੍ਰਾਪਤ ਹੋਇਆ ਹੈ।
ਮ੍ਰਿਤਕ ਦੀ ਪਛਾਣ ਸ਼ਨੀ ਕੁਮਾਰ ਪੁੱਤਰ ਰਾਜੇਸ਼ ਕੁਮਾਰ ਵਾਸੀ ਜੀਉਵਾਲ ਥਾਣਾ ਕਾਠਗੜ੍ਹ ਜਿਲ੍ਹਾਂ ਸ਼ਹੀਦ ਭਗਤ ਸਿੰਘ ਨਗਰ ਵਜੋਂ ਹੋਈ ਹੈ, ਜੋ ਪਿਛਲੇ ਕਰੀਬ 6-7 ਮਹੀਨਿਆਂ ਤੋਂ ਇੱਕ ਨਿੱਜੀ ਫੈਕਟਰੀ ਵਿੱਚ ਕੰਮ ਕਰ ਰਿਹਾ ਸੀ। ਮਿਲੀ ਜਾਣਕਾਰੀ ਅਨੁਸਾਰ 31 ਮਈ ਨੂੰ ਨਾਈਟ ਡਿਊਟੀ ਕਰਨ ਤੋਂ ਬਾਅਦ ਜਦੋਂ ਉਹ ਸਵੇਰੇ ਕਰੀਬ 6 ਵਜੇ ਘਰ ਪਰਤਿਆ, ਤਾਂ ਉਸ ਦੀ ਤਬੀਅਤ ਕਾਫੀ ਖਰਾਬ ਹੋ ਗਈ। ਹਾਲਤ ਗੰਭੀਰ ਹੋਣ ਕਾਰਨ ਉਸ ਨੂੰ ਤੁਰੰਤ ਰੋਪੜ੍ਹ ਦੇ ਨਿਜੀ ਹਸਪਤਾਲ ਲਿਜਾਕੇ ਇਲਾਜ਼ ਕਰਵਾਇਆ ਗਿਆ। ਪਰ ਮੰਗਲਵਾਰ ਸਵੇਰੇ 5:30 ਵਜੇ ਉਸ ਦੀ ਮੌਤ ਹੋ ਗਈ। ਇਸ ਦੁਖਦਾਈ ਘਟਨਾ ਦੀ ਖਬਰ ਮਿਲਦਿਆਂ ਹੀ ਪਰਿਵਾਰਕ ਮੈਂਬਰਾਂ ਅਤੇ ਰਿਸ਼ਤੇਦਾਰਾਂ ਤੋਂ ਇਲਾਵਾ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ, ਜਿਨ੍ਹਾਂ ਵਿੱਚ ਪੰਡਿਤ ਬਾਲ ਕ੍ਰਿਸ਼ਨ, ਸਾਬਕਾ ਸਰਪੰਚ ਗਿਆਨ ਸਿੰਘ ਹੈਡੋਂਬੇਟ, ਲੰਬੜਦਾਰ ਬਲਵੀਰ ਸਿੰਘ, ਸਾਬਕਾ ਸਰਪੰਚ ਸੁੱਚਾ ਸਿੰਘ, ਮਨਮੋਹਨ ਸਿੰਘ, ਮਨੋਹਰ ਲਾਲ, ਕਰਨੈਲ ਸਿੰਘ ਭੱਲਾ, ਕਰਨ ਸਿੰਘ ਰਾਣਾ , ਰਾਮ ਸਰੂਪ ਸ਼ਰਮਾ, ਮਦਨ ਸ਼ਰਮਾ, ਸਰਪੰਚ ਬਲਵੀਰ ਸਿੰਘ ਭੰਗੂ, ਕਿਸ਼ਨਪੁਰ ਦੇ ਸਰਪੰਚ ਨਰੇਸ਼ ਸ਼ਰਮਾ, ਤਿਲਕਰਾਜ ਸਮੇਤ ਵੱਡੀ ਗਿਣਤੀ ਵਿੱਚ ਲੋਕ ਮ੍ਰਿਤਕ ਦੇ ਘਰ ਪਹੁੰਚੇ।ਮ੍ਰਿਤਕ ਸ਼ਨੀ ਕੁਮਾਰ ਦੇ ਪੀੜਤ ਮਾਪਿਆਂ ਨੇ ਇਸ ਸਬੰਧੀ ਪੁਲਿਸ ਕੋਲ ਆਪਣੇ ਬਿਆਨ ਦਰਜ ਕਰਵਾਉਂਦਿਆਂ ਗੰਭੀਰ ਦੋਸ਼ ਲਗਾਏ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਜਿਸ ਨਿੱਜੀ ਫੈਕਟਰੀ ਵਿੱਚ ਉਨ੍ਹਾਂ ਦਾ ਪੁੱਤਰ ਕੰਮ ਕਰਦਾ ਸੀ, ਉੱਥੇ ਕੰਮ ਦੇ ਦੌਰਾਨ ਉਸ ਨੂੰ ਕੋਈ ਜ਼ਹਿਰੀਲੀ ਦਵਾਈ ਚੜ੍ਹ ਗਈ, ਜਿਸ ਕਾਰਨ ਉਸ ਦੀ ਹਾਲਤ ਬੇਹੱਦ ਨਾਜ਼ੁਕ ਹੋ ਗਈ ਅਤੇ ਆਖਰਕਾਰ ਮੰਗਲਵਾਰ ਸਵੇਰੇ ਉਸ ਨੇ ਦਮ ਤੋੜ ਦਿੱਤਾ। ਪੀੜਤ ਪਰਿਵਾਰ ਨੇ ਪ੍ਰਸ਼ਾਸਨ ਅਤੇ ਪੁਲਿਸ ਪਾਸੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਇਸ ਪੂਰੇ ਮਾਮਲੇ ਦੀ ਬਾਰੀਕੀ ਅਤੇ ਡੂੰਘਾਈ ਨਾਲ ਉੱਚ ਪੱਧਰੀ ਜਾਂਚ ਕੀਤੀ ਜਾਵੇ ਅਤੇ ਜੋ ਵੀ ਇਸ ਅਣਗਹਿਲੀ ਲਈ ਜ਼ਿੰਮੇਵਾਰ ਜਾਂ ਦੋਸ਼ੀ ਪਾਇਆ ਜਾਵੇ, ਉਸ ਖਿਲਾਫ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।ਦੂਜੇ ਪਾਸੇ, ਜਦੋਂ ਇਸ ਪੂਰੇ ਮਾਮਲੇ ਨੂੰ ਲੈ ਕੇ ਸਥਾਨਕ ਪੁਲਿਸ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਪੁਲਿਸ ਵੱਲੋਂ ਮ੍ਰਿਤਕ ਨੌਜਵਾਨ ਦੀ ਮ੍ਰਿਤਕ ਦੇਹ ਦਾ ਪੋਸਟਮਾਰਟਮ ਕਰਵਾਕੇ ਮ੍ਰਿਤਕ ਦੇ ਮਾਪਿਆਂ ਨੂੰ ਸੌਂਪ ਦਿੱਤਾ ਜਾਵੇਗਾ ਅਤੇ ਪੁਲਿਸ ਵਲੋਂ ਪਰਿਵਾਰ ਦੇ ਬਿਆਨ ਵੀ ਕਲਮਬੰਦ ਕਰ ਲਏ ਹਨ। ਅਧਿਕਾਰੀਆਂ ਨੇ ਭਰੋਸਾ ਦਵਾਇਆ ਕਿ ਮਾਮਲੇ ਦੀ ਹਰ ਪਹਿਲੂ ਤੋਂ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ, ਜੇਕਰ ਕੋਈ ਵੀ ਵਿਅਕਤੀ ਜਾਂ ਪ੍ਰਬੰਧਕ ਦੋਸ਼ੀ ਪਾਇਆ ਗਿਆ, ਤਾਂ ਉਸ ਦੇ ਖਿਲਾਫ ਕਾਨੂੰਨ ਮੁਤਾਬਕ ਸਖਤ ਕਾਰਵਾਈ ਕੀਤੀ ਜਾਵੇਗੀ।
ਜਦੋਂ ਪੱਖ ਜਾਣਨ ਲਈ ਫੈਕਟਰੀ ਦੇ ਅਧਿਕਾਰੀਆਂ ਨੂੰ ਵਾਰ ਵਾਰ ਕੀਤਾ ਪਰ ਉਹਨਾਂ ਨੇ ਫੋਨ ਨਹੀਂ ਚੁੱਕਿਆ।



# ਮੈਨੇਜਰ ਦੀਪਕ ਕਸਾਣਾ ਨੂੰ ਬਦਲੀ ਹੋਣ 'ਤੇ ਦਿੱਤੀ ਵਿਦਾਇਗੀ ਪਾਰਟੀ

**ਨਵਾਂਸ਼ਹਿਰ /ਕਾਠਗੜ੍ਹ 2 ਜੂਨ (ਜਤਿੰਦਰ ਪਾਲ ਸਿੰਘ ਕਲੇਰ )** ਪੰਜਾਬ ਗ੍ਰਾਮੀਣ ਬੈਂਕ ਕਾਠਗੜ੍ਹ ਦੇ ਮੈਨੇਜਰ ਦੀਪਕ ਕਸਾਣਾ ਨੂੰ ਉਹਨਾਂ ਦੀ ਬਦਲੀ ਹੋ ਜਾਣ 'ਤੇ ਵਿਦਾਇਗੀ ਪਾਰਟੀ ਦਿੱਤੀ ਗਈ। ਇਸ ਮੌਕੇ ਇਲਾਕੇ ਦੀਆਂ ਉੱਘੀਆਂ ਸਖਸ਼ੀਅਤਾਂ ਵਲੋਂ ਮੈਨੇਜਰ ਦੀਪਕ ਕਸਾਣਾ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਾਬਲ ਸਿੰਘ ਚੇਚੀ ਰਿਟਾ: ਏ ਐੱਸ ਆਈ ਵਿਜੀਲੈਂਸ, ਜਸਪਾਲ ਸਿੰਘ ਚੇਚੀ ਸੇਵਾ-ਮੁਕਤ ਰੇਂਜ ਅਫਸਰ ਅਤੇ ਮਾਸਟਰ ਰਵਿੰਦਰ ਕਸਾਣਾ ਸੂਰਾਪੁਰੀ ਨੇ ਕਿਹਾ ਕਿ ਮੈਨੇਜਰ ਦੀਪਕ ਕਸਾਣਾ ਨੇ ਆਪਣੀ ਮਿਹਨਤ ਅਤੇ ਲਗਨ ਨਾ਼ਲ ਬਰਾਂਚ ਨੂੰ



ਬੁਲੰਦੀਆਂ ਤੇ ਪਹੁੰਚਾਇਆ ਹੈ, ਉਥੇ ਇਸ ਇਲਾਕੇ ਦੇ ਲੋਕਾਂ ਵਿੱਚ ਭਾਈਚਾਰਕ ਸਾਂਝ ਮਜ਼ਬੂਤ ਕਰਕੇ ਆਪਣੀ ਵੱਖਰੀ ਪਹਿਚਾਣ ਬਣਾਈ ਹੈ। ਉਹਨਾਂ ਦੀਪਕ ਕਸਾਣਾ ਨੂੰ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।
ਇਸ ਮੌਕੇ ਕਮਲਜੀਤ ਚੇਚੀ ਨਿੱਘੀ, ਨੰਬਰਦਾਰ ਜਸਪਾਲ ਭਾਟੀਆ, ਹੈਪੀ ਥੋਪੀਆ, ਨਰਵਪ੍ਰੀਤ ਸਿੰਘ ਨੋਨੀ, ਨਰੇਸ਼ ਚੇਚੀ, ਅਮਨਦੀਪ ਸਿੰਘ ਚੇਚੀ ਸਮੇਤ ਅਮਨ ਕੁਮਾਰ ਸਹਾਇਕ ਮੈਨੇਜਰ, ਹਿਮਾਂਸ਼ੂ, ਪਰਵਿੰਦ ਕੁਮਾਰ, ਹੇਮੰਤ, ਸੁਰਜੀਤ ਸਿੰਘ ਦਿਆਲ, ਕਮਲਜੀਤ ਕੌਰ ਆਦਿ ਸਟਾਫ ਮੈਂਬਰ ਅਤੇ ਪਤਵੰਤੇ ਹਾਜ਼ਰ ਸਨ।
ਕੈਂਪਸ਼ਨ: ਕਾਠਗੜ੍ਹ ਵਿਖੇ ਮੈਨੇਜਰ ਦੀਪਕ ਕਸਾਣਾ ਨੂੰ ਯਾਦਗਾਈ ਚਿੰਨ੍ਹ ਭੇਟ ਕਰਦੇ ਹੋਏ ਪਤਵੰਤੇ।

# ਉੱਘੇ ਸਮਾਜ ਸੇਵਕ ਬਾਬਾ ਨੌਬਤ ਰਾਏ ਜੀ ਦੀ 12ਵੀਂ ਬਰਸੀ ਬੜੀ ਸ਼ਰਧਾ ਨਾਲ ਮਨਾਈ ਗਈ

### ਰਾਜਾ ਹਸਪਤਾਲ ਵਿਖੇ ਪੂਰੇ ਸਾਲ ਜਰੂਰਤਮੰਦ ਮਰੀਜ਼ਾਂ ਲਈ 2 ਬੈਡ ਰਿਜ਼ਰਵ ਰੱਖੇ ਜਾਣਗੇ



**ਨਵਾਂ ਸ਼ਹਿਰ, 2 ਜੂਨ ((ਮਨੋਰੰਜਨ ਕਾਲੀਆ)** ਇਲਾਕੇ ਦੇ ਉੱਘੇ ਸਮਾਜ ਸੇਵਕ ਸਵਰਗੀ ਬਾਬਾ ਨੌਬਤ ਰਾਏ ਜੀ ਦੀ 12ਵੀਂ ਬਰਸੀ ਦੋਆਬਾ ਸੇਵਾ ਸੰਮਤੀ ਦੇ ਪ੍ਰਧਾਨ ਡਾ. ਜਸਵਿੰਦਰ ਸਿੰਘ ਅਤੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਦੀ ਅਗਵਾਈ ਹੇਠ ਬਹੁਤ ਹੀ ਸਾਦਗੀ ਅਤੇ ਸ਼ਰਧਾ ਨਾਲ ਮਨਾਈ ਗਈ। ਅੱਜ ਰਾਜਾ ਹਸਪਤਾਲ ਦੇ ਮੀਟਿੰਗ ਹਾਲ ਵਿੱਚ ਹੋਏ ਇੱਕ ਪ੍ਰੋਗਰਾਮ ਵਿੱਚ ਸਾਰੇ ਮੈਂਬਰਾਂ ਨੇ ਬਾਬਾ ਨੌਬਤ ਰਾਏ ਜੀ ਦੀ ਫੋਟੋ 'ਤੇ ਫੁੱਲ ਭੇਟ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਦੋਆਬਾ ਸੇਵਾ ਸੰਮਤੀ ਦੇ ਪ੍ਰਧਾਨ ਡਾ. ਜਸਵਿੰਦਰ ਸਿੰਘ, ਜਨਰਲ ਸਕੱਤਰ ਰਤਨ ਕੁਮਾਰ ਜੈਨ, ਪ੍ਰਵੇਸ਼ ਕੁਮਾਰ, ਕਮਲ ਕੁਮਾਰ ਅਨੇਜਾ, ਮਾਸਟਰ ਹੁਸਨ ਲਾਲ, ਅਸ਼ੋਕ ਸ਼ਰਮਾ, ਸੇਵਾਮੁਕਤ ਬੈਂਕ ਮੈਨੇਜਰ ਗੁਰਦੀਪ ਸਿੰਘ ਹਾਫਿਜ਼ਾਬਾਦੀ ਅਤੇ ਗੁਰਮੀਤ ਰਾਮ ਨੇ ਬਾਬਾ ਨੌਬਤ ਰਾਏ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਦੀ ਖੇਤਰ ਪ੍ਰਤੀ ਸੇਵਾ ਅਤੇ ਦੋਆਬਾ ਸੇਵਾ ਸੰਮਤੀ ਨੂੰ ਦਿੱਤੇ ਮਾਰਗਦਰਸ਼ਨ ਨੂੰ ਯਾਦ ਕੀਤਾ। ਇਸ ਮੌਕੇ ਬਾਬਾ ਨੌਬਤ ਰਾਏ ਜੀ ਦੁਆਰਾ ਸ਼ੁਰੂ ਕੀਤੇ ਗਏ ਸਫਲ ਸੇਵਾ ਕਾਰਜ ਨੂੰ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ। ਇਸ ਮੌਕੇ 'ਤੇ, ਦੋਆਬਾ ਸੇਵਾ ਸਮਿਤੀ ਦੇ ਮੁਖੀ ਡਾ. ਜਸਵਿੰਦਰ ਸਿੰਘ ਨੇ ਐਲਾਨ ਕੀਤਾ ਕਿ, ਡਾ. ਕਾਬਲ ਸਿੰਘ ਵੈਲਫੇਅਰ ਟਰੱਸਟ ਦੇ ਸਹਿਯੋਗ ਨਾਲ, ਬਾਬਾ ਨੌਬਤ ਰਾਏ ਜੀ ਦੀ ਬਰਸੀ ਮਨਾਉਣ ਲਈ ਰਾਜਾ ਹਸਪਤਾਲ ਵਿੱਚ ਦੋ ਬਿਸਤਰੇ ਰਾਖਵੇਂ ਰੱਖੇ ਜਾਣਗੇ। ਇਹ ਬਿਸਤਰੇ ਬਹੁਤ ਘੱਟ ਦਰ 'ਤੇ ਲੋੜਵੰਦ ਮਰੀਜ਼ਾਂ ਲਈ ਇਲਾਜ ਲਈ ਉਪਲਬਧ ਹੋਣਗੇ। ਇਸ ਮੌਕੇ 'ਤੇ ਸਾਰੇ ਮੈਂਬਰਾਂ ਨੇ ਦੁੱਖ ਪ੍ਰਗਟ ਕੀਤਾ ਕਿ ਬਾਬਾ ਨੌਬਤ ਰਾਏ ਜੀ ਨੇ ਆਪਣੀ ਜ਼ਿੰਦਗੀ ਦੇ 65 ਸਾਲ ਇਸ ਖੇਤਰ ਦੇ ਲੋਕਾਂ ਦੀ ਸੇਵਾ ਲਈ ਸਮਰਪਿਤ ਕੀਤੇ। ਫਿਰ ਵੀ, ਉਨ੍ਹਾਂ ਦੀ ਮੌਤ ਤੋਂ 12 ਸਾਲ ਬਾਅਦ ਵੀ, ਉਨ੍ਹਾਂ ਲਈ ਕੋਈ ਯਾਦਗਾਰ ਨਹੀਂ ਬਣਾਈ ਗਈ। ਸਮਾਜ ਸੇਵਕ ਰਤਨ ਕੁਮਾਰ ਜੈਨ ਨੇ ਕਿਹਾ ਕਿ ਬਾਬਾ ਨੌਬਤ ਰਾਏ ਜੀ ਦੇ ਸਮਾਜ ਸੇਵਾ ਦੇ ਖੇਤਰ ਵਿੱਚ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਅੱਗੇ ਕਿਹਾ ਕਿ ਬਾਬਾ ਨੌਬਤ ਰਾਏ ਜੀ ਲਈ ਇੱਕ ਯਾਦਗਾਰ ਸਥਾਪਤ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਉਹ ਇਸ ਨੂੰ ਪ੍ਰਾਪਤ ਕਰਨ ਲਈ ਹਰ ਸੰਭਵ ਯਤਨ ਕਰਨਗੇ, ਤਾਂ ਜੋ ਨੌਜਵਾਨ ਪੀੜ੍ਹੀ ਨੂੰ ਸਮਾਜ ਸੇਵਾ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ ਜਾ ਸਕੇ। ਅੰਤ ਵਿੱਚ, ਸਾਰਿਆਂ ਨੇ ਦੋ ਮਿੰਟ ਦਾ ਮੌਨ ਧਾਰਨ ਕੀਤਾ ਅਤੇ ਬਾਬਾ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ।

# ਕੈਂਟਰ ਯੂਨੀਅਨ ਅਤੇ ਟੈਂਪੂ ਯੂਨੀਅਨ ਨੇ ਮਿਲ ਕੇ ਲਗਾਈ ਨਿੰਬੂ ਪਾਣੀ ਦੀ ਛਬੀਲ



**ਨਵਾਂਸ਼ਹਿਰ /ਕਾਠਗੜ੍ਹ, 2 ਜੂਨ (ਜਤਿੰਦਰ ਪਾਲ ਸਿੰਘ ਕਲੇਰ):** ਰੋਪੜ-ਬਲਾਚੌਰ ਨੈਸ਼ਨਲ ਹਾਈਵੇ 'ਤੇ ਸਥਿਤ ਕਾਠਗੜ੍ਹ ਮੋੜ ਵਿਖੇ ਕੈਂਟਰ ਯੂਨੀਅਨ ਅਤੇ ਟੈਂਪੂ (407) ਯੂਨੀਅਨ ਵੱਲੋਂ ਸਾਂਝੇ ਤੌਰ 'ਤੇ ਨਿੰਬੂ ਪਾਣੀ ਦੀ ਛਬੀਲ ਲਗਾਈ ਗਈ। ਇਹ ਛਬੀਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਦਿਆਂ ਲਗਾਈ ਗਈ। ਛਬੀਲ ਦੀ ਸ਼ੁਰੂਆਤ ਮੌਕੇ ਸੰਤ ਬਾਬਾ ਦੀਦਾਰ ਸਿੰਘ ਜੀ ਕਿਸ਼ਨਪੁਰ ਭਰਥਲਾ ਵਾਲਿਆਂ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਉਪਰੰਤ ਪ੍ਰਸ਼ਾਦ ਵੰਡ ਕੇ ਛਬੀਲ ਸ਼ੁਰੂ ਕੀਤੀ ਗਈ। ਯੂਨੀਅਨ ਦੇ ਮੈਂਬਰਾਂ ਵੱਲੋਂ ਹਾਈਵੇ ਤੋਂ ਲੰਘਣ ਵਾਲੇ ਹਰ ਆਉਣ-ਜਾਣ ਵਾਲੇ ਵਾਹਨ ਨੂੰ ਰੋਕ ਕੇ ਰਾਹਗੀਰਾਂ ਨੂੰ ਸ਼ਰਧਾਪੂਰਵਕ ਨਿੰਬੂ ਪਾਣੀ ਪਿਲਾਇਆ ਗਿਆ। ਇਸ ਮੌਕੇ ਬਾਬਾ ਦੀਦਾਰ ਸਿੰਘ ਤੋਂ ਇਲਾਵਾ ਪ੍ਰਧਾਨ ਧਰਮਚੰਦ ਕੋਹਲੀ, ਸੁਸ਼ੀਲ ਕੁਮਾਰ ਕੋਹਲੀ, ਮੇਜਰ ਸਿੰਘ, ਪ੍ਰਵੀਣ ਕੁਮਾਰ, ਅਵਤਾਰ ਸਿੰਘ, ਕੁਲਵੀਰ ਸਿੰਘ, ਚਰਨਜੀਤ ਸਿੰਘ, ਜਸਪਾਲ, ਬਲਬੀਰ ਸਿੰਘ, ਬਾਲੀ ਰਾਮ, ਸਰਵਜੀਤ ਸਿੰਘ, ਰਵੀ ਕੁਮਾਰ, ਕਮਲਜੀਤ, ਮੰਗਤ ਸਿੰਘ, ਸ਼ੰਟੀ ਖੇਪੜ, ਬਾਲ ਕ੍ਰਿਸ਼ਨ, ਪਰਮਜੀਤ ਅਤੇ ਸਤੀਸ਼ ਸ਼ਰਮਾ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਅਤੇ ਯੂਨੀਅਨ ਮੈਂਬਰ ਹਾਜ਼ਰ ਸਨ।

# ਸਾਹਿਬਜ਼ਾਦਾ ਅਜੀਤ ਸਿੰਘ ਅਕੈਡਮੀ ਦੀ ਕੋਹਿਨੂਰ ਨੇ ਕਰਾਟੇ ਵਿੱਚ ਜਿੱਤਿਆ ਸੋਨ ਤਮਗਾ

**ਰੋਪੜ, 02 ਜੂਨ (ਰੋਮੀ ਘੜਾਮਾਂ):** ਸਾਹਿਬਜ਼ਾਦਾ ਅਜੀਤ ਸਿੰਘ ਅਕੈਡਮੀ, ਰੋਪੜ ਵਿਖੇ ਪੰਜਵੀਂ ਜਮਾਤ ਵਿੱਚ ਪੜ੍ਹਦੀ ਕੋਹਿਨੂਰ ਕੌਰ (9 ਸਾਲ) ਨੇ ਜ਼ਿਲ੍ਹਾ ਪੱਧਰੀ ਕਰਾਟੇ ਚੈਂਪੀਅਨਸ਼ਿਪ 2026 ਦੇ 34+ ਕਿੱਲੋ ਭਾਰ ਵਰਗ ਵਿੱਚ ਸੋਨ ਤਮਗਾ ਜਿੱਤ ਕੇ ਆਪਣੇ ਜਿਲ੍ਹੇ, ਸਕੂਲ ਅਤੇ ਮਾਪਿਆਂ ਦਾ ਮਾਣ ਵਧਾਇਆ। ਜੈ ਦੇਵ ਸਿੰਘ ਅਤੇ ਕੰਚਨ ਦੀ ਇਸ ਲਾਡਲੀ ਤੇ ਹੋਣਹਾਰ ਨੰਨ੍ਹੀ ਧੀ ਰਾਣੀ ਨੂੰ ਜਿਲ੍ਹਾ ਖੇਡ ਅਫ਼ਸਰ ਜਗਜੀਵਨ ਸਿੰਘ ਨੇ ਸੋਨ ਤਮਗੇ ਨਾਲ਼ ਉਚੇਚੇ ਤੌਰ 'ਤੇ ਸਨਮਾਨਿਤ ਕੀਤਾ। ਇਸ ਮੌਕੇ ਵਰਲਡ ਚੈਂਪੀਅਨ ਜੁਝਾਰ ਸਿੰਘ ਟਾਈਗਰ, ਪ੍ਰਿੰਸੀਪਲ ਵਿਸ਼ਾਲ ਸ਼ਾਰਦਾ, ਬਲਜਿੰਦਰ ਸਿੰਘ,ਦਵਿੰਦਰ ਸਿੰਘ ਘਨੌਲਾ , ਗੁਰਪ੍ਰੀਤ ਸਿੰਘ ਚੇਅਰਮੈਨ 'ਕੌਰ ਵੈੱਲਫੇਅਰ ਫਾਊਂਡੇਸ਼ਨ', ਸਤਨਾਮ ਸਿੰਘ (ਪ੍ਰਧਾਨ), ਸੰਦੀਪ ਕੁਮਾਰ ਨਿੱਕਾ, ਕਰਾਟੇ ਕੋਚ ਅਤੁਲ ਸ਼ਰਮਾ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।



# ਪਿੰਡ ਖੜਿਆਲ ਦੀ ਬੇਟੀ ਸਹਿਨੂਰ ਬਾਵਾ ਅਥੈਲਟਿਕਸ ਵਿੱਚ ਜਿੱਤਿਆ ਗੋਲਡ

### ਵਿੱਤ ਮੰਤਰੀ ਚੀਮਾਂ ਸਮੇਤ ਹੋਰਨਾਂ ਦਿੱਤੀਆਂ ਵਧਾਈਆਂ



**ਦਿੜ੍ਹਬਾ ਮੰਡੀ ਨਕੋਦਰ ਮਹਿਤਪੁਰ 02 ਜੂਨ (ਹਰਜਿੰਦਰ ਪਾਲ ਛਾਬੜਾ)** ਨੇੜਲੇ ਪਿੰਡ ਖੜਿਆਲ ਦੀ ਜੰਮਪਲ ਬੱਚੀ ਸਹਿਨੂਰ ਬਾਵਾ ਪੁੱਤਰੀ ਦਰਸ਼ਨ ਦਾਸ ਨੇ ਬੀਤੇ ਦਿਨੀ ਏਸ਼ੀਅਨ ਖੇਡਾਂ ਵਿੱਚ 400 ਮੀਟਰ ਦੌੜ ਵਿੱਚ ਗੋਲਡ ਮੈਡਲ ਜਿੱਤਿਆ ਹੈ । ਜਿਸ ਨੂੰ ਲੈ ਕੇ ਪੂਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ । ਇਸ ਵਕਤ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਾ ਹੋਇਆ ਹੈ ।ਇਸ ਮੌਕੇ ਐਡਵੋਕੇਟ ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਪੰਜਾਬ ਨੇ ਸਾਡੇ ਪ੍ਰਤੀਨਿਧ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬਹੁਤ ਹੀ ਮਾਣ ਦੀ ਗੱਲ ਹੈ ਕਿ ਅਸੀਂ ਖੇਡਾਂ ਦੇ ਖੇਤਰ ਵਿੱਚ ਲਗਾਤਾਰ ਅੱਗੇ ਵਧ ਰਹੇ ਹਾਂ । ਪੰਜਾਬ ਸਰਕਾਰ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ । ਪਿੰਡ ਖੜਿਆਲ ਵਿਖੇ ਵੀ ਇਕ ਚੰਗਾ ਖੇਡ ਸਟੇਡੀਅਮ ਬਣਾਇਆ ਜਾ ਰਿਹਾ ਹੈ ਜਿਸ ਨਾਲ ਹੋਰ ਖਿਡਾਰੀਆਂ ਨੂੰ ਵੀ ਵਧੀਆ ਪ੍ਰਦਰਸ਼ਨ ਕਰਨ ਦਾ ਮੌਕਾ ਮਿਲੇਗਾ ।ਇਸ ਵਕਤ ਕਾਂਗਰਸ ਜ਼ਿਲਾ ਪ੍ਰਧਾਨ ਜਗਦੇਵ ਸਿੰਘ ਗਾਗਾ, ਸ੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਇੰਚਾਰਜ ਗੁਲਜ਼ਾਰ ਸਿੰਘ ਮੂਣਕ ਨੇ ਵੀ ਬੇਟੀ ਬਾਵਾ ਨੂੰ ਵਧਾਈ ਦਿੱਤੀ ।ਪੰਜਾਬ ਕਬੱਡੀ ਐਸੋਸੀਏਸ਼ਨ ਜਿਲਾ ਸੰਗਰੂਰ, ਸਸਟੋਬਾਲ ਐਸੋਸੀਏਸ਼ਨ ਵੈੱਲਫੇਅਰ ਪੰਜਾਬ ਦੀ ਸਮੁੱਚੀ ਟੀਮ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ, ਜਰਨਲ ਸਕੱਤਰ ਡਾ ਜਨਕ ਰਾਜ ਸ਼ਰਮਾ,ਬਲਜੀਤ ਸਿੰਘ ਮਾਨ ਸੀਨੀਅਰ ਵਾਈਸ ਪ੍ਰਧਾਨ ਪੰਜਾਬ,ਚੇਅਰਮੈਨ ਡਾ ਮੱਘਰ ਸਿੰਘ ਸਿਹਾਲ, ਸੀਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ ਕਾਲਾ, ਮੀਤ ਪ੍ਰਧਾਨ ਬਲਜੀਤ ਸਿੰਘ ਢੀਂਡਸਾ, ਆਰਗਨੇਜਰ ਸਕੱਤਰ ਹਰਪਾਲ ਸਿੰਘ ਖੜਿਆਲ ਚੇਅਰਮੈਨ ਪੀ ਏ ਡੀ ਬੀ ਸੁਨਾਮ, ਪ੍ਰੈਸ ਸਕੱਤਰ ਸਤਪਾਲ ਸਿੰਘ ਮਾਹੀ, ਭੁਪਿੰਦਰ ਸਿੰਘ ਪਟਵਾਰੀ, ਦਵਿੰਦਰ ਸਿੰਘ ਭਾਈ ਕੀ ਪਿਸ਼ੌਰ, ਸੁਖਰਾਜ ਸਿੰਘ ਮਾਨ, ਹੀਰਾ ਸਿੰਘ ਸਤੌਜ ਨੇ ਵੀ ਸਹਿਨੂਰ ਬਾਵਾ ਨੂੰ ਵਧਾਈ ਦਿੰਦਿਆਂ ਉਸਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ ।

# 'ਆਪ' ਸਰਕਾਰ ਵੱਲੋਂ ਬਿਕਰਮ ਸਿੰਘ ਮਜੀਠੀਆ ਨੂੰ ਮੁੜ ਗ੍ਰਿਫ਼ਤਾਰ ਕਰਨ ਦੀ ਰਚੀ ਜਾ ਰਹੀ ਸਾਜ਼ਿਸ਼ - ਹਨੀ ਟੌਂਸਾ



**ਨਵਾਂਸ਼ਹਿਰ , 2 ਜੂਨ (ਜਤਿੰਦਰਪਾਲ ਸਿੰਘ ਕਲੇਰ) :** ਪੰਜਾਬ ਦੀ ਸਿਆਸਤ ਵਿੱਚ ਇੱਕ ਵਾਰ ਫਿਰ ਤੋਂ ਗਰਮਾ-ਗਰਮੀ ਦਾ ਮਾਹੌਲ ਬਣ ਗਿਆ ਹੈ। ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਹਲਕਾ ਬਲਾਚੌਰ ਤੋਂ ਇੰਚਾਰਜ ਸੰਦੀਪ ਚੌਧਰੀ (ਹਨੀ ਟੌਂਸਾ) ਨੇ ਮੌਜੂਦਾ ਆਮ ਆਦਮੀ ਪਾਰਟੀ (ਆਪ) ਸਰਕਾਰ 'ਤੇ ਸਿਆਸੀ ਬਦਲਾਖੋਰੀ ਦੇ ਗੰਭੀਰ ਦੋਸ਼ ਲਗਾਏ ਹਨ। ਅਕਾਲੀ ਆਗੂ ਨੇ ਦੋਸ਼ ਲਗਾਇਆ ਕਿ 'ਆਪ' ਸਰਕਾਰ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਇੱਕ ਵਾਰ ਫਿਰ ਤੋਂ ਝੂਠੇ ਕੇਸ ਵਿੱਚ ਉਲਝਾ ਕੇ ਮੁੜ ਗ੍ਰਿਫ਼ਤਾਰ ਕਰਨ ਦੀ ਡੂੰਘੀ ਸਾਜ਼ਿਸ਼ ਰਚੀ ਜਾ ਰਹੀ ਹੈ, ਜਿਸ ਦੀ ਉਹ ਅਤੇ ਉਨ੍ਹਾਂ ਦੀ ਪਾਰਟੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹਨ।ਹਨੀ ਟੌਂਸਾ ਨੇ ਮੌਜੂਦਾ ਸਿਆਸੀ ਸਥਿਤੀ 'ਤੇ ਤੰਜ਼ ਕੱਸਦਿਆਂ ਆਖਿਆ ਕਿ ਆਮ ਆਦਮੀ ਪਾਰਟੀ ਦੀ ਦਿੱਲੀ ਲੀਡਰਸ਼ਿਪ ਨੂੰ ਹੁਣ ਸਾਫ਼ ਤੌਰ 'ਤੇ ਨਜ਼ਰ ਆ ਰਿਹਾ ਹੈ ਕਿ ਪੰਜਾਬ ਦੀ ਸੱਤਾ ਅਤੇ ਲੋਕਾਂ ਦਾ ਵਿਸ਼ਵਾਸ ਉਨ੍ਹਾਂ ਦੇ ਹੱਥੋਂ ਖਿਸਕਦਾ ਜਾ ਰਿਹਾ ਹੈ। ਆਪਣੀ ਖਿਸਕਦੀ ਸਿਆਸੀ ਜ਼ਮੀਨ ਅਤੇ ਨਾਕਾਮੀਆਂ ਨੂੰ ਲੁਕਾਉਣ ਲਈ ਹੀ ਦਿੱਲੀ ਦੇ ਇਸ਼ਾਰੇ 'ਤੇ ਪੰਜਾਬ ਦੀ ਲੀਡਰਸ਼ਿਪ ਵੱਲੋਂ ਇਹ ਵਿਉਂਤਬੰਦੀ ਕੀਤੀ ਜਾ ਰਹੀ ਹੈ ਤਾਂ ਜੋ ਵਿਰੋਧੀ ਧਿਰਾਂ ਦੀ ਆਵਾਜ਼ ਨੂੰ ਦਬਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਅਜਿਹੀਆਂ ਸਿਆਸੀ ਸਾਜ਼ਿਸ਼ਾਂ ਅਤੇ ਡਰਾਵੇ ਅਕਾਲੀ ਦਲ ਦੇ ਹੌਸਲਿਆਂ ਨੂੰ ਪਸਤ ਨਹੀਂ ਕਰ ਸਕਦੇ।ਅਕਾਲੀ ਆਗੂ ਨੇ ਸਰਕਾਰ ਨੂੰ ਸਪੱਸ਼ਟ ਚੇਤਾਵਨੀ ਦਿੰਦਿਆਂ ਕਿਹਾ ਕਿ ਸਮੁੱਚਾ ਸ਼੍ਰੋਮਣੀ ਅਕਾਲੀ ਦਲ ਅਤੇ ਪਾਰਟੀ ਦਾ ਹਰ ਇੱਕ ਵਰਕਰ ਚੱਟਾਨ ਵਾਂਗ ਬਿਕਰਮ ਸਿੰਘ ਮਜੀਠੀਆ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ। ਸਰਕਾਰ ਦੀਆਂ ਇਨ੍ਹਾਂ ਧੱਕੇਸ਼ਾਹੀਆਂ ਅਤੇ ਸਾਜ਼ਿਸ਼ਾਂ ਦਾ ਡਟ ਕੇ ਮੁਕਾਬਲਾ ਕੀਤਾ ਜਾਵੇਗਾ ਅਤੇ ਪਾਰਟੀ ਲੀਡਰਸ਼ਿਪ ਕਿਸੇ ਵੀ ਤਰ੍ਹਾਂ ਦੇ ਸਿਆਸੀ ਜਬਰ ਅੱਗੇ ਝੁਕਣ ਵਾਲੀ ਨਹੀਂ ਹੈ।

# ਡਿਪਟੀ ਕਮਿਸ਼ਨਰ ਵਲੋਂ ਜ਼ਿਲ੍ਹੇ ਅੰਦਰ ਚੱਲ ਰਹੀ ਨਸ਼ਾ ਅਤੇ ਸਮਾਜਿਕ-ਆਰਥਿਕ ਜਨਗਣਨਾ ਦੀ ਪ੍ਰਗਤੀ ਦਾ ਜਾਇਜ਼ਾ

**ਨਵਾਂਸ਼ਹਿਰ, 2 ਜੂਨ (ਜਤਿੰਦਰ ਪਾਲ ਸਿੰਘ ਕਲੇਰ )** ਪੰਜਾਬ ਸਰਕਾਰ ਵਲੋਂ ਸੂਬੇ ਅੰਦਰ ਕਰਵਾਈ ਜਾ ਰਹੀ ਨਸ਼ਾ ਅਤੇ ਸਮਾਜਿਕ-ਆਰਥਿਕ ਜਨਗਣਨਾ ਦੀ ਪ੍ਰਗਤੀ ਜਾਇਜ਼ਾ ਡਿਪਟੀ ਕਮਿਸ਼ਨਰ ਗੁਰਪ੍ਰੀਤ ਸਿੰਘ ਔਲਖ ਵਲੋਂ ਵੱਖ-ਵੱਖ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਲਿਆ ਗਿਆ। ਇਸ ਮੌਕੇ ਤੇ ਵਧੀਕ ਡਿਪਟੀ ਕਮਿਸ਼ਨਰ (ਪੇ. ਵਿਕਾਸ) ਅਵਨੀਤ ਕੌਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਭਲਾਈ ਯੋਜਨਾਬੰਦੀ ਨੂੰ ਬਿਹਤਰ ਬਣਾਉਣ ਲਈ ਇਹ ਜਨਗਣਨਾ ਕਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਗਿਣਤੀਕਾਰ ਘਰ ਘਰ ਜਾ ਕੇ ਡਾਟਾ ਇਕੱਠਾ ਕਰਨਗੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਜਨਗਣਨਾ ਦੌਰਾਨ ਜ਼ਿਲ੍ਹਾ ਵਾਸੀਆਂ ਵਲੋਂ ਦਿੱਤੀ ਗਈ ਜਾਣਕਾਰੀ ਨੂੰ ਪੂਰਨ ਤੌਰ 'ਤੇ ਗੁਪਤ ਅਤੇ ਸੁਰੱਖਿਅਤ ਰੱਖਿਆ ਜਾਵੇਗਾ ਤੇ ਇਕੱਤਰ ਡਾਟਾ ਸਿਰਫ ਨੀਤੀ ਯੋਜਨਾਬੰਦੀ ਅਤੇ ਭਲਾਈ ਕਾਰਜਾਂ ਲਈ ਹੀ ਵਰਤਿਆ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਕੋਈ ਵੀ ਜਾਣਕਾਰੀ ਕਿਸੇ ਵੀ ਸ਼ਜਾ ਵਾਲੀ ਕਾਰਵਾਈ ਲਈ ਨਹੀਂ ਵਰਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਜ਼ਿਲ੍ਹੇ ਵਿੱਚ



ਕਰਵਾਈ ਜਾ ਰਹੀ ਜਨਗਣਨਾ ਦਾ ਉਦੇਸ਼ ਨਸ਼ੇ ਕਰਨ ਦੀ ਹੱਦ ਅਤੇ ਇਸ ਦੇ ਪ੍ਰਭਾਵ ਦਾ ਮੁਲਾਂਕਣ ਕਰਨਾ, ਪਰਿਵਾਰ ਦੀਆਂ ਸਮਾਜਿਕ ਅਤੇ ਆਰਥਿਕ ਸਥਿਤੀਆਂ ਨੂੰ ਸਮਝਣਾ, ਸਰਕਾਰੀ ਯੋਜਨਾਵਾਂ ਦੀ ਪਹੁੰਚ ਤੇ ਪ੍ਰਭਾਵ ਦਾ ਮੁਲਾਂਕਣ ਤੇ ਬਿਹਤਰ ਭਲਾਈ ਯੋਜਨਾਵਾਂ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਜਨਗਣਨਾ ਬਿਹਤਰ ਸਿਹਤ ਸੰਭਾਲ ਅਤੇ ਨਸ਼ਾ ਛੁਡਾਊ ਸੇਵਾਵਾਂ ਮੁਹੱਈਆ ਕਰਵਾਉਣ, ਰੋਜ਼ਗਾਰ ਅਤੇ ਰੋਜ਼ੀ-ਰੋਟੀ ਦੇ ਬਿਹਤਰ ਮੌਕੇ ਮੁਹੱਈਆ ਕਰਵਾਉਣ, ਸਿੱਖਿਆ ਅਤੇ ਸਮਾਜ ਭਲਾਈ ਪ੍ਰਣਾਲੀਆਂ ਮਜ਼ਬੂਤ ਕਰਨ ਅਤੇ ਮੌਜੂਦਾ ਯੋਜਨਾਵਾਂ ਵਿੱਚ ਕਮੀਆਂ ਦੀ ਪਛਾਣ ਕਰਨ ਵਿੱਚ ਮਦਦਗਾਰ ਸਾਬਿਤ ਹੋਵੇਗੀ। ਉਨ੍ਹਾਂ ਸਬੰਧਤ ਅਧਿਕਾਰੀ ਨੂੰ ਹਦਾਇਤ ਕੀਤੀ ਕਿ ਉਹ ਆਪਣੀ ਡਿਊਟੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣ। ਡਿਪਟੀ ਕਮਿਸ਼ਨਰ ਗੁਰਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਨਸ਼ਾ ਤੇ ਸਮਾਜਿਕ-ਆਰਥਿਕ ਜਨਗਣਨਾ ਨੂੰ ਮੁਕੰਮਲ ਕਰਨ ਲਈ 370 ਗਿਣਤੀਕਾਰ ਤਾਇਨਾਤ ਕੀਤੇ ਗਏ ਹਨ । ਉਨ੍ਹਾਂ ਕਿਹਾ ਕਿ ਇਹ ਜਨਗਣਨਾ ਸਹਾਇਤਾ ਅਤੇ ਮੁੜ ਵਸੇਬੇ ਦੀ ਲੋੜ ਵਾਲੇ ਪਰਿਵਾਰਾਂ ਅਤੇ ਸਰਕਾਰੀ ਯੋਜਨਾਵਾਂ ਸਹੀ ਲਾਭਪਾਤਰੀਆਂ ਤੱਕ ਪਹੁੰਚ ਰਹੀਆਂ ਹਨ ਦੀ ਪਹਿਚਾਣ ਕਰਨ ਵਿੱਚ ਸਹਾਈ ਸਿੱਧ ਹੋਵੇਗੀ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਮਜ਼ਬੂਤ ਅਤੇ ਨਸ਼ਾ ਮੁਕਤ ਪੰਜਾਬ ਦੇ ਨਿਰਮਾਣ ਲਈ ਨਸ਼ਾ ਅਤੇ ਸਮਾਜਿਕ-ਆਰਥਿਕ ਜਨਗਣਨਾ ਨੂੰ ਸਫ਼ਲਤਾ ਪੂਰਵਕ ਮੁਕੰਮਲ ਕਰਨ ਵਿੱਚ ਵੱਡਮੁੱਲਾ ਸਹਿਯੋਗ ਦੇਣ ਅਤੇ ਸਹੀ ਜਾਣਕਾਰੀ ਸਾਂਝੀ ਕਰਨ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਰਗਰਮ ਭਾਗੀਦਾਰੀ ਬਿਹਤਰ ਭਲਾਈ ਯੋਜਨਾਵਾਂ ਅਤੇ ਭਵਿੱਖ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਇਸ ਉਪਰੰਤ ਡਿਪਟੀ ਕਮਿਸ਼ਨਰ ਗੁਰਪ੍ਰੀਤ ਸਿੰਘ ਔਲਖ ਵਲੋਂ ਰੰਗਲਾ ਪੰਜਾਬ ਅਤੇ ਮਾਵਾਂ-ਧੀਆਂ ਸਤਿਕਾਰ ਯੋਜਾਨਾ ਤਹਿਤ ਮੀਟਿੰਗ ਕਰਕੇ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ।

# 'ਆਪ' ਵੱਲੋਂ ਰੌਬੀ ਕੰਗ ਸ਼ਹੀਦ ਭਗਤ ਸਿੰਘ ਨਗਰ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ

## ਕਰਨਵੀਰ ਕਟਾਰੀਆ ਨੇ ਦਿੱਤੀ ਮੁਬਾਰਕਬਾਦ

**ਨਵਾਂਸ਼ਹਿਰ, 2 ਜੂਨ (ਜਤਿੰਦਰਪਾਲ ਸਿੰਘ ਕਲੇਰ)** : ਆਮ ਆਦਮੀ ਪਾਰਟੀ (ਆਪ) ਵੱਲੋਂ ਸੰਗਠਨਾਤਮਕ ਢਾਂਚੇ ਨੂੰ ਮਜ਼ਬੂਤ ਕਰਦਿਆਂ ਮਿਹਨਤੀ ਆਗੂ ਰੌਬੀ ਕੰਗ ਨੂੰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ) ਦਾ ਨਵਾਂ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਨਾਲ ਪਾਰਟੀ ਵਰਕਰਾਂ ਅਤੇ ਇਲਾਕਾ ਨਿਵਾਸੀਆਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ। ਇਸ ਸ਼ੁਭ ਅਵਸਰ 'ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਰਨਵੀਰ ਕਟਾਰੀਆ ਨੇ ਰੌਬੀ ਕੰਗ ਨੂੰ ਇਸ ਨਵੀਂ ਅਤੇ ਅਹਿਮ ਜ਼ਿੰਮੇਵਾਰੀ ਮਿਲਣ 'ਤੇ ਦਿਲ ਦੀਆਂ ਗਹਿਰਾਈਆਂ ਤੋਂ ਬਹੁਤ-ਬਹੁਤ ਮੁਬਾਰਕਬਾਦ ਦਿੱਤੀ ਹੈ। ਰੌਬੀ ਕੰਗ ਨੂੰ ਵਧਾਈ ਦਿੰਦਿਆਂ ਕਰਨਵੀਰ ਕਟਾਰੀਆ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵੀਰ ਨੂੰ ਦਿਨ-ਦੁਗਣੀ ਰਾਤ-ਚੌਗਣੀ ਤਰੱਕੀ ਬਖਸ਼ਣ ਅਤੇ ਇਸੇ ਤਰ੍ਹਾਂ ਲੋਕਾਂ ਦੀ ਸੇਵਾ ਕਰਨ ਦਾ ਬਲ ਪ੍ਰਦਾਨ ਕਰਨ। ਕਰਨਵੀਰ ਕਟਾਰੀਆ ਨੇ ਕਿਹਾ ਕਿ ਰੌਬੀ ਕੰਗ ਦੀ ਅਗਵਾਈ ਹੇਠ ਸ਼ਹੀਦ ਭਗਤ ਸਿੰਘ ਨਗਰ ਵਿੱਚ ਆਮ ਆਦਮੀ ਪਾਰਟੀ ਹੋਰ ਬੁਲੰਦੀਆਂ ਨੂੰ ਛੂਹੇਗੀ ਅਤੇ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ। ਇਸ ਨਿਯੁਕਤੀ ਲਈ ਉਨ੍ਹਾਂ ਨੇ ਪਾਰਟੀ ਦੀ ਹਾਈਕਮਾਂਡ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਪ੍ਰਗਟਾਇਆ ਹੈ।



# 4 ਜੂਨ ਦੇ ਡਾਇਰੈਕਟਰ ਦਫ਼ਤਰ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਹੋਵਾਂਗੇ ਸ਼ਾਮਿਲ -ਜ਼ਿਲ੍ਹਾ ਆਗੂ







**ਕੇਡਰ ਵਿੱਚ ਭਾਰੀ ਰੋਸ**

**ਨਵਾਂਸ਼ਹਿਰ 2 ਜੂਨ (ਮਨੋਰੰਜਨ ਕਾਲੀਆ))** ਸਿਹਤ ਵਿਭਾਗ, ਪੰਜਾਬ ਦੀ ਸਿਰਮੌਰ ਜਥੇਬੰਦੀ ਮਲਟੀਪਰਪਜ ਹੈਲਥ ਇੰਪਲਾਈਜ਼ ਯੂਨੀਅਨ, ਪੰਜਾਬ ਵੱਲੋਂ ਸੂਬਾ ਪ੍ਰਧਾਨ ਕੁਲਬੀਰ ਸਿੰਘ ਮੋਗਾ ਦੀ ਅਗਵਾਈ ਹੇਠ ਕੇਡਰ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਨਾ ਮੰਨਣ ਦੇ ਰੋਸ ਵੱਜੋਂ ਸੂਬਾ ਸਰਕਾਰ ਖਿਲਾਫ਼ ਤਿੱਖਾ ਸੰਘਰਸ਼ ਸ਼ੁਰੂ ਕਰ ਦਿੱਤਾ ਗਿਆ ਹੈ।
ਇਸ ਬਾਰੇ ਵਧੇਰੇ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਤੇ ਜਥੇਬੰਦੀ ਆਗੂ ਮਨਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ ਜਥੇਬੰਦੀ ਪਿਛਲੇ ਲੰਬੇ ਸਮੇਂ ਤੋਂ ਕੇਡਰ ਦੇ ਨਾਮ ਬਦਲੀ, ਵਰਦੀ ਭੱਤਾ, ਐੱਫ.ਟੀ.ਏ., ਡਾਈਟ ਭੱਤਾ ਲਗਾਉਣ, ਪੁਰਾਣੀ ਪੈਨਸ਼ਨ ਬਹਾਲ ਕਰਨ, ਪੰਜਾਬ ਸਕੇਲ ਲਾਗੂ ਕਰਨ, ਨਵ ਨਿਯੁਕਤ ਸਿਹਤ ਕਾਮਿਆਂ ਦਾ ਪਰਖ ਕਾਲ ਸਮਾਂ ਘਟਾਉਣ, ਮਾਣਯੋਗ ਹਾਈਕੋਰਟ ਦੇ ਫੈਸਲੇ ਨੂੰ ਜਰਨਾਲਾਈਜ ਕਰਕੇ ਤਨਖਾਹ ਸਕੇਲ ਸੋਧਣ ਸੰਬੰਧੀ ਸਮੇਤ ਕਈ ਮੰਗਾਂ ਲਈ ਸਿਹਤ ਮੰਤਰੀ ਪੰਜਾਬ, ਮੁੱਖ ਮੰਤਰੀ ਪੰਜਾਬ ਦੇ ਓ.ਐੱਸ.ਡੀ. ਅਤੇ ਸਿਹਤ ਡਾਇਰੈਕਟਰ, ਪੰਜਾਬ ਨਾਲ ਕਈ ਵਾਰ ਮੀਟਿੰਗਾਂ ਕਰ ਚੁੱਕੀ ਹੈ ਪਰ ਵਾਰ-ਵਾਰ ਇਨ੍ਹਾਂ ਮੰਗਾਂ 'ਤੇ ਸਹਿਮਤੀ ਪ੍ਰਗਟਾਉਂਦੇ ਹੋਏ ਫਿਰ ਮੰਗਾਂ ਨੂੰ ਲਟਕਾਉਣ ਦੀ ਨੀਤੀ ਅਪਨਾਈ ਜਾ ਰਹੀ ਹੈ, ਜੋ ਮੰਦਭਾਗੀ ਹੈ। ਉਨ੍ਹਾਂ ਨੇ ਕਿਹਾ ਕਿ ਜਥੇਬੰਦੀ ਹੁਣ ਵੱਡੇ ਸੰਘਰਸ਼ ਦੇ ਰਾਹ ਵਿੱਚ ਹੈ, ਜਿਸ ਤਹਿਤ ਜ਼ਿਲ੍ਹਾ ਹੈਡਕੁਆਟਰਾਂ ਰਾਹੀਂ ਮੰਗ ਪੱਤਰ ਭੇਜੇ ਗਏ ਹਨ ਅਤੇ ਇਸਦੇ ਨਾਲ ਹੀ 4 ਜੂਨ ਨੂੰ ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਦੇ ਦਫਤਰ ਅੱਗੇ ਸੂਬਾ ਪੱਧਰੀ ਰੋਸ ਧਰਨਾ ਦਿੱਤਾ ਜਾਵੇਗਾ।ਇਸ ਮੌਕੇ ਦੋਆਬਾ ਜੋਨ ਪ੍ਰਧਾਨ ਗੁਲਸ਼ਨ ਕੁਮਾਰ ਨੇ ਕਿਹਾ ਕਿ ਇਸ ਧਰਨੇ ਸੰਬੰਧੀ ਸਾਥੀਆਂ ਦੀ ਲਾਮਬੰਦੀ ਕੀਤੀ ਜਾ ਚੁੱਕੀ ਹੈ ਅਤੇ ਵੱਡੀ ਗਿਣਤੀ ਵਿੱਚ ਸਾਥੀ ਧਰਨੇ ਵਿੱਚ ਭਾਗ ਲੈਣਗੇ।

# ਸਨ ਫਾਰਮਾ ਫੈਕਟਰੀ 'ਚ ਕਿਰਤੀ ਦੀ ਮੌਤ ਮਾਮਲਾ: ਸੁਰੱਖਿਆ ਪ੍ਰਬੰਧਾਂ ਦੀ ਨਾਕਾਮੀ ਕਾਰਨ ਹੋਈ ਨੌਜਵਾਨ ਦੀ ਮੌਤ, ਉੱਚ ਪੱਧਰੀ ਜਾਂਚ ਕਰਕੇ ਪ੍ਰਬੰਧਕਾਂ ਖਿਲਾਫ਼ ਦਰਜ ਹੋਵੇ ਪਰਚਾ : ਕਰਨ ਸਿੰਘ ਰਾਣਾ

**ਨਵਾਂਸ਼ਹਿਰ /ਕਾਠਗੜ੍ਹ , 2 ਜੂਨ (ਜਤਿੰਦਰ ਪਾਲ ਸਿੰਘ ਕਲੇਰ ):** ਸਨ ਫਾਰਮਾ ਫੈਕਟਰੀ ਵਿੱਚ ਕੰਮ ਕਰਦੇ ਇੱਕ ਗਰੀਬ ਕਿਰਤੀ ਨੌਜਵਾਨ ਸ਼ਨੀ ਜੋਸ਼ੀ ਦੀ ਫੈਕਟਰੀ ਅੰਦਰ ਜ਼ਹਿਰੀਲੀ ਗੈਸ ਚੜ੍ਹਨ ਕਾਰਨ ਹੋਈ ਦਰਦਨਾਕ ਮੌਤ 'ਤੇ ਡੂੰਘੇ ਦੁੱਖ ਅਤੇ ਚਿੰਤਾ ਦਾ ਪ੍ਰਗਟਾਵਾ ਕਰਦਿਆਂ, 'ਸਾਂਝਾ ਕਿਸਾਨ ਮਜ਼ਦੂਰ ਮੋਰਚਾ' (ਸਬੰਧਤ ਭਾਈ ਲਾਲੋ ਲੋਕ ਮੰਚ) ਦੇ ਜਨਰਲ ਸਕੱਤਰ ਸਾਥੀ ਕਰਨ ਸਿੰਘ ਰਾਣਾ ਨੇ ਫੈਕਟਰੀ ਪ੍ਰਬੰਧਕਾਂ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ।
ਅੱਜ ਪੀੜਤ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚੇ ਸਾਥੀ ਕਰਨ ਸਿੰਘ ਰਾਣਾ ਨੇ ਕਿਹਾ ਕਿ ਇਹ ਕੋਈ ਆਮ ਮੌਤ ਨਹੀਂ, ਸਗੋਂ ਫੈਕਟਰੀ ਪ੍ਰਬੰਧਕਾਂ ਦੀ ਅਣਗਹਿਲੀ ਅਤੇ ਸੁਰੱਖਿਆ ਨਿਯਮਾਂ ਦੀਆਂ ਉਡਾਈਆਂ ਜਾ ਰਹੀਆਂ ਧੱਜੀਆਂ ਦਾ ਸਿੱਟਾ ਹੈ। ਪਰਿਵਾਰ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਸ਼ਨੀ ਜੋਸ਼ੀ ਜਦੋਂ 1 ਜੂਨ ਨੂੰ ਸਵੇਰੇ ਫੈਕਟਰੀ ਤੋਂ ਡਿਊਟੀ ਕਰਕੇ ਘਰ ਪਰਤਿਆ ਤਾਂ ਉਸ ਨੂੰ ਲਗਾਤਾਰ ਉਲਟੀਆਂ ਆ ਰਹੀਆਂ ਸਨ ਅਤੇ ਫੈਕਟਰੀ ਵਿੱਚ ਜ਼ਹਿਰੀਲੀ ਗੈਸ ਚੜ੍ਹਨ ਕਾਰਨ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।
ਸਾਥੀ ਰਾਣਾ ਨੇ ਫੈਕਟਰੀ ਪ੍ਰਬੰਧਨ 'ਤੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਇਸ ਫੈਕਟਰੀ ਵਿੱਚ ਅਜਿਹੇ ਹਾਦਸੇ ਪਹਿਲਾਂ ਵੀ ਹੁੰਦੇ ਰਹੇ ਹਨ, ਪਰ ਪ੍ਰਬੰਧਕ ਆਪਣੇ ਰਸੂਖ ਦੀ ਵਰਤੋਂ ਕਰਕੇ ਬੜੀ ਚਲਾਕੀ ਨਾਲ ਇਹਨਾਂ ਮਾਮਲਿਆਂ 'ਤੇ ਪਰਦਾ ਪਾ ਦਿੰਦੇ ਹਨ। ਉਨ੍ਹਾਂ ਕਿਹਾ ਕਿ ਫੈਕਟਰੀ ਅੰਦਰ ਸੁਰੱਖਿਆ ਦੇ ਕੋਈ ਪੁਖ਼ਤਾ ਇੰਤਜ਼ਾਮ ਨਹੀਂ ਹਨ ਅਤੇ ਅਕਸਰ ਕੱਚੇ ਕਾਮਿਆਂ ਨੂੰ ਬਿਨਾਂ ਕਿਸੇ ਸੁਰੱਖਿਆ ਕਿੱਟ ਜਾਂ ਬਚਾਅ ਸਾਧਨਾਂ ਦੇ ਖ਼ਤਰਨਾਕ ਥਾਵਾਂ 'ਤੇ ਕੰਮ 'ਤੇ ਲਗਾ ਦਿੱਤਾ ਜਾਂਦਾ ਹੈ, ਜੋ ਕਿ ਸਿੱਧਾ ਉਹਨਾਂ ਦੀਆਂ ਜਾਨਾਂ ਨਾਲ ਖਿਲਵਾੜ ਹੈ। ਉਨ੍ਹਾਂ ਜ਼ਿਲ੍ਹਾ ਪੁਲਿਸ ਮੁਖੀ (ਐੱਸ.ਐੱਸ.ਪੀ.) ਸ਼ਹੀਦ ਭਗਤ ਸਿੰਘ ਨਗਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਇਸ ਸੰਵੇਦਨਸ਼ੀਲ ਮਾਮਲੇ ਦੀ ਉੱਚ ਪੱਧਰੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਦੋਸ਼ੀ ਪਾਏ ਜਾਣ 'ਤੇ ਸਨ ਫਾਰਮਾ ਫੈਕਟਰੀ ਦੇ ਮਾਲਕਾਂ ਅਤੇ ਪ੍ਰਬੰਧਕਾਂ ਵਿਰੁੱਧ ਕਤਲ ਦਾ ਮੁਕੱਦਮਾ ਦਰਜ ਕੀਤਾ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਫੈਕਟਰੀ ਪ੍ਰਸ਼ਾਸਨ ਨੂੰ ਸਖ਼ਤ ਚੇਤਾਵਨੀ ਦਿੱਤੀ ਕਿ ਜੇਕਰ ਕਿਰਤੀਆਂ ਦੀ ਸੁਰੱਖਿਆ ਲਈ ਠੋਸ ਬੰਦੋਬਸਤ ਨਾ ਕੀਤੇ ਗਏ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਨਾ ਮਿਲਿਆ, ਤਾਂ ਮੋਰਚਾ ਤਿੱਖਾ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗਾ। ਇਸ ਮੌਕੇ ਪੀੜਤ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਕਰਨੈਲ ਸਿੰਘ ਭੌਲਾ, ਮਨੋਹਰ ਲਾਲ ਟੌਂਸਾ, ਸੁੱਚਾ ਸਿੰਘ (ਸਾਬਕਾ ਸਰਪੰਚ ਜੀਓਵਾਲ) ਸਮੇਤ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਪਤਵੰਤੇ ਸੱਜਣ ਹਾਜ਼ਰ ਸਨ।



# ਕਾਂਗਰਸੀ ਵਰਕਰਾਂ ਵੱਲੋਂ ਨੀਟ ਪੇਪਰ ਲੀਕ ਅਤੇ ਸੀਬੀਐਸਈ ਦੀ ਮਾੜੇ ਪ੍ਰਬੰਧਾਂ ਖ਼ਿਲਾਫ਼ ਰੋਸ ਪ੍ਰਦਰਸ਼ਨ

## ਰੋਸ ਮਾਰਚ ਕੱਢਿਆ, ਪ੍ਰਧਾਨ ਮੰਤਰੀ ਅਤੇ ਸਿੱਖਿਆ ਮੰਤਰੀ ਦੇ ਪੁਤਲੇ ਫੂਕੇ

**ਨਵਾਂਸ਼ਹਿਰ 2 ਜੂਨ(ਜਤਿੰਦਰ ਪਾਲ ਸਿੰਘ ਕਲੇਰ )** ਅੱਜ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਸੈਂਕੜੇ ਕਾਂਗਰਸੀ ਵਰਕਰਾਂ ਵੱਲੋਂ ਨੀਟ ਪੇਪਰ ਲੀਕ ਅਤੇ ਸੀਬੀਐਸਈ ਵਿੱਚ ਫੈਲੀ ਅਵਿਵਸਥਾ ਅਤੇ ਮਾੜੇ ਪ੍ਰਬੰਧਾਂ ਦੇ ਵਿਰੋਧ ਵਿੱਚ ਵਿਸ਼ਾਲ ਰੋਸ ਮਾਰਚ ਕੱਢਿਆ ਗਿਆ। ਪ੍ਰਦਰਸ਼ਨਕਾਰੀਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਪੁਤਲੇ ਵੀ ਫੂਕੇ। ਉਹ ਸਿੱਖਿਆ ਮੰਤਰੀ ਨੂੰ ਬਰਖਾਸਤ ਕਰਨ ਦੀ ਮੰਗ ਕਰ ਰਹੇ ਸਨ। ਇਸ ਮੌਕੇ ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਦੇਸ਼ ਭਰ ਤੋਂ 22 ਲੱਖ ਵਿਦਿਆਰਥੀਆਂ ਨੇ ਨੀਟ ਦੀ ਪ੍ਰੀਖਿਆ ਦਿੱਤੀ ਸੀ, ਪਰ ਬਾਅਦ ਵਿੱਚ ਇਹ ਸਾਹਮਣੇ ਆਇਆ ਕਿ ਪ੍ਰੀਖਿਆ ਦਾ ਪ੍ਰਸ਼ਨ ਪੱਤਰ ਲੀਕ ਹੋ ਗਿਆ ਸੀ। ਉਨ੍ਹਾਂ ਨੇ ਕਿਹਾ ਕਿ ਇਹ ਦੂਜੀ ਵਾਰ ਹੋਇਆ ਹੈ, ਜਦੋਂ ਨੀਟ ਦਾ ਪੇਪਰ ਲੀਕ ਹੋਇਆ ਹੈ, ਲੇਕਿਨ ਇਸ ਮਾਮਲੇ ਵਿੱਚ ਕੋਈ ਢੁਕਵੀਂ ਕਾਰਵਾਈ ਨਹੀਂ ਕੀਤੀ ਗਈ।ਉਨ੍ਹਾਂ ਮੰਗ ਕੀਤੀ ਕਿ ਵਾਰ-ਵਾਰ ਨੀਟ ਪ੍ਰੀਖਿਆਵਾਂ ਕਰਵਾਉਣ ਵਿੱਚ ਨਾਕਾਮ ਰਹੀ ਨੈਸ਼ਨਲ ਟੈਸਟਿੰਗ ਏਜੰਸੀ (ਐਨਟੀਏ) ਨੂੰ ਭੰਗ ਕੀਤਾ ਜਾਵੇ ਅਤੇ ਨੀਟ ਪ੍ਰੀਖਿਆਵਾਂ ਦੇ ਆਯੋਜਨ ਲਈ ਇੱਕ ਪੂਰੀ ਤਰ੍ਹਾਂ ਭਰੋਸੇਯੋਗ ਅਤੇ ਪਾਰਦਰਸ਼ੀ ਪ੍ਰਣਾਲੀ ਬਣਾਈ ਜਾਵੇ, ਕਿਉਂਕਿ ਇਹ ਦੇਸ਼ ਦੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਜੁੜਿਆ ਮਾਮਲਾ ਹੈ। ਉਨ੍ਹਾਂ ਨੇ ਸੀਬੀਐਸਈ ਦੀ ਆਨਲਾਈਨ ਸਕਰੀਨ ਮਾਰਕਿੰਗ (ਓਐਸਐਮ) ਪ੍ਰਣਾਲੀ ਵਿੱਚ





ਪਾਈਆਂ ਗਈਆਂ ਗੰਭੀਰ ਖਾਮੀਆਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਨੇ ਕਿਹਾ ਕਿ ਇਹ ਸਮੱਸਿਆ ਇਸ ਲਈ ਪੈਦਾ ਹੋਈ ਹੈ, ਕਿਉਂਕਿ ਜਿਸ ਕੰਪਨੀ ਕੋਐਮਪਟ ਐਡੂਟੈਕ ਨੂੰ ਇਸਦਾ ਠੇਕਾ ਦਿੱਤਾ ਗਿਆ ਹੈ, ਉਸ ਕੋਲ ਇਸ ਤਰ੍ਹਾਂ ਦੀਆਂ ਪ੍ਰੀਖਿਆਵਾਂ ਕਰਵਾਉਣ ਲਈ ਲੋੜੀਂਦਾ ਤਜਰਬਾ ਅਤੇ ਮਾਹਰਤਾ ਨਹੀਂ ਹੈ।

ਸੀਨੀਅਰ ਆਗੂ ਨੇ ਖੁਲਾਸਾ ਕੀਤਾ ਕਿ ਕੋਐਮਪਟ ਐਡੂਟੈਕ ਨੂੰ ਵਿਸ਼ੇਸ਼ ਛੋਟਾਂ ਦੇ ਕੇ ਠੇਕਾ ਦਿੱਤਾ ਗਿਆ ਸੀ ਅਤੇ ਇਸ ਲਈ ਨਿਯਮਾਂ ਵਿੱਚ ਵੀ ਤਬਦੀਲੀਆਂ ਕੀਤੀਆਂ ਗਈਆਂ। ਉਨ੍ਹਾਂ ਨੇ ਕਿਹਾ ਕਿ ਇਸ ਕੰਪਨੀ ਨੂੰ ਪਹਿਲਾਂ ਤੇਲੰਗਾਨਾ ਸਰਕਾਰ ਵੱਲੋਂ ਬਲੈਕਲਿਸਟ ਕੀਤਾ ਜਾ ਚੁੱਕਾ ਹੈ। ਉਨ੍ਹਾਂ ਨੇ ਸਵਾਲ ਕੀਤਾ ਕਿ ਆਖਿਰ ਇਸ ਕੰਪਨੀ ਨੂੰ ਵਿਸ਼ੇਸ਼ ਰਿਆਇਤਾਂ ਕਿਉਂ ਦਿੱਤੀਆਂ ਗਈਆਂ ਸਨ, ਜਦਕਿ ਇਹ ਵਿਦਿਆਰਥੀਆਂ ਦੇ ਭਵਿੱਖ ਅਤੇ ਕਰੀਅਰ ਨਾਲ ਖਿਲਵਾੜ ਕਰ ਰਹੀ ਹੈ।

ਇਸ ਦੌਰਾਨ ਕਾਂਗਰਸੀ ਵਰਕਰਾਂ ਨੇ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੂੰ ਤੁਰੰਤ ਬਰਖਾਸਤ ਕਰਨ ਦੀ ਮੰਗ ਕਰਦਿਆਂ ਸਵਾਲ ਕੀਤਾ ਕਿ ਜਦੋਂ ਇਹ ਆਪਣੇ ਹਰ ਫਰਜ਼ ਵਿੱਚ ਅਸਫਲ ਰਹੇ ਹਨ, ਤਾਂ ਪ੍ਰਧਾਨ ਮੰਤਰੀ ਮੋਦੀ ਇਨ੍ਹਾਂ ਨੂੰ ਬਚਾਉਣ ਅਤੇ ਸੁਰੱਖਿਆ ਦੇਣ ਦੀ ਕੋਸ਼ਿਸ਼ ਕਿਉਂ ਕਰ ਰਹੇ ਹਨ।

ਇਸ ਮੌਕੇ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਮੋਹਨ ਲਾਲ ਸੰਧੂ ਬਲਾਕ ਪ੍ਰਧਾਨ ਬਲਾਚੌਰ, ਬਲਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਪੰਚਾਇਤੀ ਰਾਜ ਸੰਗਠਨ, ਕਮਲਜੀਤ ਸਿੰਘ ਬੰਗਾ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ, ਗੁਰਵਿੰਦਰ ਸਿੰਘ ਜਨਰਲ ਸਕੱਤਰ ਡੀਸੀਸੀ, ਸੁਰਿੰਦਰ ਸ਼ਿੰਦਾ ਬੁਲਾਰਾ ਡੀਸੀਸੀ, ਧਰਮਪਾਲ ਸਾਬਕਾ ਚੇਅਰਮੈਨ, ਨਾਨਕ ਬਾਂਠ ਚੇਅਰਮੈਨ ਬਲਾਕ ਸੰਮਤੀ ਬਲਾਚੌਰ, ਕੁਲਵਰਨ ਸਿੰਘ ਬਲਾਕ ਪ੍ਰਧਾਨ ਬੰਗਾ, ਮੋਹਿੰਦਰ ਪਾਲ ਸੀਨੀਅਰ ਮੀਤ ਪ੍ਰਧਾਨ, ਕੁਲਦੀਪ ਕੁਮਾਰ ਪ੍ਰਧਾਨ ਕਿਸਾਨ ਵਿੰਗ,ਧਰਮਵੀਰ ਜਨਰਲ ਸਕੱਤਰ ਡੀਸੀਸੀ, ਸਤਨਾਮ ਸੰਧੂ ਮੈਂਬਰ ਡੀਸੀਸੀ, ਜਸਵਿੰਦਰ ਸਿੰਘ ਮੈਂਬਰ ਬੀਸੀਸੀ, ਆਦਿ ਸੈਂਕੜੇ ਪਾਰਟੀ ਵਰਕਰ ਹਾਜ਼ਰ ਸਨ।

# ਘਰ ਘਰ ਦੇ ਵਿੱਚ ਚੱਲੀ ਗੱਲ ਚੰਨੀ ਕਰਵਾਊ ਮਸਲੇ ਹੱਲ ਚੰਨੀ ਦਾ ਨਾਂ ਕਾਂਗਰਸ ਲਈ ਤਾਸ਼ ਦਾ ਇਕਲੌਤਾ ਤੁਰੁੱਪ : ਵਿੱਕੀ ਚੋਧਰੀ ਕਾਠਗੜ੍ਹ

**ਨਵਾਂਸ਼ਹਿਰ 2 ਜੂਨ (ਜਤਿੰਦਰ ਪਾਲ ਸਿੰਘ ਕਲੇਰ )** ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਵਿੱਕੀ ਚੋਧਰੀ ਕਾਠਗੜ੍ਹ ਨੇ ਅੱਜ ਕਾਠਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਗਲੀ-ਮੁਹੱਲੇ, ਖੇਤ-ਖਲਿਆਰ, ਚਾਹ ਦੇ ਖੋਖੇ - ਹਰ ਥਾਂ ਇੱਕੋ ਅਵਾਜ਼ ਗੂੰਜਦੀ ਹੈ ਜੇ ਕਾਂਗਰਸ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਦਾ ਐਲਾਨ ਕਰ ਦੇਵੇ, ਤਾਂ ਸਰਕਾਰ ਬਣਨਾ ਤੈਅ ਹੈ।ਇਹ ਅਵਾਜ਼ ਕਾਂਗਰਸੀ ਵਰਕਰ ਦੀ ਨਹੀਂ, ਆਮ ਵੋਟਰਾਂ ਅਤੇ ਸੂਝਵਾਨ ਲੋਕਾਂ ਦੀ ਹੈ।ਉਸ ਵੋਟਰ ਦੀ ਜਿਹੜਾ 2022 'ਚ ਚੰਨੀ ਨੂੰ 111 ਦਿਨਾਂ ਲਈ ਮੌਕਾ ਦੇਣ ਤੋਂ ਬਾਅਦ ਵੀ ਅੱਜ ਤੱਕ ਉਸਦਾ ਨਾਂ ਲੈਂਦਾ ਹੈ। ਸਵਾਲ ਇਹ ਹੈ ਕਿ ਕਾਂਗਰਸ ਹਾਈਕਮਾਨ ਇਹ ਅਵਾਜ਼ ਸੁਣ ਰਹੀ ਹੈ ਜਾਂ ਨਹੀਂ

ਚੰਨੀ ਫੈਕਟਰ - ਦਲਿਤ ਵੋਟ ਤੋਂ ਵੱਧ ਕੁਝ ਹੋਰ

ਚੰਨੀ ਦਾ ਨਾਂ ਸਿਰਫ਼ ਦਲਿਤ ਕਾਰਡ ਨਹੀਂ। ਪੰਜਾਬ ਦੀ 32% ਦਲਿਤ ਆਬਾਦੀ ਲਈ ਚੰਨੀ ਪਹਿਲਾ ਦਲਿਤ ਮੁੱਖ ਮੰਤਰੀ ਸੀ ਇਹ ਇਤਿਹਾਸਕ ਮਾਣ ਹੈ। ਪਰ ਉਸ ਤੋਂ ਵੱਡੀ ਗੱਲ ਇਹ ਕਿ ਚੰਨੀ ਨੇ ਉਨ੍ਹਾਂ 111 ਦਿਨਾਂ 'ਚ ਆਪਣੇ ਆਪ ਨੂੰ ਸਾਡਾ ਬੰਦਾ ਸਾਬਤ ਕੀਤਾ। ਸਾਦੀ ਬੋਲੀ, ਲੋਕਾਂ 'ਚ ਜਾਣਾ, ਤੁਰੰਤ ਫੈਸਲੇ - ਲੋਕਾਂ ਨੂੰ ਲੱਗਿਆ ਕਿ ਇਹ ਬੰਦਾ ਦਿੱਲੀ ਦੇ ਇਸ਼ਾਰੇ 'ਤੇ ਨਹੀਂ, ਪੰਜਾਬ ਦੇ ਦਿਲ ਦੀ ਸੁਣਦਾ ਹੈ।ਅੱਜ ਵੀ ਜਦੋਂ ਕਿਸਾਨ, ਮਜ਼ਦੂਰ, ਛੋਟਾ ਦੁਕਾਨਦਾਰ ਗੱਲ ਕਰਦਾ ਹੈ, ਤਾਂ ਚੰਨੀ ਦਾ ਨਾਂ ਆਉਂਦਿਆਂ ਹੀ ਕਹਿੰਦਾ - ਉਹ ਤਾਂ ਆਪਣਾ ਬੰਦਾ ਸੀ

।ਕਿਸਾਨ ਜੱਥੇਬੰਦੀਆਂ ਤੇ ਖੱਬੀਆਂ ਪਾਰਟੀਆਂ ਦਾ ਸਮੀਕਰਨ

2022 ਤੋਂ ਬਾਅਦ ਪੰਜਾਬ ਦੀ ਸਿਆਸਤ 'ਚ ਸਭ ਤੋਂ





ਵੱਡਾ ਬਦਲਾਅ ਇਹ ਹੈ ਕਿ ਕਿਸਾਨ ਜੱਥੇਬੰਦੀਆਂ ਅਤੇ ਖੱਬੀਆਂ ਪਾਰਟੀਆਂ ਹੁਣ ਖਾਮੋਸ਼ ਦਰਸ਼ਕ ਨਹੀਂ ਰਹੀਆਂ। ਉਹ ਚੋਣਾਂ 'ਚ ਭੂਮਿਕਾ ਨਿਭਾਉਣਾ ਚਾਹੁੰਦੀਆਂ ਨੇ।

ਜੇ ਕਾਂਗਰਸ ਚੰਨੀ ਦਾ ਨਾਂ ਅੱਗੇ ਕਰੇ, ਤਾਂ ਬਾਕੀ ਧੜੇ ਸੋਚਣ ਲਈ ਮਜਬੂਰ ਹੋਣਗੇ ਚੰਨੀ ਨੇ ਕਿਸਾਨ ਅੰਦੋਲਨ 'ਦੌਰਾਨ ਕੇਂਦਰ ਦਾ ਮੁਕਾ-ਬਲਾ ਕਰਨ ਦੀ ਕੋਸ਼ਿਸ਼ ਕੀਤੀ ਸੀ। ਉਸ 'ਤੇ ਐਂਟੀ-ਫਾਰਮਰ ਦਾ ਠੱਪਾ ਨਹੀਂ। ਉਹ ਖੁਦ ਜ਼ਮੀਨ ਨਾਲ ਜੁੜਿਆ ਬੰਦਾ ਹੈ, ਭਾਸ਼ਣਬਾਜ਼ੀ ਘੱਟ, ਕੰਮ ਦੀ ਗੱਲ ਜ਼ਿਆਦਾ ਕਰਦਾ ਹੈ। ਖੱਬੇ ਧੜੇ ਲਈ ਵੀ ਚੰਨੀ ਕੈਪਟਨ ਜਾਂ ਸੁਖਪਾਲ ਖਹਿਰਾ ਵਰਗਾ ਅਲੀਟ ਨਹੀਂ ਉਹ ਜ਼ਮੀਨੀ ਆਗੂ ਹੈ।ਇਸ ਲਈ ਕਾਂਗਰਸ ਨੂੰ ਚੰਨੀ ਦੇ ਨਾਂ ਨਾਲ ਇੱਕ ਗੈਰ-ਰਵਾਇਤੀ ਗੱਠਜੋੜ ਦੀ ਉਮੀਦ ਬਣ ਸਕਦੀ ਹੈ।

ਜੇ ਨਾਂ ਨਾ ਦਿੱਤਾ ਤਾਂ ਕੀ ਹੋਵੇਗਾ ?

ਇੱਥੇ ਹੀ ਖੇਡ ਵਿਗੜਦੀ ਹੈ। ਜੇ ਕਾਂਗਰਸ ਫਿਰ ਉਹੀ ਪੁਰਾਣੀ ਰਣਨੀਤੀ ਅਪਣਾਏ - ਚੋਣ ਤੋਂ ਬਾਅਦ ਵਿਧਾਇਕ ਦਲ ਆਗੂ ਚੁਣ ਲਵੇਗਾ - ਤਾਂ ਨੁਕਸਾਨ ਤਿੰਨ ਪਾਸਿਓਂ ਹੋਵੇਗਾ

ਦਲਿਤ ਵੋਟਰ ਨੂੰ ਲੱਗੇਗਾ ਕਿ ਤੁਸੀਂ ਸਾਨੂੰ ਵੋਟ ਲਈ ਵਰਤਿਆ, ਮਾਣ ਨਹੀਂ ਦਿੱਤਾ।

ਆਮ ਵੋਟਰ ਕਹੇਗਾ ਕਿ ਤੁਹਾਡੇ ਕੋਲ ਚਿਹਰਾ ਹੀ ਨਹੀਂ, ਤਾਂ ਸਾਨੂੰ ਕੀ ਭਰੋਸਾ ਵਿਰੋਧੀ ਪਾਰਟੀਆਂ ਨੂੰ ਖੁੱਲ੍ਹਾ ਮੈਦਾਨ ਮਿਲ ਜਾਵੇਗਾ- ਕਾਂਗਰਸ ਕੋਲ ਪੰਜਾਬ ਦਾ ਬੇਟਾ ਨਹੀਂ, ਦਿੱਲੀ ਦਾ ਰਿਮੋਟ ਹੈ।

ਕਾਂਗਰਸ ਨਾ ਸਿਰਫ਼ ਚੋਣ ਹਾਰੇਗੀ, ਸਗੋਂ ਪੰਜਾਬ 'ਚ ਅਗਲੇ 10-15 ਸਾਲ ਲਈ ਬੈਕਫੁੱਟ 'ਤੇ ਚਲੀ ਜਾਵੇਗੀ।ਕਰਾਰੀ ਨਸੀਹਤ ਕਾਂਗਰਸ ਹਾਈਕਮਾਨ ਲਈ

ਪੰਜਾਬ ਹੁਣ ਪ੍ਰਯੋਗਾਂ ਦੀ ਲੈਬ ਨਹੀਂ ਰਿਹਾ। ਇੱਥੇ ਲੋਕ ਚਿਹਰਾ ਦੇਖ ਕੇ ਵੋਟ ਪਾਉਂਦੇ ਨੇ, ਮੈਨੀਫੈਸਟੋ ਬਾਅਦ 'ਚ ਪੜ੍ਹਦੇ ਨੇ। ਚੰਨੀ ਦਾ ਨਾਂ ਦੇਣਾ ਜੂਆ ਨਹੀਂ, ਹਕੀਕਤ ਨੂੰ ਮੰਨਣਾ ਹੈ।ਯਾਦ ਰੱਖੋ - 2022 'ਚ ਤੁਸੀਂ ਚੰਨੀ ਨੂੰ ਦੇਰ ਨਾਲ ਲਿਆਂਦਾ, ਤੇ ਹਾਰ ਗਏ। 2027 'ਚ ਜੇ ਤੁਸੀਂ ਫਿਰ ਦੇਰ ਕੀਤੀ, ਤਾਂ ਇਤਿਹਾਸ ਮਾਫ਼ ਨਹੀਂ ਕਰੇਗਾ।ਚੰਨੀ ਨੂੰ ਅੱਗੇ ਕਰਨਾ ਕਾਂਗਰਸ ਲਈ ਤਾਸ਼ ਦਾ ਤਰੁੱਪ ਹੈ। ਜੇ ਤਰੁੱਪ ਨਾ ਖੇਡਿਆ, ਤਾਂ ਬਾਜ਼ੀ ਹੱਥੋਂ ਨਿਕਲ ਜਾਣੀ ਹੈ। ਤੇ ਫਿਰ ਪੰਜਾਬ 'ਚ ਕਾਂਗਰਸ ਨੂੰ ਵਾਪਸ ਆਉਣ ਲਈ ਬਹੁਤ ਸਾਲ ਲੱਗ ਜਾਣਗੇ - ਹੋ ਸਕਦਾ ਹੈ ਇੱਕ ਪੀੜ੍ਹੀ ਲੰਘ ਜਾਵੇ।ਲੋਕਾਂ ਦੇ ਮੂੰਹ 'ਚ ਅਵਾਜ਼ ਹੈ, ਹੁਣ ਕਾਂਗਰਸ ਦੇ ਕਾਗਜ਼ 'ਤੇ ਮੋਹਰ ਲੱਗਣੀ ਬਾਕੀ ਹੈ।

# ਪੰਜਾਬ ਦਾ ਬੋਧੀ ਇਤਿਹਾਸ: ਸਾਰ ਅਤੇ ਸਮੀਖਿਆ (ਭਾਗ-9)

## ਮੌਰੀਆ ਰਾਜ ਦਾ ਉੱਤਰਾਧਿਕਾਰੀ ਬਿੰਦੂਸਾਰ (ਅਧਿਆਇ 6)

ਬਿੰਦੂਸਾਰ ਨੇ ਆਪਣੇ ਪਿਤਾ ਚੰਦਰ ਗੁਪਤ ਮੌਰੀਆ ਦੀ ਤਰ੍ਹਾਂ 27-28 ਸਾਲ ਰਾਜ ਕੀਤਾ, ਉਸ ਦਾ ਰਾਜ ਕਾਲ ਲਗ ਭਗ 298-297 ਈਸਾ ਪੂਰਵ ਤੋਂ ਲੈ ਕੇ 271-270 ਈਸਾ ਪੂਰਵ ਤੱਕ ਰਿਹਾ।

ਬਿੰਦੂਸਾਰ ਨੇ ਆਪਣੇ ਪਿਤਾ ਚੰਦਰ ਗੁਪਤ ਦੇ ਰਾਜ ਨੂੰ ਨਾ ਸਿਰਫ ਬਣਾਈ ਰੱਖਿਆ ਬਲਕਿ 16 ਨਗਰਾਂ ਦੇ ਰਾਜਿਆਂ ਅਤੇ ਸਰਦਾਰਾਂ ਨੂੰ ਹਰਾ ਕੇ ਪੂਰਬੀ ਸਮੁੰਦਰ ( ਬੰਗਾਲ ਦੀ ਖਾੜੀ) ਅਤੇ ਪੱਛਮੀ ਸਮੁੰਦਰ ( ਅਰਬ ਸਾਗਰ) ਦੇ



ਹਰਮੇਸ਼ ਜੱਸਲ

ਵਿਚਕਾਰਲੇ ਇਲਾਕੇ ਦਾ ਮਾਲਿਕ ਬਣ ਗਿਆ।

ਬਿੰਦੂਸਾਰ ਬਹਾਦਰ, ਹਿੰਮਤੀ, ਨਿਪੁੰਨ ਅਤੇ ਮਿੱਠ ਬੋਲਾ ਸੀ। ਬਿੰਦੂਸਾਰ ਦੇ ਵਿਦੇਸ਼ੀ ਰਾਜਿਆਂ ਨਾਲ ਚੰਗੇ ਸਬੰਧ ਸਨ।ਇਕ ਵਾਰ ਉਸਨੇ ਯੂਨਾਨੀ ਸਾਸ਼ਕ ਐਂਟੀਔਕਸ ਨੂੰ ਲਿਖਿਆ ਸੀ ਕਿ ਉਹ ਉਥੋਂ ਮਿੱਠੀ ਸ਼ਰਾਬ, ਸੁੱਕੇ ਅਜੀਰ ਅਤੇ ਇਕ ਫ਼ਿਲਾਸਫ਼ਰ ਖਰੀਦ ਕੇ ਭੇਜ ਦੇਵੇ, ਜਿਸਦੇ ਜਵਾਬ ਚ ਐਂਟੀਔਕਸ ਨੇ ਬਿੰਦੂਸਾਰ ਨੂੰ ਲਿਖਿਆ ਕਿ ਅਸੀਂ ਸ਼ਰਾਬ ਅਤੇ ਅਜੀਰ ਤਾਂ ਭੇਜ ਦਿਆਂਗੇ ਪਰ ਯੂਨਾਨੀ ਕਾਨੂੰਨ ਦੇ ਮੁਤਾਬਕ ਫ਼ਿਲਾਸਫ਼ਰ ਦੀ ਖ਼ਰੀਦੋ-ਫਰੋਖ਼ਤ ਮਨ੍ਹਾਂ ਹੈ।

" ਅਰਿਸ਼ਟੋਜਿਨਸ ਤੋਂ ਪਤਾ ਲੱਗਦਾ ਹੈ ਕਿ ਚੌਥੀ ਸਦੀ ਈਸਵੀ ਪੂਰਵ ਚ ਕੁਝ ਭਾਰਤੀ, ਯੂਨਾਨ ਪਹੁੰਚ ਕੇ ਸੁਕਰਾਤ ਨਾਲ ਦਾਰਸ਼ਨਿਕ ਵਿਸ਼ਿਆਂ ਉੱਤੇ ਵਿਚਾਰ ਵਟਾਂਦਰਾ ਕਰਦੇ ਹੁੰਦੇ ਸੀ। "

ਧਾਰਮਿਕ ਤੌਰ 'ਤੇ ਵੀ ਬਿੰਦੂਸਾਰ ਨੇ ਪੂਰਵਜਾਂ ਦੀ ਰੀਤ ਨੂੰ ਅੱਗੇ ਵਧਾਇਆ ਹੋਵੇਗਾ ਤਦੇ ਤਾਂ ਅਸ਼ੋਕ ਨੇ ਆਪਣੇ ਸੱਤਵੇਂ ਸ਼ਿਲਾਲੇਖ ਚ ਉਲੇਖ ਕੀਤਾ ਹੈ ਕਿ ਉਸ ਤੋਂ ਪਹਿਲਾਂ ਦੇ ਰਾਜਿਆਂ ( ਭਾਵ ਚੰਦਰ ਗੁਪਤ ਮੌਰੀਆ, ਬਿੰਦੂਸਾਰ) ਨੇ ਵੀ ਧੱਮ ਨੂੰ ਫੈਲਾਉਣ ਦੀ ਇੱਛਾ ਕੀਤੀ ਸੀ। ਇਸੇ ਲਈ ਤਾਂ ਡ਼ਾ ਰਾਏ ਚੌਧਰੀ ਨੇ ਕਿਹਾ ਕਿ ਬਿੰਦੂਸਾਰ ਦੇ ਰਾਜਕਾਲ ਨੂੰ ਅਸੀਂ ਉਸਦੇ ਪੁੱਤਰ ( ਅਸ਼ੋਕ) ਦੀ ਭੂਮਿਕਾ ਮੰਨ ਸਕਦੇ ਹਾਂ।.... ਹਰਮੇਸ਼ ਜੱਸਲ






### ਲੇਖਕ ਨਾਲ ਜਾਣ-ਪਹਿਚਾਣ

ਸ਼੍ਰੀ ਹਰਮੇਸ਼ ਜੱਸਲ, ਸੰਸਥਾਪਕ ਮਲਿੰਦ ਪ੍ਰਕਾਸ਼ਨ (ਸੰਨ 2000), ਜੋ ਹੁਣ ਤੱਕ ਵੱਡੀਆਂ-ਛੋਟੀਆਂ 17 ਕਿਤਾਬਾਂ ਛਾਪ ਚੁੱਕੇ ਹਨ, ਇੱਕ ਬਹੁਪੱਖੀ ਸ਼ਖਸੀਅਤ ਹਨ। ਉਹ ਇੱਕ ਸਮਰਪਿਤ ਅੰਬੇਡਕਰੀ-ਬੋਧੀ, ਬੁੱਧੀਜੀਵੀ, ਲੇਖਕ, ਬੁਲਾਰੇ ਅਤੇ ਸਮਾਜ ਸੇਵਕ ਵਜੋਂ ਪ੍ਰਸਿੱਧ ਹਨ।

**ਸਿੱਖਿਆ :** ਉਨ੍ਹਾਂ ਦਾ ਜਨਮ, ਪਿਤਾ ਸ਼੍ਰੀ ਨਾਨਕ ਚੰਦ, ਮਾਤਾ ਸ਼੍ਰੀਮਤੀ ਕਰਤਾਰ ਕੌਰ ਦੇ ਘਰ 15 ਮਈ, 1955 ਨੂੰ ਬੂਟਾਂ ਮੰਡੀ (ਜਲੰਧਰ) ਵਿਖੇ ਹੋਇਆ। ਮੁੱਢਲੀ ਸਿੱਖਿਆ ਜੱਦੀ ਪਿੰਡ ਬਸ਼ੇਸ਼ਰਪੁਰ, ਮਿਡਲ ਲੱਲੀਆਂ ਕਲਾਂ, ਮੈਟ੍ਰਿਕ ਸਰਕਾਰੀ ਹਾਈ ਸਕੂਲ ਲਾਂਬੜਾ ਅਤੇ ਉਚੇਰੀ ਸਿੱਖਿਆ ਡੀ.ਏ.ਵੀ. ਕਾਲਜ ਜਲੰਧਰ ਤੋਂ ਉਪਰੰਤ ਐੱਮ.ਏ. ਰਾਜਨੀਤੀ ਸ਼ਾਸਤਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਪ੍ਰਾਪਤ ਕੀਤੀ। ਉਹ ਅਨੇਕਾਂ ਭਾਸ਼ਾਵਾਂ-ਪੰਜਾਬੀ, ਹਿੰਦੀ, ਅੰਗ੍ਰੇਜ਼ੀ, ਉਰਦੂ ਅਤੇ ਪਾਲੀ ਦੇ ਜਾਣਕਾਰ ਹਨ।

**ਸਾਹਿਤਕ ਕਾਰਜ :** ਜਿਉਂ ਹੀ ਉਨ੍ਹਾਂ ਨੇ 1974 ਵਿਚ ਅੰਬੇਡਕਰ ਮਿਸ਼ਨ ਦਾ ਪਾਠ ਪੜ੍ਹਿਆ, ਫੇਰ ਹੋਰ ਜਾਨਣ ਦੀ ਲਾਲਸਾ ਕਦੇ ਨਹੀਂ ਮਿਟੀ। ਉਨ੍ਹਾਂ ਨੇ ਅੰਬੇਡਕਰ ਮਿਸ਼ਨ ਦੇ ਪ੍ਰਚਾਰ ਅਤੇ ਪ੍ਰਸਾਰ ਨੂੰ ਆਪਣੇ ਜੀਵਨ ਦਾ ਕੇਂਦਰ-ਬਿੰਦੂ ਬਣਾ ਲਿਆ। ਰੋਜ਼ਾਨਾ ਅਖ਼ਬਾਰਾਂ ਵਿਚ ਲੇਖ ਲਿਖਣ, ਅਨੁਵਾਦ ਕਰਨ, ਪੁਸਤਕ ਰਚਣ ਤੇ ਪ੍ਰਕਾਸ਼ਨ ਦਾ ਸਾਹਿਤਕ ਕਾਰਜ ਕਈ ਦਹਾਕਿਆਂ ਤੋਂ ਕਰ ਰਹੇ ਹਨ।

**ਅੰਦੋਲਨਕਰਤਾ :** ਸਮਤਾ ਸੈਨਿਕ ਦਲ ਵਲੋਂ 4 ਅਪ੍ਰੈਲ ਤੋਂ 12 ਅਪ੍ਰੈਲ, 1982 ਤੱਕ, ਬਾਬਾ ਸਾਹਿਬ ਡਾ. ਅੰਬੇਡਕਰ ਦੇ ਜਨਮ ਦਿਨ 14 ਅਪ੍ਰੈਲ ਨੂੰ ਗਜ਼ਟਿਡ ਛੁੱਟੀ ਘੋਸ਼ਿਤ ਕਰਵਾਉਣ ਲਈ ਚੱਲੇ ਸੰਘਰਸ਼ 'ਚ ਸ਼੍ਰੀ ਬਿਹਾਰੀ ਲਾਲ 'ਖ਼ਾਰ' ਵਲੋਂ ਰੱਖੇ 'ਮਰਨ ਵਰਤ ਅੰਦੋਲਨ' ਦੀ ਰੂਪ ਰੇਖਾ ਉਲੀਕਣ ਤੇ ਚਲਾਉਣ ਵਿਚ ਕੇਂਦਰੀ ਰੋਲ ਅਦਾ ਕੀਤਾ।

**ਪੱਤਰਕਾਰਤਾ :** ਰਿਪਬਲਿਕਨ ਪਾਰਟੀ ਲਈ ਕੱਢੇ ਗਏ 'ਭੀਮ ਪੱਤ੍ਰਿਕਾ' ਪੰਜਾਬੀ ਦੇ ਪ੍ਰਬੰਧਕ (ਸੰਨ 1979 ਤੋਂ 1982) ਅਤੇ ਗ਼ਦਰੀ ਬਾਬਿਆਂ ਦੇ ਅਖ਼ਬਾਰ 'ਕਿਰਤੀ' ਨੂੰ (ਸੰਨ 1984 ਤੋਂ 1988) ਤੱਕ ਸੰਪਾਦਨ ਤੇ ਪ੍ਰਕਾਸ਼ਨ ਦੀ ਜ਼ਿੰਮੇਵਾਰੀ ਬਾਖ਼ੂਬੀ ਨਿਭਾਈ।

**ਸੰਸਥਾਗਤ ਕਾਰਜ :** ਉਹ ਬਹੁਤ ਸਾਰੀਆਂ ਸੰਸਥਾਵਾਂ ਦੇ ਸੰਸਥਾਪਕ, ਟਰੱਸਟੀ, ਮੁੱਢਲੇ ਮੈਂਬਰ ਅਤੇ ਸਹਿਯੋਗੀ ਰਹੇ ਹਨ : (1) ਟਰੱਸਟੀ-ਅੰਬੇਡਕਰ ਭਵਨ ਟਰੱਸਟ (ਰਜਿ.) ਜਲੰਧਰ, ਟਰੱਸਟੀ-ਬੁੱਧ ਵਿਹਾਰ ਸਿਧਾਰਥ ਨਗਰ, ਜਲੰਧਰ, ਟਰੱਸਟੀ-ਅੰਬੇਡਕਰ ਪੀਸ ਪਾਗੋਡਾ, ਨਜ਼ਦੀਕ ਫਿਲੌਰ, (2) ਮੈਂਬਰ—ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ (ਰਜਿ.), ਪੰਜਾਬ ਬੁੱਧਿਸਟ ਸੁਸਾਇਟੀ (ਰਜਿ.), ਸਮਤਾ ਸੈਨਿਕ ਦਲ, (3) ਸੰਸਥਾਪਕ : ਡਾ. ਅੰਬੇਡਕਰ ਵੀਕਰ ਸੈਕਸ਼ਨ ਵੈਲਫ਼ੇਅਰ ਸੁਸਾਇਟੀ ਅਤੇ ਦਲਿਤ ਲਿਖਾਰੀ ਸਭਾ।

**ਮਾਣ-ਸਨਮਾਣ :** ਸ਼੍ਰੀ ਹਰਮੇਸ਼ ਜੱਸਲ ਜੀ ਨੂੰ ਯੂ.ਕੇ. ਦੀ ਸੰਸਥਾ F.A.B.O. ਫੈਡਰੇਸ਼ਨ ਆਫ਼ ਅੰਬੇਡਕਰਾਈਟ ਐਂਡ ਬੁੱਧਿਸਟ ਆਰਗੇਨਾਈਜ਼ੇਸ਼ਨ ਵਲੋਂ ਸਾਲ 1993 ਵਿਚ ਮੁੰਬਈ ਦੇ ਮੇਅਰ ਸ਼੍ਰੀ ਚੰਦਰ ਕਾਂਤ ਹੰਡੋਰੇ ਜੀ ਨੇ ਜੋ ਹੁਣ ਰਾਜ ਸਭਾ ਮੈਂਬਰ ਹਨ, 'ਭੀਮ ਰਤਨ' ਦੀ ਉਪਾਧੀ ਨਾਲ ਸਨਮਾਨਿਤ ਕੀਤਾ।

-ਰਾਮ ਪਾਲ 'ਰਾਹੀ'
ਪ੍ਰਧਾਨ, ਫ਼ੈਡਰੇਸ਼ਨ ਆਫ਼ ਅੰਬੇਡਕਰਾਈਟ ਐਂਡ ਬੁੱਧਿਸਟ ਔਰਗੇਨਾਈਜ਼ੇਸ਼ਨਜ਼ (ਯੂ.ਕੇ.)

ISBN: 978-93-344-8361-9

ਮਲਿੰਦ ਪ੍ਰਕਾਸ਼ਨ ਜਲੰਧਰ

# ਉਜ਼ਬੇਕਿਸਤਾਨ ਨੂੰ 2-0 ਨਾਲ ਹਰਾ ਕੇ ਕੈਨੇਡਾ ਨੇ ਵਿਸ਼ਵ ਕੱਪ ਤੋਂ ਪਹਿਲਾਂ ਦਿਖਾਇਆ ਦਮਖਮ

**ਵੈਨਕੂਵਰ, 2 ਜੂਨ (ਮਲਕੀਤ ਸਿੰਘ)** – ਅਗਲੇ ਸਾਲ ਹੋਣ ਵਾਲੇ ਵਿਸ਼ਵ ਕੱਪ ਦੀਆਂ ਤਿਆਰੀਆਂ ਦੇ ਤਹਿਤ ਖੇਡੇ ਗਏ ਇੱਕ ਅਭਿਆਸੀ ਮੁਕਾਬਲੇ ਵਿੱਚ ਕੈਨੇਡਾ ਨੇ ਉਜ਼ਬੇਕਿਸਤਾਨ ਨੂੰ 2-0 ਨਾਲ ਹਰਾ ਕੇ ਸ਼ਾਨਦਾਰ ਜਿੱਤ ਦਰਜ ਕੀਤੀ ਹੈ। ਐਡਮੰਟਨ ਵਿੱਚ ਭਾਰੀ ਮੀਂਹ ਦੇ ਬਾਵਜੂਦ ਖੇਡੇ ਗਏ ਇਸ ਮੁਕਾਬਲੇ ਦੌਰਾਨ ਕੈਨੇਡੀਅਨ ਟੀਮ ਨੇ ਸੰਤੁਲਿਤ ਅਤੇ ਪ੍ਰਭਾਵਸ਼ਾਲੀ ਖੇਡ ਦਾ ਪ੍ਰਦਰਸ਼ਨ ਕੀਤਾ। ਮੈਚ ਦੌਰਾਨ ਮੈਦਾਨ ਦੀ ਸਥਿਤੀ ਮੀਂਹ ਕਾਰਨ ਚੁਣੌਤੀਪੂਰਨ ਰਹੀ, ਪਰ ਕੈਨੇਡਾ ਦੇ ਖਿਡਾਰੀਆਂ ਨੇ ਹਾਲਾਤਾਂ ਨਾਲ ਖ਼ੁਦ ਨੂੰ ਅਨੁਕੂਲ ਕਰਦਿਆਂ ਦੋ ਗੋਲ ਕਰਕੇ ਜਿੱਤ ਆਪਣੇ ਨਾਮ ਕੀਤੀ। ਇਸ ਜਿੱਤ ਨਾਲ ਟੀਮ ਦਾ ਮਨੋਬਲ ਹੋਰ ਮਜ਼ਬੂਤ ਹੋਇਆ ਹੈ ਅਤੇ ਵਿਸ਼ਵ ਕੱਪ ਤੋਂ ਪਹਿਲਾਂ ਇਹ ਨਤੀਜਾ ਕਾਫ਼ੀ ਹੌਸਲਾ ਅਫ਼ਜ਼ਾਈ ਵਾਲਾ ਮੰਨਿਆ ਜਾ ਰਿਹਾ ਹੈ। ਕੈਨੇਡਾ ਦੀ ਟੀਮ ਹੁਣ ਆਪਣੇ ਅਗਲੇ ਅਭਿਆਸੀ ਮੁਕਾਬਲਿਆਂ ਰਾਹੀਂ ਵਿਸ਼ਵ ਕੱਪ ਲਈ ਤਿਆਰੀਆਂ ਨੂੰ ਹੋਰ ਨਿਖਾਰਨ ਦੀ ਕੋਸ਼ਿਸ਼ ਕਰੇਗੀ।



ਜੇਤੂ ਟੀਮ ਦੇ ਖਿਡਾਰੀ

# ਸਪਰਿੰਗਫੀਲਡ (ਓਹਾਇਓ) ਦੀ 'ਮੈਮੋਰੀਅਲ ਡੇਅ ਪਰੇਡ 'ਚ ਸਿੱਖ ਭਾਈਚਾਰੇ ਨੇ ਸ਼ਹੀਦ ਫੌਜੀਆਂ ਨੂੰ ਦਿੱਤੀ ਸ਼ਰਧਾਂਜਲੀ










**ਵਲੋਂ: ਸਮੀਪ ਸਿੰਘ ਗੁਮਟਾਲਾ ਡੇਟਨ, ਓਹਾਇਓ (ਅਮਰੀਕਾ):** ਅਮਰੀਕਾ ਵਿੱਚ ਹਰ ਸਾਲ 'ਮੈਮੋਰੀਅਲ ਡੇਅ' ਦੇ ਮੌਕੇ 'ਤੇ ਸ਼ਹੀਦ ਅਮਰੀਕੀ ਫੌਜੀਆਂ ਨੂੰ ਯਾਦ ਕਰਨ ਲਈ ਦੇਸ਼ ਭਰ
ਵਿੱਚ ਪਰੇਡਾਂ ਦਾ ਆਯੋਜਨ ਕੀਤਾ ਜਾਂਦਾ ਹੈ। ਇਸੇ ਤਹਿਤ ਓਹਾਇਓ ਸੂਬੇ ਦੇ ਸਪਰਿੰਗਫੀਲਡ ਸ਼ਹਿਰ ਵਿੱਚ ਸਲਾਨਾ 'ਮੈਮੋਰੀਅਲ ਡੇਅ ਪਰੇਡ' ਦਾ
ਸ਼ਾਨਦਾਰ ਆਯੋਜਨ ਕੀਤਾ ਗਿਆ, ਜੋ ਕਿ ਇਸ ਖੇਤਰ ਦੀਆਂ ਸਭ ਤੋਂ ਵੱਡੀਆਂ ਪਰੇਡਾਂ ਵਿੱਚੋਂ ਇੱਕ ਹੈ। ਇਸ ਵਾਰ ਪਰੇਡ ਵਿੱਚ ਤਕਰੀਬਨ 200
ਸਥਾਨਕ ਜਥੇਬੰਦੀਆਂ ਅਤੇ 2,000 ਤੋਂ ਵੱਧ ਲੋਕਾਂ ਨੇ ਹਿੱਸਾ ਲਿਆ। ਇਸ ਮੌਕੇ ਹਜ਼ਾਰਾਂ ਦੀ ਗਿਣਤੀ ਵਿੱਚ ਅਮਰੀਕੀ ਨਾਗਰਿਕ ਸ਼ਹੀਦਾਂ ਨੂੰ
ਸ਼ਰਧਾਂਜਲੀ ਦੇਣ ਲਈ ਇਕੱਠੇ ਹੋਏ।

ਪਰੇਡ ਦੌਰਾਨ ਵੱਖ-ਵੱਖ ਪ੍ਰਸ਼ਾਸਨਿਕ ਵਿਭਾਗਾਂ, ਸਕੂਲਾਂ, ਅਤੇ ਧਾਰਮਿਕ-ਸਮਾਜਿਕ ਸੰਸਥਾਵਾਂ ਦੀਆਂ ਪੇਸ਼ਕਾਰੀਆਂ ਦੇਖਣਯੋਗ ਸਨ। ਫ਼ੌਜੀ ਜੀਪਾਂ,
ਫਾਇਰ ਬ੍ਰਿਗੇਡ ਦੇ ਟਰੱਕ, ਮੋਟਰਸਾਈਕਲਾਂ ਦੇ ਕਾਫ਼ਲੇ ਅਤੇ ਹੋਰ ਕਈ ਤਰ੍ਹਾਂ ਦੇ ਵਾਹਨ ਇਸ ਮਾਰਚ ਦਾ ਮੁੱਖ ਹਿੱਸਾ ਬਣੇ। ਕਈ ਵਾਹਨਾਂ 'ਤੇ ਸਥਾਨਕ
ਸ਼ਹੀਦ ਫ਼ੌਜੀਆਂ ਦੇ ਪੋਸਟਰ ਲਗਾ ਕੇ ਉਨ੍ਹਾਂ ਦੀ ਸ਼ਹਾਦਤ ਨੂੰ ਸਲਾਮ ਕੀਤਾ ਗਿਆ। ਇਸ ਦੌਰਾਨ ਸੜਕਾਂ ਕੰਢੇ ਬੈਠੇ ਹਜ਼ਾਰਾਂ ਅਮਰੀਕੀ ਪਰਿਵਾਰ ਦੇਸ਼ ਦੇ
ਝੰਡੇ ਦੇ ਰੰਗਾਂ (ਲਾਲ, ਚਿੱਟੇ ਤੇ ਨੀਲੇ) ਦੇ ਕੱਪੜੇ ਪਾ ਕੇ ਪਰੇਡ ਦਾ ਸੁਆਗਤ ਅਤੇ ਹੌਸਲਾ ਵਧਾ ਰਹੇ ਸਨ।

ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਅਮਰੀਕੀ ਝੰਡਿਆਂ, ਬੈਨਰਾਂ ਅਤੇ ਪੋਸਟਰਾਂ ਨਾਲ ਸਜਾਈ ਸਿੱਖ ਝਾਕੀ ਪਰੇਡ ਵਿੱਚ ਵਿਸ਼ੇਸ਼ ਖਿੱਚ ਦਾ ਕੇਂਦਰ ਬਣੀ।

ਜਦੋਂ ਇਹ ਤਿੰਨ ਮੀਲ ਲੰਬੀ ਪਰੇਡ ਬਾਜ਼ਾਰਾਂ ਵਿੱਚੋਂ ਲੰਘੀ, ਤਾਂ ਸੜਕ ਦੇ ਦੋਵੇਂ ਪਾਸੇ ਖੜ੍ਹੇ ਹਜ਼ਾਰਾਂ ਅਮਰੀਕੀ ਸ਼ਹਿਰੀਆਂ ਨੇ ਹੱਥਾਂ ਵਿੱਚ ਅਮਰੀਕੀ ਝੰਡੇ
ਲਹਿਰਾ ਕੇ ਸਿੱਖ ਭਾਈਚਾਰੇ ਦਾ ਨਿੱਘਾ ਸਵਾਗਤ ਕੀਤਾ ਅਤੇ 'ਮਿਸਟਰ ਸਿੰਘ' ਕਹਿ ਕੇ ਆਪਣਾ ਪਿਆਰ ਜਤਾਇਆ।

ਦੱਸਣਯੋਗ ਹੈ ਕਿ ਪਿਛਲੇ 27 ਸਾਲਾਂ ਤੋਂ ਸਪਰਿੰਗਫੀਲਡ ਦੇ ਸਮਾਜ ਸੇਵੀ ਅਵਤਾਰ ਸਿੰਘ, ਉਨ੍ਹਾਂ ਦੀ ਪਤਨੀ ਸਰਬਜੀਤ ਕੌਰ ਅਤੇ ਪਰਿਵਾਰ ਲਗਾਤਾਰ ਇਸ ਪਰੇਡ ਦਾ ਹਿੱਸਾ ਬਣਦੇ ਆ ਰਹੇ ਹਨ। ਉਨ੍ਹਾਂ ਵੱਲੋਂ ਸ਼ੁਰੂ ਕੀਤੇ ਇਸ ਉਦਮ ਸਦਕਾ ਹੁਣ ਡੇਟਨ, ਸਿਨਸਿਨਾਟੀ, ਕੋਲੰਬਸ ਅਤੇ ਗੁਆਂਢੀ ਸੂਬੇ
ਇੰਡੀਆਣਾ ਤੋਂ ਵੀ ਸਿੱਖ ਪਰਿਵਾਰ ਇਸ ਵਿੱਚ ਸ਼ਾਮਲ ਹੁੰਦੇ ਹਨ। ਪ੍ਰਬੰਧਕ ਪਰਿਵਾਰ ਵੱਲੋਂ ਆਈਆਂ ਸੰਗਤਾਂ ਲਈ ਆਪਣੇ ਘਰ ਵਿੱਚ ਵਿਸ਼ੇਸ਼ ਲੰਗਰ ਦਾ
ਪ੍ਰਬੰਧ ਵੀ ਕੀਤਾ ਗਿਆ।

ਸਰਬਜੀਤ ਕੌਰ ਅਤੇ ਅਵਤਾਰ ਸਿੰਘ ਨੇ ਪਰੇਡ ਬਾਰੇ ਆਪਣੇ ਜਜ਼ਬਾਤ ਸਾਂਝੇ ਕਰਦਿਆਂ ਕਿਹਾ, ਫ਼ਤੁੌਟ;ਸਥਾਨਕ ਅਮਰੀਕੀ ਸਮਾਜ ਨਾਲ ਮਿਲ ਕੇ ਚੱਲਣਾ ਅਤੇ ਇਸ ਇਤਿਹਾਸਕ ਪਰੇਡ ਦਾ ਹਿੱਸਾ ਬਣਨਾ ਸਾਡੇ ਲਈ ਹਮੇਸ਼ਾ ਮਾਣ ਵਾਲੀ ਗੱਲ ਰਹੀ ਹੈ। ਇਹ ਪ੍ਰੋਗਰਾਮ ਸਾਨੂੰ ਇੱਕ ਅਜਿਹਾ ਮੰਚ ਦਿੰਦਾ ਹੈ ਜਿੱਥੇ
ਅਸੀਂ ਵਿਸ਼ਵ ਜੰਗਾਂ ਵਿੱਚ ਸ਼ਹੀਦ ਹੋਏ ਸਿੱਖ ਅਤੇ ਅਮਰੀਕੀ ਸੂਰਬੀਰਾਂ ਨੂੰ ਸਾਂਝੇ ਤੌਰ ਫ਼#39;ਤੇ ਨਮਨ ਕਰ ਸਕਦੇ ਹਾਂ। ਇਸ ਦੇ ਨਾਲ ਹੀ ਸਥਾਨਕ ਲੋਕਾਂ ਨੂੰ
ਸਿੱਖ ਇਤਿਹਾਸ ਅਤੇ ਸੰਸਾਰ ਅਮਨ ਲਈ ਸਾਡੇ ਵੱਲੋਂ ਦਿੱਤੀਆਂ ਗਈਆਂ ਮਹਾਨ ਕੁਰਬਾਨੀਆਂ ਬਾਰੇ ਨੇੜਿਓਂ ਜਾਣਨ ਦਾ ਮੌਕਾ ਮਿਲਦਾ ਹੈ।ਫ਼ਤੁੌਟ;

ਇਸ ਮੌਕੇ ਪਰੇਡ ਵਿੱਚ ਸ਼ਾਮਲ ਹੋਏ ਕਮਿਊਨਿਟੀ ਕਾਰਕੁੰਨ ਸਮੀਪ ਸਿੰਘ ਗੁਮਟਾਲਾ ਨੇ ਕਿਹਾ ਕਿ, ਫ਼ਤੁੌਟ;ਸਾਲ 2001 ਦੇ ਹਮਲਿਆਂ ਤੋਂ ਬਾਅਦ ਅਮਰੀਕਾ ਵਿੱਚ ਪੈਦਾ ਹੋਈਆਂ ਚੁਣੌਤੀਆਂ ਕਾਰਨ ਸਿੱਖਾਂ ਨੂੰ ਕਈ ਵਾਰ ਨਸਲੀ ਵਿਤਕਰੇ ਅਤੇ ਗ਼ਲਤਫ਼ਹਿਮੀਆਂ ਦਾ ਸਾਹਮਣਾ ਕਰਨਾ ਪਿਆ ਹੈ। ਇਸੇ ਲਈ ਅਜਿਹੇ ਸਾਂਝੇ ਕੌਮੀ ਪ੍ਰੋਗਰਾਮਾਂ ਵਿੱਚ ਸਾਡੀ ਮੌਜੂਦਗੀ ਬਹੁਤ ਜ਼ਰੂਰੀ ਹੈ। ਇਸ ਨਾਲ ਲੋਕਾਂ ਨੂੰ ਸਾਡੀ ਵਿਲੱਖਣ ਪਛਾਣ ਬਾਰੇ ਪਤਾ ਲੱਗਦਾ ਹੈ ਅਤੇ
ਅਮਰੀਕੀ ਨਾਗਰਿਕਾਂ ਨੂੰ ਇਹ ਅਹਿਸਾਸ ਹੁੰਦਾ ਹੈ ਕਿ ਸਿੱਖ ਇਸੇ ਦੇਸ਼ ਅਤੇ ਸਮਾਜ ਦਾ ਇੱਕ ਜ਼ਿੰਮੇਵਾਰ ਤੇ ਅਨਿੱਖੜਵਾਂ ਅੰਗ ਹਨ।ਫ਼ਤੁੌਟ;

ਪਰੇਡ ਦੌਰਾਨ ਬੀਵਰਕਰੀਕ ਸ਼ਹਿਰ ਦੇ ਵਸਨੀਕ ਸਵਰਨਜੀਤ ਸਿੰਘ ਪੰਨੂ, ਸੁਰਿੰਦਰ ਸਿੰਘ ਖਾਲਸਾ ਅਤੇ ਸਮੂਹ ਪਰਿਵਾਰ ਵੱਲੋਂ ਪਰੇਡ 'ਚ ਸ਼ਾਮਲ
ਹਜ਼ਾਰਾਂ ਲੋਕਾਂ ਨੂੰ ਗਰਮੀ ਤੋਂ ਰਾਹਤ ਦੇਣ ਲਈ ਪਾਣੀ, ਜੂਸ, ਸਨੈਕਸ ਅਤੇ ਸੋਡੇ ਦੀ ਸੇਵਾ ਨਿਭਾਈ ਗਈ। ਇਸ ਇਤਿਹਾਸਕ ਪਰੇਡ ਦੀਆਂ ਯਾਦਾਂ ਨੂੰ
ਕੈਮਰੇ ਵਿੱਚ ਕੈਦ ਕਰਨ ਦੀ ਸੇਵਾ ਡੇਟਨ ਤੋਂ 'ਏ.ਐਂਡ.ਏ. ਫੋਟੋਗ੍ਰਾਫੀਫ਼#39; ਦੇ ਸੁਨੀਲ ਮੱਲੀ ਵੱਲੋਂ ਕੀਤੀ ਗਈ।

# ਵੈਨਕੂਵਰ ਕੈਨਕਸ ਦੇ ਨਵੇਂ ਮੁੱਖ ਕੋਚ ਬਣੇ ਮੈਨੀ ਮਲਹੋਤਰਾ

ਵੈਨਕੂਵਰ, 2 ਜੂਨ (ਮਲਕੀਤ ਸਿੰਘ) – ਕੈਨੇਡਾ ਦੀ ਮਸ਼ਹੂਰ ਆਈਸ ਹਾਕੀ ਟੀਮ ਵੈਨਕੂਵਰ ਕੈਨਕਸ ਨੇ ਮੈਨੀ ਮਲਹੋਤਰਾ ਨੂੰ ਟੀਮ ਦਾ ਨਵਾਂ ਮੁੱਖ ਕੋਚ ਨਿਯੁਕਤ ਕਰਨ ਦਾ ਐਲਾਨ ਕੀਤਾ ਹੈ। ਇਸ ਨਿਯੁਕਤੀ ਨਾਲ ਮਲਹੋਤਰਾ ਕਲੱਬ ਦੇ ਇਤਿਹਾਸ ਦੇ 23ਵੇਂ ਮੁੱਖ ਕੋਚ ਬਣ ਗਏ ਹਨ। ਮੈਨੀ ਮਲਹੋਤਰਾ ਇਸ ਤੋਂ ਪਹਿਲਾਂ ਵੀ ਵੈਨਕੂਵਰ ਕੈਨਕਸ ਨਾਲ ਖਿਡਾਰੀ ਅਤੇ ਕੋਚਿੰਗ ਸਟਾਫ਼ ਦੇ ਮੈਂਬਰ ਵਜੋਂ ਜੁੜੇ ਰਹੇ ਹਨ। ਉਨ੍ਹਾਂ ਨੇ ਹਾਲ ਹੀ ਦੇ ਸੀਜ਼ਨ ਦੌਰਾਨ ਐਬਟਸਫੋਰਡ ਕੈਨਕਸ ਨੂੰ ਕੈਲਡਰ ਕੱਪ ਚੈਂਪੀਅਨਸ਼ਿਪ ਜਿਤਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਸੀ। ਟੀਮ ਪ੍ਰਬੰਧਨ ਨੂੰ ਉਮੀਦ ਹੈ ਕਿ ਉਨ੍ਹਾਂ ਦਾ ਤਜਰਬਾ ਅਤੇ ਨੇਤ੍ਰਿਤਵ ਕੈਨਕਸ ਨੂੰ ਨਵੀਆਂ ਉਚਾਈਆਂ ਤੱਕ ਲੈ ਕੇ ਜਾਵੇਗਾ। ਕੈਨਕਸ ਦੇ ਪ੍ਰਸ਼ੰਸਕਾਂ ਵੱਲੋਂ ਵੀ ਇਸ ਨਿਯੁਕਤੀ ਦਾ ਸਵਾਗਤ ਕੀਤਾ ਜਾ ਰਿਹਾ ਹੈ। ਹਾਕੀ ਮਾਹਿਰਾਂ ਦਾ ਮੰਨਣਾ ਹੈ ਕਿ ਮਲਹੋਤਰਾ ਦੀ ਟੀਮ ਨਾਲ ਪੁਰਾਣੀ ਸਾਂਝ ਅਤੇ ਖੇਡ ਦੀ ਡੂੰਘੀ ਸਮਝ ਆਉਣ ਵਾਲੇ ਸੀਜ਼ਨਾਂ ਵਿੱਚ ਕੈਨਕਸ ਲਈ ਲਾਭਦਾਇਕ ਸਾਬਤ ਹੋ ਸਕਦੀ ਹੈ।



# ਲੈਸਟਰਸ਼ਾਇਰ ਵਿੱਚ ਵਿਸਾਖੀ ਸਮਾਗਮਾਂ ਨੂੰ ਯਾਦਗਾਰ ਬਣਾਉਣ ਵਾਲੇ ਸਰਵੋਤਮ ਮਹਿਮਾਨ

**ਸਮਾਜ ਵੀਕਲੀ ਯੂ ਕੇ**

ਲੈਸਟਰ- ਓਡਬੀ ਅਤੇ ਵਿਗਸਟਨ ਬਰੋ ਕੌਂਸਲ ਦੀ ਆਗੂ ਕੌਂਸਲਰ ਸਮੀਆ ਹਕ ਨੇ ਕਿਹਾ, "ਮੈਂ ਪਿਛਲੇ ਕਈ ਸਾਲਾਂ ਦੌਰਾਨ ਪੰਜਾਬੀ ਲਿਸਨਰਜ਼ ਕਲੱਬ ਵੱਲੋਂ ਗੁਰਦੁਆਰਿਆਂ, ਓਡਬੀ ਅਤੇ ਵਿਗਸਟਨ ਲਾਇਬ੍ਰੇਰੀਆਂ ਅਤੇ ਕਮਿਊਨਿਟੀ ਸੈਂਟਰਾਂ ਵਿੱਚ ਆਯੋਜਿਤ ਅਨੇਕਾਂ ਮਹੱਤਵਪੂਰਨ ਸਮਾਗਮਾਂ ਵਿੱਚ ਸ਼ਮੂਲੀਅਤ ਕੀਤੀ ਹੈ। ਕਲੱਬ ਸਾਡੀ ਕਮਿਊਨਿਟੀ ਨੂੰ ਪ੍ਰਭਾਵਿਤ ਕਰਨ ਵਾਲੇ ਵੱਖ-ਵੱਖ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਲਗਾਤਾਰ ਕੰਮ ਕਰ ਰਿਹਾ ਹੈ। ਇਸ ਵਿੱਚ 'ਆਪਣੀ ਸਿਹਤ ਦਾ ਧਿਆਨ ਰੱਖੋ' ਪ੍ਰੋਗਰਾਮ, ਭਾਰਤ ਦੀ ਵੰਡ ਬਾਰੇ ਸਮਾਗਮ ਅਤੇ ਨੌਜਵਾਨ ਪੀੜ੍ਹੀ ਲਈ ਦਸਤਾਰ ਸਜਾਉਣ ਅਤੇ ਪੰਜਾਬੀ ਲਿਖਣ ਦੇ ਮੁਕਾਬਲੇ ਸ਼ਾਮਲ ਹਨ।"

ਭਾਰਤ ਦੇ ਪੰਜਾਬ ਅਤੇ ਕੈਨੇਡਾ ਤੋਂ ਪੰਜਾਬੀ ਅਤੇ ਅੰਗਰੇਜ਼ੀ ਵਿੱਚ ਪ੍ਰਕਾਸ਼ਿਤ ਡੇਲੀ ਪੰਜਾਬ ਟਾਈਮਜ਼ ਅਖਬਾਰ ਸਮੂਹ ਦੇ ਸੀਨੀਅਰ ਪੱਤਰਕਾਰ ਅਤੇ ਸੰਪਾਦਕ ਬਲਜੀਤ ਸਿੰਘ ਬਰਾੜ, ਜੋ ਖਾਸ ਤੌਰ 'ਤੇ ਇਸ ਵਿਸਾਖੀ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਭਾਰਤ ਤੋਂ ਪਹੁੰਚੇ ਸਨ, ਨੇ ਕਿਹਾ, "ਇੰਨੇ ਉੱਚ ਕੋਟੀ ਦੇ ਮਾਣਯੋਗ ਮਹਿਮਾਨਾਂ ਦੀ ਹਾਜ਼ਰੀ ਵਿੱਚ ਸ਼ਾਮਲ ਹੋਣਾ ਮੇਰੇ ਲਈ ਮਾਣ ਵਾਲੀ ਗੱਲ ਹੈ। ਇਸ ਲਈ ਤਰਲੋਚਨ ਸਿੰਘ ਵਿਰਕ ਅਤੇ ਪੰਜਾਬੀ ਲਿਸਨਰਜ਼ ਕਲੱਬ ਦੀ ਪੂਰੀ ਟੀਮ ਵਧਾਈ ਦੀ ਹੱਕਦਾਰ ਹੈ।"

ਸਮਾਗਮ ਨੂੰ ਸੰਬੋਧਨ ਕਰਦਿਆਂ ਡਵਿੰਦਰ ਸਿੰਘ ਢੇਸੀ LLR ਨੇ ਕਿਹਾ: "ਵਿਸਾਖੀ ਸਮਾਗਮ ਵਿੱਚ ਸ਼ਾਮਲ ਹੋਣਾ ਬਹੁਤ ਹੀ ਖੁਸ਼ੀ ਦੀ ਗੱਲ ਸੀ। ਆਯੋਜਕਾਂ ਵੱਲੋਂ ਸਿੱਖ ਰਾਜ ਦੇ ਸ਼ਾਨਦਾਰ ਯੁੱਗ ਨੂੰ ਦਰਸਾਉਂਦੀ ਇੱਕ ਪ੍ਰਭਾਵਸ਼ਾਲੀ ਪ੍ਰਦਰਸ਼ਨੀ ਲਗਾਈ ਗਈ ਸੀ। ਮਹਾਰਾਜਾ ਰਣਜੀਤ ਸਿੰਘ ਦੇ ਰਾਜ ਦੌਰਾਨ ਬਹੁਤ ਸਾਰੀਆਂ ਮਹੱਤਵਪੂਰਨ ਪ੍ਰਾਪਤੀਆਂ ਹੋਈਆਂ। ਉਸ ਸਮੇਂ ਹਰ ਧਰਮ ਦੇ ਲੋਕਾਂ ਨੂੰ ਆਪਣੇ ਧਰਮ ਦੀ ਖੁੱਲ੍ਹੇ ਦਿਲ ਨਾਲ ਪਾਲਣਾ ਕਰਨ ਦੀ ਆਜ਼ਾਦੀ ਸੀ ਅਤੇ ਕਿਸੇ ਨੂੰ ਵੀ ਮੌਤ ਦੀ ਸਜ਼ਾ ਨਹੀਂ ਦਿੱਤੀ ਗਈ।

ਮਹਾਰਾਜਾ ਰਣਜੀਤ ਸਿੰਘ ਨੇ ਹਿੰਦੂਆਂ, ਸਿੱਖਾਂ ਅਤੇ ਮੁਸਲਮਾਨਾਂ ਲਈ ਧਾਰਮਿਕ ਸਥਾਨਾਂ ਦੀ ਉਸਾਰੀ ਕਰਵਾਈ। ਉਹ ਪੂਰੀ ਤਰ੍ਹਾਂ ਸਮਾਵੇਸ਼ੀ ਸੋਚ ਰੱਖਦੇ ਸਨ ਅਤੇ ਹਰ ਧਰਮ ਅਤੇ ਨਸਲੀ ਪਿਛੋਕੜ ਦੇ ਲੋਕਾਂ ਨੂੰ ਆਪਣੀ ਪ੍ਰਸ਼ਾਸਨਿਕ ਟੀਮ ਅਤੇ ਫੌਜ ਵਿੱਚ ਉੱਚ ਅਹੁਦਿਆਂ ਤੱਕ ਸੇਵਾ ਕਰਨ ਦੇ ਮੌਕੇ ਦਿੱਤੇ ਜਾਂਦੇ ਸਨ। ਉਨ੍ਹਾਂ ਦੇ ਸਲਾਹਕਾਰਾਂ ਵਿੱਚ ਵੀ ਵੱਖ-ਵੱਖ ਧਰਮਾਂ ਦੇ ਲੋਕ ਸ਼ਾਮਲ ਸਨ।



HIS MAJESTY KING CHARLES REPRESENTATIVE FOR LEICESTER AND LEICESTERSHIRE THE LORD LIEUTENANT OF LEICESTERSHIRE MR MIKE KAPUR OBE THE RIGHT WORSHIPFUL THE LORD MAYOR OF LEICESTER 1st CITIZEN OF LEICESTER MR KULWINDER SINGH JOHAL CHAIRMAN LEICESTERSHIRE COUNTY COUNCIL 1st CITIZEN OF LEICESTERSHIRE LINDA DANKS WITH EVENT ORGANISER MR TARLOCHAN SINGH VIRK CO-ORDINATOR PUNJABI LISTENERS CLUB

ਮਹਾਰਾਜਾ ਰਣਜੀਤ ਸਿੰਘ ਦੀ ਧੀ ਰਾਜਕੁਮਾਰੀ ਸੋਫੀਆ ਦੁਲੀਪ ਸਿੰਘ ਨੇ ਬ੍ਰਿਟੇਨ ਦੇ ਔਰਤਾਂ ਦੇ ਵੋਟ ਦੇ ਅਧਿਕਾਰ ਅੰਦੋਲਨ (ਸਫਰਜੇਟ ਮੂਵਮੈਂਟ) ਵਿੱਚ



ਮਹੱਤਵਪੂਰਨ ਯੋਗਦਾਨ ਪਾਇਆ, ਜਿਸ ਦੇ ਨਤੀਜੇ ਵਜੋਂ ਇੰਗਲੈਂਡ ਅਤੇ ਯੂਨਾਈਟਿਡ ਕਿੰਗਡਮ ਵਿੱਚ ਔਰਤਾਂ ਨੂੰ ਵੋਟ ਦਾ ਅਧਿਕਾਰ ਮਿਲਿਆ।"

ਸਿੱਖ ਫੈਡਰੇਸ਼ਨ ਯੂਕੇ ਦੇ ਜਸਪਾਲ ਸਿੰਘ ਕੰਗ ਅਤੇ ਗੁਰੂ ਤੇਗ ਬਹਾਦਰ ਗੁਰਦੁਆਰਾ ਸਾਹਿਬ ਦੇ ਸਾਬਕਾ ਸਟੇਜ




ਸਕੱਤਰ ਨੇ ਪੰਜਾਬੀ ਸੈਸ਼ਨ ਦੀ ਸਟੇਜ ਸੰਭਾਲੀ। ਉਨ੍ਹਾਂ ਨੇ ਜਥੇਦਾਰ ਮੋਹਿੰਦਰ ਸਿੰਘ ਖੇੜਾ (ਯੂਕੇ) ਦੀ ਕਵਿਤਾ ਵੀ ਪੜ੍ਹੀ। ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਸਬੰਧੀ ਕਵਿਤਾਵਾਂ ਪੇਸ਼ ਕਰਨ ਵਾਲਿਆਂ ਵਿੱਚ ਪ੍ਰਸਿੱਧ ਲੇਖਕ ਰਣਧੀਰ ਸਿੰਘ ਸੰਭਾਲ (ਗੁਰਦੁਆਰਾ ਸ੍ਰੀ ਦਸਮੇਸ਼ ਸਾਹਿਬ, ਗਿਪਸੀ ਲੇਨ, ਲੈਸਟਰ), ਕੌਂਸਲਰ ਸੰਤੋਖ ਸਿੰਘ ਅਠਵਾਲ, ਕੇਹਰ ਸਿੰਘ, ਮਾਤਾ ਗੁਜਰ ਕੌਰ ਲਾਇਬ੍ਰੇਰੀ (ਗੁਰੂ ਤੇਗ ਬਹਾਦਰ ਗੁਰਦੁਆਰਾ) ਤੋਂ ਕੁਲਵਿੰਦਰ ਕੌਰ ਅਤੇ ਬਲਬੀਰ ਕੌਰ ਵੀ ਸ਼ਾਮਲ ਸਨ।

ਪੰਜਾਬੀ ਲਿਸਨਰਜ਼ ਕਲੱਬ ਦੀ ਸਥਾਪਨਾ 9 ਸਤੰਬਰ 1995 ਨੂੰ ਬੀਬੀਸੀ ਰੇਡੀਓ ਲੈਸਟਰ ਦੇ ਪੰਜਾਬੀ ਪ੍ਰੋਗਰਾਮ ਦੀ ਤੀਜੀ ਵਰ੍ਹੇਗੰਢ ਮੌਕੇ ਕੀਤੀ ਗਈ ਸੀ। ਕਲੱਬ ਪੰਜਾਬੀ ਭਾਸ਼ਾ, ਸੱਭਿਆਚਾਰ ਅਤੇ ਸਿੱਖ ਧਰਮ ਦੇ ਪ੍ਰਚਾਰ ਲਈ ਕੰਮ ਕਰਦਾ ਹੈ। ਸਤੰਬਰ 2025 ਵਿੱਚ ਕਲੱਬ ਨੇ ਆਪਣੀ 30ਵੀਂ ਵਰ੍ਹੇਗੰਢ ਮਨਾਈ। ਇਸ ਦੌਰਾਨ ਕਲੱਬ ਨੇ ਯੂਕੇ ਦੀਆਂ ਰਜਿਸਟਰਡ ਚੈਰਿਟੀਆਂ ਜਿਵੇਂ ਕਿ Children in Need, Wishes4Kids, British Heart Foundation, Cancer Charities, Khalsa Aid ਅਤੇ ਵੱਖ-ਵੱਖ ਲਾਰਡ ਮੇਅਰ ਚੈਰਿਟੀਆਂ ਲਈ ਹਜ਼ਾਰਾਂ ਪੌਂਡ ਇਕੱਠੇ ਕੀਤੇ ਹਨ।

ਬਾਬਾ ਬੰਦਾ ਸਿੰਘ ਬਹਾਦਰ ਨੇ 1710 ਵਿੱਚ ਪਹਿਲੇ ਸਿੱਖ ਰਾਜ ਦੀ ਸਥਾਪਨਾ ਕੀਤੀ ਸੀ। ਉਨ੍ਹਾਂ ਨੇ ਮਹਾਰਾਸ਼ਟਰ ਦੇ ਨਾਂਦੇੜ ਵਿਖੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਅੰਮ੍ਰਿਤ ਛਕਿਆ ਸੀ। ਬੰਦਾ ਸਿੰਘ ਬਹਾਦਰ ਨੇ ਜ਼ਮੀਨਦਾਰੀ ਪ੍ਰਥਾ ਨੂੰ ਖਤਮ ਕਰਕੇ ਖੇਤੀ ਕਰਨ ਵਾਲਿਆਂ ਨੂੰ ਜ਼ਮੀਨ ਦੇ ਅਧਿਕਾਰ ਦਿੱਤੇ।

ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਸਿੱਖ ਸਾਮਰਾਜ ਅਫ਼ਗਾਨਿਸਤਾਨ ਤੋਂ ਲੈ ਕੇ ਦਿੱਲੀ ਤੱਕ ਫੈਲਿਆ ਹੋਇਆ ਸੀ, ਪਰ 1947 ਵਿੱਚ ਇਸ ਦੀ ਵਿਰਾਸਤ ਭਾਰਤ ਅਤੇ ਪਾਕਿ-ਸਤਾਨ ਵਿਚਕਾਰ ਵੰਡ ਦਿੱਤੀ ਗਈ।

ਪੰਜਾਬੀ ਲਿਸਨਰਜ਼ ਕਲੱਬ ਦੀ ਨਵੀਂ ਪਹਿਲ 'ਵਿਸਾਖੀ ਸਮਾਗਮ ਅਤੇ ਸਿੱਖ ਸਾਮਰਾਜ ਪ੍ਰਦਰਸ਼ਨੀ', ਜੋ ਬਾਬਾ ਬੰਦਾ ਸਿੰਘ ਬਹਾਦਰ ਤੋਂ ਮਹਾਰਾਜਾ ਰਣਜੀਤ ਸਿੰਘ ਜੀ ਤੱਕ ਦੇ ਇਤਿਹਾਸ ਨੂੰ ਦਰਸਾਉਂਦੀ ਹੈ, ਖ਼ਾਸ ਤੌਰ 'ਤੇ ਸ਼ਲਾਘਾਯੋਗ ਹੈ। ਇਹ ਇੱਕ ਮਜ਼ਬੂਤ ਪ੍ਰਸ਼ਾਸਨ ਅਤੇ ਸਦੀਵੀ ਵਿਰਾਸਤ ਦੀ ਸਥਾਪਨਾ ਨੂੰ ਉਜਾਗਰ ਕਰਦੀ ਹੈ। ਮੈਂ ਇਸ ਸਮਾਗਮ ਦੀ ਸਫਲਤਾ ਲਈ ਆਪਣੀਆਂ ਸ਼ੁਭਕਾਮਨਾਵਾਂ ਭੇਟ ਕਰਦਾ ਹਾਂ।"

— ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ
ਵਾਈਸ ਚਾਂਸਲਰ, ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ, ਬਠਿੰਡਾ, ਪੰਜਾਬ



ਰੰਗ ਭਰਨ ਮੁਕਾਬਲੇ ਦਾ ਜੇਤੂ ਓਡਬੀ ਪੰਜਾਬੀ ਸਕੂਲ ਦਾ ਵਿਦਿਆਰਥੀ ਜੁਗਰਾਜ ਸਿੰਘ ਕੰਗ ਬਣਿਆ। ਉਸ ਨੂੰ ਲਾਰਡ ਲੈ ਨੈਂਟ ਮਾਈਕ ਕਪੂਰ ਅਤੇ ਲੈਸਟਰਸ਼ਾਇਰ ਕਾਉਂਟੀ ਕੌਂਸਲ ਦੀ ਚੇਅਰਮੈਨ ਲਿੰਡਾ ਡੈਂਕਸ ਵੱਲੋਂ ਚਾਰ ਕਿਤਾਬਾਂ ਭੇਟ ਕੀਤੀਆਂ ਗਈਆਂ। ਮੁੱਖ ਮਹਿਮਾਨ ਲਾਰਡ ਲੈਫਟਿਨੈਂਟ ਮਾਈਕ ਕਪੂਰ OBE CStJ ਨੂੰ ਸ੍ਰੀ ਹਰਿਮੰਦਰ ਸਾਹਿਬ (ਸ੍ਰੀ ਦਰਬਾਰ ਸਾਹਿਬ) ਦਾ ਇੱਕ ਮਾਡਲ ਭੇਟ ਕੀਤਾ ਗਿਆ।

ਲਿੰਡਾ ਡੈਂਕਸ ਨੂੰ 1832 ਦੇ ਹਰਿਮੰਦਰ ਸਾਹਿਬ ਦੀ ਫਰੇਮ ਕੀਤੀ ਤਸਵੀਰ, ਲਾਰਡ ਮੇਅਰ



ਕੁਲਵਿੰਦਰ ਸਿੰਘ ਜੋਹਲ ਨੂੰ ਮਹਾਰਾਜਾ ਰਣਜੀਤ ਸਿੰਘ ਦੇ ਦਰਬਾਰ ਦੀ ਫਰੇਮ ਕੀਤੀ ਤਸਵੀਰ, ਸਮੀਆ ਹਕ ਨੂੰ ਇੱਕ ਟਰਾਫੀ ਅਤੇ ਬਲਜੀਤ ਸਿੰਘ ਬਰਾੜ ਨੂੰ ਕਲਮ ਦੀ ਟਰਾਫੀ ਅਤੇ ਬਾਬਾ ਬੰਦਾ ਸਿੰਘ ਬਹਾਦਰ ਦੀ ਫਰੇਮ ਕੀਤੀ ਤਸਵੀਰ ਭੇਟ ਕੀਤੀ ਗਈ।

ਸਮਾਗਮ ਦੌਰਾਨ £171 ਦੀ ਰਕਮ ਲਾਰਡ ਮੇਅਰ ਦੀਆਂ ਚੈਰਿਟੀਆਂ — ਮਿਡਲੈਂਡ ਲੰਗਰ ਸੇਵਾ ਸੋਸਾਇਟੀ ਅਤੇ ਲੈਸਟਰ ਹਸਪਤਾਲ ਚੈਰਿਟੀਆਂ — ਲਈ ਇਕੱਠੀ ਕੀਤੀ ਗਈ।

ਗੁਰੂ ਨਾਨਕ ਗੁਰਦੁਆਰਾ ਸਾਹਿਬ ਅਤੇ ਗੁਰੂ ਤੇਗ ਬਹਾਦਰ ਗੁਰਦੁਆਰਾ ਸਾਹਿਬ ਵਿੱਚ ਪਹਿਲਾਂ ਤੋਂ ਤਹਿ ਕੀਤੇ ਵਿਸ਼ਾਲ ਪ੍ਰੋਗਰਾਮਾਂ ਕਾਰਨ ਦੋਵੇਂ ਸੰਸਥਾਵਾਂ ਦੇ ਪ੍ਰਧਾਨ ਅਜਮੇਰ ਸਿੰਘ ਬਸਰਾ ਅਤੇ ਗੁਰਨਾਮ ਸਿੰਘ ਰਾਏ ਸਮਾਗਮ ਵਿੱਚ ਸ਼ਾਮਲ ਨਹੀਂ ਹੋ ਸਕੇ। ਉਨ੍ਹਾਂ ਨੇ ਖਾਲਸਾ ਸਾਜਨਾ ਦਿਵਸ ਦੀਆਂ ਵਧਾਈਆਂ ਅਤੇ ਆਪਣੀਆਂ ਸ਼ੁਭਕਾਮਨਾਵਾਂ ਭੇਜੀਆਂ। ਪੰਥਕ ਸੇਵਾਦਾਰ ਅਤੇ ਲੇਖਕ ਜਸਪਾਲ ਸਿੰਘ ਬੈਂਸ, ਜੋ ਆਪਣੀ ਨਵੀਂ ਕਿਤਾਬ "ਖਾਲਸਾ ਫਰੀਡਮ ਚਾਰਟਰ" ਜਾਰੀ ਕਰਨ ਵਾਲੇ ਸਨ, ਤਰਲੋਚਨ ਸਿੰਘ ਚੰਨ ਜੰਡਾਲਵੀ (ਜਿਨ੍ਹਾਂ ਨੇ ਪੰਜਾਬੀ ਵਿੱਚ 22 ਕਿਤਾਬਾਂ ਲਿਖੀਆਂ ਹਨ) ਅਤੇ ਗੁਰਪ੍ਰੀਤ ਕੌਰ (ਬੀਬੀਸੀ ਰੇਡੀਓ ਲੈਸਟਰ ਪੰਜਾਬੀ ਪ੍ਰੋਗਰਾਮ ਪੇਸ਼ਕਾਰਾ 1992-2012) ਵੀ ਅਟੱਲ ਕਾਰਨਾਂ ਕਰਕੇ ਹਾਜ਼ਰ ਨਹੀਂ ਹੋ ਸਕੇ। ਉਨ੍ਹਾਂ ਨੇ ਆਪਣੀਆਂ ਸ਼ੁਭਕਾਮਨਾਵਾਂ ਭੇਜੀਆਂ।

ਆਯੋਜਕਾਂ ਦੀ ਓਰੋਂ ਪੰਜਾਬੀ ਲਿਸਨਰਜ਼ ਕਲੱਬ ਦੇ ਕੋਆਰਡੀਨੇਟਰ ਤਰਲੋਚਨ ਸਿੰਘ ਵਿਰਕ ਨੇ ਗੁਰਦੁਆਰਾ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ, ਓਡਬੀ, ਲੈਸਟਰਸ਼ਾਇਰ ਕੌਂਸਲ ਦੇ ਲੈਫਟਿਨੈਂਸੀ ਦਫ਼ਤਰ, ਲਾਰਡ ਮੇਅਰ ਦੇ ਦਫ਼ਤਰ, ਸਾਰੇ ਮਹਿਮਾਨਾਂ, ਲਾਰਡ ਮੇਅਰ ਦੀਆਂ ਚੈਰਿਟੀਆਂ ਲਈ ਦਾਨ ਦੇਣ ਵਾਲਿਆਂ, ਸਾਬਕਾ ਚੇਅਰਮੈਨ ਡਾ. ਕੇਵਿਨ ਫੈਲਥਮ ਅਤੇ ਕਿਬਵਰਥ ਵਿਲੇਜ ਹਾਲ ਦੀ ਜੋਸੀ ਦਾ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਨਾਲ ਇਹ ਵਿਸਾਖੀ ਸਮਾਗਮ ਸਫਲ ਅਤੇ ਯਾਦਗਾਰ ਬਣਿਆ।

**(ਸੰਬੰਧਿਤ ਫੋਟੋਆਂ ਪੇਜ 18 ਤੇ)**

# ਲੈਸਟਰਸ਼ਾਇਰ ਵਿੱਚ ਵਿਸਾਖੀ ਸਮਾਗਮਾਂ ਨੂੰ ਯਾਦਗਾਰ ਬਣਾਉਣ ਵਾਲੇ ਸਰਵੋਤਮ ਮਹਿਮਾਨ



# ਜਿਆਦਾ ਸਹੂਲਤਾਂ ਵੀ ਆਲਸੀ ਬਣਾਉਦੀਆਂ

ਅੱਜ ਦੇ ਸਮੇਂ ਵਿੱਚ ਹਰ ਚੀਜ਼,ਜੋ ਚਾਹੋ ਸੰਭਵ ਹੈ,ਤਾਂਹੀ ਤਾਂ ਇਸ ਨੂੰ ਸਹੂਲਤਾਂ ਦਾ ਯੁੱਗ ਕਿਹਾ ਜਾਦਾ ਹੈ।ਇੱਥੇ ਹਰ ਵਿਅਕਤੀ ਕੋਲ ਸਹੂਲਤਾਂ ਦਾ ਭੰਡਾਰ ਹੈ ਜਿਵੇ ਬੇਮਿਸਾਲ ਸਹੂਲਤਾਂ,ਨਵੀਆਂ ਨਵੀਆਂ ਤਕਨੀਕਾਂ,ਅਤੇ ਹਰ ਵਿਕਲਪ ਉਪਲਬਧ ਹੈ,ਜੋ ਚਾਹੋ,ਜਿੱਥੇ ਚਾਹੋ,ਜਿਵੇਂ ਚਾਹੋ ਜਿਸ ਸਮੇਂ ਚਾਹੋ ਚੌਵੀ ਘੰਟੇ ਤੁਹਾਨੂੰ ਹਰ ਸਹੂਲਤ ਮਿਲੇਗੀ।ਇਹਨਾਂ ਸਹੂਲਤਾਂ ਨੇ ਸਾਡੇ ਜੀਵਨ ਨੂੰ ਤੇਜ਼,ਸੌਖਾ ਅਤੇ ਆਰਾਮਦਾਇਕ ਬਣਾ ਦਿੱਤਾ ਹੈ।ਪਰ ਹਰ ਸਹੂਲਤ ਆਪਣੇ ਨਾਲ ਕੋਈ ਨਾ ਕੋਈ ਸਵਾਲ ਵੀ ਲੈ ਕੇ ਆਉਦੀ ਹੈ,ਕੀ ਅਸੀ ਸਹੂਲਤਾਂ ਦੀ ਵਰਤੋਂ ਕਰਨ ਲਈ ਉਨੇ ਹੀ ਜਿੰਮੇਵਾਰ ਹਾਂ ਜਿੰਨੇ ਕਿ ਪ੍ਰਾਪਤ ਕਰਨ ਲਈ ਹਾਂ?ਇਹ ਸਵਾਲ ਅੱਜ ਦੇ ਸਮੇਂ ਵਿੱਚ ਬਹੁਤ ਹੀ ਮਹੱਤਵਪੂਰਨ ਹੈ,ਕਿਉਕਿ ਇਹੀ ਟਕਰਾਅ,ਸਹੂਲਤਾਂ ਦੇ ਉਲਟ ਸਾਨੂੰ ਵਿਚਾਰ ਕਰਨ ਲਈ ਵੀ ਮਜ਼ਬੂਰ ਕਰਦਾ ਹੈ ਕਿ ਅਸੀ ਇਸ ਧਰਤੀ ਤੋਂ ਕੀ ਕੁਝ ਲੈ ਰਹੇ ਹਾਂ,ਤਾਂ ਉਸ ਦੇ ਬਦਲੇ ਅਸੀ ਉਸ ਨੂੰ ਕੀ ਕੁਝ ਦੇ ਰਹੇ ਹਾਂ।

ਸਹੂਲਤਾਂ ਦੀ ਅੰਨ੍ਹੀ ਦੌੜ੍ਹ ਵਿੱਚ ਅਸੀ ਲੋੜ ਅਤੇ ਲਾਲਚ ਵਿਚਲੇ ਨਿਸ਼ਾਨਾਂ ਨੂੰ ਫਿੱਕਾ ਕਰ ਰਹੇ ਹਾਂ।ਨਦੀਆਂ ਦੇ ਸੁੱਕ ਰਹੇ ਕੰਢੇ,ਉਜੜ ਰਹੇ ਜੰਗਲ ਅਤੇ ਦਿਨੋ ਦਿਨ ਜਹਿਰੀਲਾ ਹੁੰਦਾ ਜਾ ਰਿਹਾ ਮਹੌਲ ਇਨਸਾਨੀ ਲਾਲਚ ਦੀ ਕਹਾਣੀ ਚੀਕ-ਚੀਕ ਕੇ ਸੁਣਾ ਰਿਹਾ ਹੈ।ਅੱਜ ਅੱਧੀ ਤੋਂ ਜਿਆਦਾ ਦੁਨੀਆਂ ਯੁੱਧ ਦੀ ਅੱਗ ਦੀ ਲਪੇਟ ਵਿੱਚ ਝੁਲਸ ਰਹੀ ਹੈ।ਜਿਸ ਦਾ ਮਨੁੱਖ ਅਤੇ ਕੁਦਰਤ ‘ਤੇ ਬਹੁਤ ਮਾੜਾ ਪ੍ਰਭਾਵ ਪੈ ਰਿਹਾ ਹੈ।ਕੁਦਰਤੀ ਸਰੋਤ ਸੁਆਹ ਦੇ ਢੇਰ ਬਣਦੇ ਜਾ ਰਹੇ ਹਨ।ਸਾਡੀ ਤਕਨੀਕੀ ਤਰੱਕੀ ਏਨੀ ਤੇਜ਼ ਹੋ ਗਈ ਕਿ ਇਹ ਮਨੁੱਖਤਾ,ਅਤੇ ਆਪਸੀ ਸਮਝ ਨੂੰ ਪਛਾੜ ਗਈ ਹੈ।ਅੱਜ ਅਸੀ ਸ਼ੋਸਲ ਮੀਡੀਆ ਰਾਹੀ ਕਿਤੇ ਵੀ ਪਹੁੰਚ ਸਕਦੇ ਹਾਂ,ਪਰ ਇਹੀ ਸਹੂਲਤ ਜਾਅਲੀ ਖਬਰਾਂ,ਬੇਲੋੜੀ ਪ੍ਰੇਸ਼ਾਨੀ ਅਤੇ ਸਾਈਬਰ ਧੱਕੇਸ਼ਾਹੀ ਨੂੰ ਵੀ ਪੈਦਾ ਕਰ ਰਹੀਆਂ ਹਨ,ਅੱਜ ਬਹੁਤ ਸਾਰੇ ਮਾਮਲੇ ਸਾਹਮਣੇ ਆ ਰਹੇ ਹਨ ਕਿ ਜਿੱਥੇ ਝੂਠੀਆਂ ਖਬਰਾਂ ਦੀ ਨੁਮਾਇਸ਼ ਦੇਖਣ ਨੂੰ ਮਿਲਦੀ ਹੈ ਉਥੇ ਸਾਡੇ ਸਮਾਜ ਵਿੱਚ ਤਣਾਅ ਅਤੇ ਹਿੰਸਾ ਵਰਗੀਆਂ ਘਟਨਾਵਾਂ ਵਿੱਚ ਵੀ ਵਾਧਾ ਹੋ ਰਿਹਾ ਹੈ।

ਸਾਡੀ ਨਿਜ਼ੀ ਜਿੰਦਗੀ ਵਿੱਚ ਵੀ ਇਹਨਾਂ ਸਹੂਲਤਾਂ ਦਾ ਪ੍ਰਭਾਵ ਸਪੱਸ਼ਟ ਹੈ।ਉਦਾਹਰਣ ਵਜੋ ਔਨਲਾਇਨ ਖਰੀਦਦਾਰੀ ਨੇ ਸਾਡੀ ਜਿੰਦਗੀ ਨੂੰ ਹੋਰ ਵੀ ਆਸਾਨ ਬਣਾ ਦਿੱਤਾ ਹੈ,ਪਰ ਬੇਲੋੜੀ ਖਰੀਦਦਾਰੀ ਅਤੇ ਰਹਿੰਦ-ਖੂੰਹਦ ਨੇ ਵੀ ਵਾਤਾਵਰਣ ‘ਤੇ ਬਹੁਤ ਦਬਾਅ ਪਾਇਆ ਹੈ।ਹੁਣ ਸਵਾਲ ਇਹ ਪੈਦਾ ਹੁੰਦਾ ਹੈ ਕਿ ਕੀ ਅਸੀ ਸਿਰਫ਼ ਸਹੂਲਤਾਂ ਲਈ ਹੀ ਕੁਦਰਤ ਦਾ ਸ਼ੋਸ਼ਣ ਕਰਕੇ ਸਹੀ ਕੰਮ ਕਰ ਰਹੇ ਹਾਂ?ਅੱਜ ਇਨਾਂ ਸਹੂਲਤਾਂ ਦੇ ਆਦੀ ਲੋਕ ਆਪਣੇ ਘੱਟ ਅਮੀਰ ਰਿਸ਼ਤੇਦਾਰ ਦੇ ਘਰ ਜਾਣ ਤੋਂ ਵੀ ਝਿਜਕਦੇ ਹਨ,ਕਿਉਕਿ ਉਨਾਂ ਕੋਲ ਇਨਾਂ ਸਹੂਲਤਾਂ ਦੀ ਬਹੁਤ ਘਾਟ ਹੈ।ਜਿੱਥੇ ਕਦੇ ਅਸੀ ਸਾਰਾ ਪਰਿਵਾਰ ਇਕੱਠੇ ਬੈਠ ਕੇ ਸਮਾਂ ਬਿਤਾਉਦਾ ਸੀ,ਹੁਣ ਉਹ ਸਮ੍ਹਾਂ ਮੌਬਾਇਲ ਸਕਰੀਨਾਂ ਦੇ ਮੋਹਰੇ ਬਤਾਇਆ ਜਾਂ ਰਿਹਾ ਹੈ।ਇਸ ਨਾਲ ਪਰਿਵਾਰਕ ਕਦਰਾਂ ਕੀਮਤਾਂ ਵੀ ਟੁੱਟ ਰਹੀਆਂ ਹਨ।ਜੇ ਅਸੀ ਇਸ ਤਰਾਂ ਸੁੱਖ ਸਹੂਲਤਾਂ ਵਿੱਚ ਡੁੱਬੇ ਰਹਿੰਦੇ ਹਾਂ ‘ਤੇ ਆਪਣੇ ਰਿਸ਼ਤਿਆਂ ਅਤੇ ਜਿੰਮੇਵਾਰੀਆਂ ਨੂੰ ਭੁੱਲਦੇ ਜਾ ਰਹੇ ਹਾਂ ਤਾਂ ਇਹ ਸਾਡੇ ਲਈ ਬਹੁਤ ਮਾੜੇ ਸੰਕੇਤ ਹਨ।

ਜਦੋਂ ਵਾਤਾਵਰਣ ਦੀ ਗੱਲ ਆਉਦੀ ਹੈ ਤਾਂ ਸਹੂਲਤਾਂ ਦੀ ਕੀਮਤ ਹੋਰ ਵੀ ਗੰਭੀਰ ਹੋ ਜਾਦੀ ਹੈ।ਏਅਰ ਕੰਡੀਸ਼ਨਰ,ਕਾਰਾਂ ਅਤੇ ਇਲੈਕਟ੍ਰਾਨਿਕ ਯੰਤਰਾਂ ਨੇ ਸਾਡੀ ਜਿੰਦਗੀ ਹੋਰ ਵੀ ਆਰਾਮਦਾਇਕ ਬਣਾ ਦਿੱਤੀ ਹੈ,ਅਸੀ ਉਸ ਵੱਲ ਧਿਅਨ ਨਹੀ ਦੇ ਰਹੇ,ਪਰ ਇਹ ਪ੍ਰਦੂਸ਼ਣ ਵਰਗੀਆਂ ਸਮੱਸਿਆਵਾਂ ਨੂੰ ਵਧਾ ਰਹੇ ਹਨ।ਇਹ ਨਹੀ ਕਿ ਸਾਡਾ ਸਾਡੇ ਆਪਣੇ ਤੇ ਕੰਟਰੋਲ ਨਹੀ ਹੈ।ਹਰ ਕੋਈ ਆਪਣੀਆਂ ਛੋਟੀਆਂ ਛੋਟੀਆਂ ਆਦਤਾਂ ਨੂੰ ਬਦਲ ਕੇ ਵਾਤਾਵਰਣ ਨੂੰ ਸੁਧ ਕਰਨ ਲਈ ਆਪਣਾ ਯੋਗਦਾਨ ਪਾ ਸਕਦਾ ਹੈ।ਜਿਵੇਂ ਪਲਾਸਟਿਕ ਨੂੰ ਘਟਾਉਣਾ,ਊਰਜਾਂ ਨੂੰ ਬਚਾਉਣਾ ਅਤੇ ਜਿੰਮੇਵਾਰੀ ਨਾਲ ਖਪਤ ਕਰਨਾ ਵੱਡੀ ਤਬਦੀਲੀ ਵੱਲ ਇਕ ਵੱਡਾ ਕਦਮ ਹੋਵੇਗਾ।

ਹਰ ਸਹੂਲਤ ਆਸਾਨੀ ਨਾਲ ਮਿਲਣਾ ਵੀ ਇਕ ਵੱਡਾ ਮੁੱਦਾ ਹੈ।ਕੁੱਝ ਕੁ ਲੋਕ ਹੀ ਇਨਾਂ ਸਹੂਲਤਾਂ ਦਾ ਆਨੰਦ ਮਾਣਦੇ ਹਨ ਬਹੁਤ ਸਾਰੇ ਲੋਕ ਅਜੇ ਵੀ ਇਨਾਂ ਸਹੂਲਤਾਂ ਤੋਂ ਵਾਂਝੇ ਹਨ।ਡਾ,ਅੰਬੇਦਕਰ ਸਾਹਿਬ ਨੇ ਕਿਹਾ ਸੀ ਕਿ ਆਦਮੀ ਦੀ ਮਹਾਨਤਾ ਇਹ ਨਹੀ ਹੈ ਕਿ ਉਸ ਦੇ ਕੋਲ ਕਿੰਨਾਂ ਧੰਨ ਹੈ ਬਲਕਿ ਉਸ ਦੀ ਮਹਾਨਤਾ ਇਹ ਹੈ ਕਿ ਉਹ ਸਮਾਜ ਨੂੰ ਕੀ ਦੇ ਰਿਹਾ ਹੈ।ਇਹ ਕਥਨ ਸਾਨੂੰ ਯਾਦ ਦਿਵਾਉਦਾ ਹੈ ਕਿ ਜਿੰਨਾ ਵੀ ਕਰ ਸਕਦੇ ਹੋ ਸਮਾਜ ਦੇ ਲਈ ਜਰੂਰ ਕਰੋ।ਸਿਖਿਆ ਦੇ ਖੇਤਰ ਵਿੱਚ ਬਹੁਤ ਸਾਰੀਆਂ ਸੇਵਾਵਾਂ ਡਿਜ਼ੀਟਲ ਹੋ ਗਈਆਂ ਹਨ।ਜਿਵੇਂ ਕੋਵਿਡ 19 ਮਹਾਂਮਾਰੀ ਦੇ ਦਿਨਾਂ ਵਿੱਚ ਔਨਲਾਇਨ ਸਿਖਿਆ ਨੇ ਆਪਣਾ ਸਬੂਤ ਦੇ ਦਿੱਤਾ ਹੈ।ਇੰਟਰਨੈਟ ਤੋਂ ਬਿੰਨਾਂ ਵਾਲੇ ਬੱਚੇ ਬਹੁਤ ਪਿੱਛੇ ਰਹਿ ਗਏ ਸਨ।ਇੱਥੇ ਨੈਤਿਕ ਜਿੰਮੇਵਾਰੀ ਸਰਕਾਰ ਦੇ ਨਾਲ ਨਾਲ ਹਰ ਜਾਗਰੂਕ ਦੀ ਵੀ ਹੈ ਕਿ ਉਹ ਇਸ ਪਾੜੇ ਨੂੰ ਘਟਾਉਣ ਵਿੱਚ ਯੋਗਦਾਨ ਪਾਵੇ।

ਸਹੂਲਤਾ ਤੇ ਬਹੁਤ ਜਿਅਦਾ ਨਿਰਭਰ ਹੋਣਾ ਵੀ ਚਿੰਤਾਂ ਦਾ ਵਿਸ਼ਾਂ ਹੈ।ਜਦੋ ਅਸੀ ਇਕ ਛੋਟੇ ਜਿਹੇ ਕੰਮ ਲਈ ਤਕਨੀਕ ਤੇ ਨਿਰਭਰ ਹੋ ਜਾਂਦੇ ਹਾਂ ਤਾਂ ਸਾਡੀ ਆਤਮਾ-ਨਿਰਭਰਤਾ ਕਮਜ਼ੋਰ ਹੋ ਜਾਂਦੀ ਹੈ।ਸਾਨੂੰ ਆਪਣੀਆਂ ਜਰੂਰਤਾਂ ਨੂੰ ਵਿਕਸਿਤ ਕਰਨਾ ਚਾਹੀਦਾ ਹੈ।ਪਰ ਸਾਨੂੰ ਨਵੀ ਤਕਨੀਕ ਵੱਲ ਘੱਟ ਧਿਆਨ ਦੇਣਾ ਚਾਹੀਦਾ ਹੈ ਤੇ ਤਕਨੀਕੀ ਸਹੂਲਤਾਂ ਨੂੰ ਤਿਆਗਣਾ ਚਾਹੀਦਾ ਹੈ।ਸਾਨੂੰ ਇਹ ਸਮਝਣਾ ਚਾਹੀਦਾ ਹੈ ਕਿ ਹਰ ਸਲੂਹਤ ਇਕ ਨੈਤਿਕ ਜਿੰਮੇਵਾਰੀ ਦੇ ਨਾਲ ਆਉਦੀ ਹੈ।ਜੇਕਰ ਅਸੀ ਸਮਾਜ ਦੇ ਲਾਭ ਲਈ ਤਕਨੀਕ ਦੀ ਵਰਤੋਂ ਕਰਦੇ ਹਾਂ,ਵਾਤਾਵਰਣ ਦੀ ਦੇਖਭਾਲ ਕਰਦੇ ਹਾਂ ਅਤੇ ਆਪਣੇ ਸਬੰਧਾਂ ਨੂੰ ਪਹਿਲ ਦਿੰਦੇ ਹਾਂ ਤਾਂ ਸਹੂਲਤ ਸਾਡੀ ਜਿੰਦਗੀ ਨੂੰ ਆਮੀਰ ਬਣਾ ਸਕਦੀ ਹੈ।ਜਦੋਂ ਸਹੂਲਤ ਅਤੇ ਨੈਤਿਕਤਾ ਨਾਲ-ਨਾਲ ਚੱਲਦੇ ਹਨ ਤਾਂ ਇੱਕ ਸੰਤੁਲਿਤ ਅਤੇ ਖੁਸ਼ਹਾਲ ਸਮਾਜ ਬਣਾਉਣਾ ਸੌਖਾ ਹੋ ਜਾਂਦਾ ਹੈ।



**ਅਮਰਜੀਤ ਚੰਦਰ**
**ਲੁਧਿਆਣਾ**

# ਮਾਰਸ਼ਲ ਕੌਮ (ਇਮਾਨਦਾਰ,ਬਹਾਦੁਰ ਅਤੇ ਜੁਝਾਰੂ ਕੌਮ)

1995 ਵਿੱਚ ਮੈ,ਸਿੰਘਾਪੁਰ ਦੀ ਇੱਕ ਅਰਧ ਸਰਕਾਰੀ ਕੰਪਨੀ ਐਸ ਟੀ ਸੀ (ਸਿੰਘਾਪੁਰ ਟੈਕਨਾਲੋਜੀ ਕੰਸਟਰਕਸ਼ਨ) ਵਿੱਚ ਸਕਿਉਰਟੀ ਗਾਰਡ ਦੀ ਨੌਕਰੀ ਕਰਦਾ ਸੀ।1992 'ਚ,ਮੈਂ ਇਸ ਕੰਪਨੀ ਵਿੱਚ,ਇਕ ਮਜ਼ਦੂਰ ਦੇ ਤੌਰ ਤੇ ਸਿੰਘਾਪੁਰ ਗਿਆ ਸੀ।ਉਸ ਸਮੇਂ ਇਸ ਕੰਪਨੀ ਦੇ ਕਿਸੇ ਵੀ ਕੰਮ 'ਤੇ ਕੋਈ ਸਕਿਉਰਟੀ ਨਹੀਂ ਹੋਇਆ ਕਰਦੀ ਸੀ।ਕਿਉਂਕਿ ਸਿੰਘਾਪੁਰ ਦੀ ਕਾਨੂੰਨ ਵਿਵਸਥਾ ਬਹੁਤ ਸਖਤ ਹੋਣ ਕਾਰਣ,ਸਕਿਉਰਟੀ ਦੀ ਕੋਈ ਜਰੂਰਤ ਹੀ ਨਹੀਂ ਸੀ।ਉਸ ਸਮੇਂ ਸਿੰਘਾਪੁਰ ਵਿੱਚ ਗੈਰਕਾਨੂਨੀ ਕਾਮੇ,ਸਰਕਾਰ ਲਈ ਬੜੀ ਸਿਰਦਰਦੀ ਬਣੇ ਹੋਏ ਸਨ।ਕਿਉਂਕਿ ਇੰਡੀਆ,ਬੰਗਲਾਦੇਸ਼,ਥਾਈਲੈਂਡ ਅਤੇ ਚੀਨ ਤੋਂ ਭਾਰੀ ਗਿਣਤੀ ਚ ਲੋਕ ਟੂਰਿਸਟ ਵੀਜ਼ੇ 'ਤੇ ਆ ਕੇ ਇੱਥੇ ਕੰਮ ਕਰ ਰਹੇ ਸਨ।ਫੜੇ ਜਾਣ 'ਤੇ ਸਖ਼ਤ ਸਜ਼ਾ (9 ਮਹੀਨੇ ਜੇਲ੍ਹ ਅਤੇ 3 ਰੁਦਨ) ਦਾ ਵੀ ਇਹਨਾਂ ਨੂੰ ਕੋਈ ਡਰ ਭੈ ਨਹੀਂ ਸੀ। ਜਿਸ ਨਾਲ ਸਰਕਾਰ ਨੂੰ ਆਰਥਿਕ ਤੌਰ 'ਤੇ ਵੀ ਭਾਰੀ ਨੁਕਸਾਨ ਹੋ ਰਿਹਾ ਸੀ। ਕਿਉਂਕਿ ਵਰਕ ਪਰਮਿਟ 'ਤੇ ਕੰਮ ਕਰਨ ਵਾਲੇ ਕਾਮਿਆਂ ਤੋਂ ਸਰਕਾਰ ਤਿੰਨ ਸੌ ਅੱਸੀ ਡਾਲਰ ਪ੍ਰਤੀ ਮਹੀਨਾ ਲੈਵੀ ਵਸੂਲਦੀ ਸੀ।ਇਹਨਾਂ ਗੈਰਕਾਨੂੰਨੀ ਕਾਮਿਆਂ ਤੋਂ ਛੁਟਕਾਰਾ ਪਾਉਣ ਲਈ ਸਿੰਘਾਪੁਰ ਸਰਕਾਰ ਨੇ,ਉੱਨੀਂ ਸੌ ਪਚੱਨਵੇਂ (1995) ਵਿੱਚ ਨਵਾਂ ਕਨੂੰਨ ਬਣਾ ਦਿੱਤਾ ਸੀ ਕਿ ਜਿਸ ਕੰਪਨੀ, ਦੁਕਾਨ ਜਾਂ ਹੋਟਲ ਤੋਂ ਗੈਰਕਨੂੰਨੀ ਕਾਮਾ ਫੜਿਆ ਜਾਵੇ ਗਾ,ਉੱਥੇ ਦੇ ਮੈਨੇਜਰ ਨੂੰ ਤਿੰਨ ਸਾਲ ਦੀ ਜੇਹਲ ਅਤੇ ਪੰਜ ਹਜ਼ਾਰ ਸਿੰਘਾਪੁਰ ਡਾਲਰ ਜੁਰਮਾਨਾ ਕੀਤਾ ਜਾਵੇਗਾ।ਇਸ ਤਰ੍ਹਾਂ ਸਾਰੀਆਂ ਹੀ ਕੰਪਨੀਆਂ ਨੂੰ ਸਕਿਉਰਟੀ ਰੱਖਣ ਦੀ ਜਰੂਰਤ ਪੈ ਗਈ ਸੀ,ਤਾਂ ਕਿ ਕੰਮ ਉੱਤੇ ਗੈਰਕਾਨੂੰਨੀ ਕਾਮਿਆਂ ਦਾ ਦਾਖਲਾ ਰੋਕਿਆ ਜਾ ਸਕੇ।

ਇਸ ਲਈ ਸਾਡੀ ਕੰਪਨੀ ਵਲੋਂ ਕਰਨਲ ਚੰਨ (ਰਿਟਾ: ਕਰਨਲ ਚੰਨ ਚਿਊ ਨਾਮ) ਨੂੰ ਸਕਿਉਰਟੀ ਟੀਮ ਬਣਾਉਣ ਦੀ ਜਿੰਮੇਵਾਰੀ ਦਿੱਤੀ ਗਈ ਸੀ। ਜੋ ਕਿ ਨਿਰੋਲ ਨੇਪਾਲੀ ਗੋਰਖਾ ਦੀ ਹੀ ਟੀਮ ਬਣਾਉਣੀ ਚਾਹੁੰਦਾ ਸੀ। ਪਰ ਕੰਪਨੀ ਦੇ ਵਾਇਸ ਪ੍ਰੈਜੀਡੈਂਟ ਹਰਮਨ ਐਨ ਜੀ ਨੇ,ਆਪਣੀ ਪਸੰਦ ਦੇ ਤਿੰਨ ਕਾਮਿਆਂ ( ਮੈਂ,ਆਂਧਰਾ ਪ੍ਰਦੇਸ਼ ਦਾ ਰਾਮ ਚੰਦਰ ਅਤੇ ਥਾਈਲੈਂਡ ਦਾ ਬਾਹੂੰਗ ) ਨੂੰ ਸਕਿਉਰਟੀ ਟੀਮ ਦਾ ਹਿੱਸਾ ਬਣਾਇਆ।ਉਸ ਦੇ ਪਰੋਜੈਕਟ ਮੈਨੇਜਰ ਹੁੰਦਿਆਂ ਅਸੀਂ ਉਸ ਨਾਲ ਤਿੰਨ ਸਾਲ ਤੱਕ ਕੰਮ ਕੀਤਾ ਸੀ। ਇਹ ਸਮਝ ਲਓ ਕਿ ਹਰਮਨ ਐਨ ਜੀ ਨੇ ਸਾਨੂੰ ਸਾਡੀ ਮਿਹਨਤ ਦਾ ਇਨਾਮ ਦਿੱਤਾ ਸੀ ਜਾਂ ਸਹੀ ਮੁਲ ਪਾਇਆ ਸੀ।

ਬੈਂਨਕਿਟ ਰੋਡ,ਬੁਕਿਤ ਪੰਨਜਿੰਗ ਚ ਨਵੇਂ ਪਰੋਜੈਕਟ ਐਗਜੀਕਿਊਟਿਵ ਕੰਡੋਮੀਨੀਅਮ ਤੋਂ ਸਕਿਉਰਟੀ ਦੀ ਸ਼ੁਰੂਆਤ ਕੀਤੀ ਗਈ ਸੀ।ਗੋਰਖਾ ਸਕਿਉਰਟੀ ਗਾਰਡ ਦੇ ਪੁੰਹਚਣ ਤੱਕ,ਤਕਰੀਬਨ ਢਾਈ ਮਹੀਨੇ ਤੱਕ ਅਸੀਂ ਤਿੰਨਾਂ ਨੇ ( ਇੱਥੇ ਨੌਂ ਗਾਰਡ ਦੀ ਜਰੂਰਤ ਸੀ) ਪੂਰਾ ਪਰੋਜੈਕਟ ਬਹੁਤ ਚੰਗੀ ਤਰ੍ਹਾਂ ਸੰਭਾਲਿਆ ਰੱਖਿਆ ਸੀ।ਅਤੇ ਜਦੋਂ ਛੇ ਗੋਰਖਾ ਗਾਰਡ ਆਏ,ਉਹਨਾਂ ਨੇ ਸਾਡੀ ਢਾਈ ਮਹੀਨੇ ਦੀ ਮਿਹਨਤ ਬੇਕਾਰ ਕਰ ਦਿੱਤੀ ਸੀ।ਡਿਊਟੀ 'ਤੇ ਲੇਟ ਆਉਣਾ ( ਗਾਰਡ ਰੂਮ ਤੋਂ ਪੰਦਰ੍ਹਾਂ ਕੁ ਮੀਟਰ ਤੇ ਸਾਡਾ ਕਮਰਾ ਸੀ) ਬਿਨਾਂ ਇੰਟਰੀ ਪਾਸ ਕਾਮਿਆਂ ਨੂੰ ਅੰਦਰ ਜਾਣ ਦੇਣਾ,ਰਾਤ ਦੀ ਡਿਊਟੀ ਚ ਸੌਣਾਂ ਆਦਿ ਦੀਆਂ ਸ਼ਿਕਾਇਤਾਂ ਕਾਰਣ ਸੱਤ ਕੁ ਮਹੀਨਿਆਂ ਬਾਅਦ ਕੰਪਨੀ ਵਲੋਂ ਦੋ ਗਾਰਡ ਨੂੰ ਵਾਪਸ ਇੰਡੀਆ ਭੇਜਣਾਂ ਪਿਆ ਸੀ। ਪਰ ਅਗਲੇ ਨਵੇਂ ਪਰੋਜੈਕਟ ਲਈ ਕਰਨਲ ਚੰਨ ਫ਼ੇਰ ਤੋਂ ਗੋਰਖਾ ਗਾਰਡ ਲਿਆ ਰਿਹਾ ਸੀ। ( ਸਾਰੇ ਗੋਰਖਾ ਗਾਰਡ ਪੱਛਮੀ ਬੰਗਾਲ ਦੇ ਸ਼ਹਿਰ ਕਾਲੀਪੌਂਗ ਤੋਂ ਸਨ,ਸਿੰਘਾਪੂਰ ਫੌਜ ਵਿੱਚ ਨੇਪਾਲ ਦੇ ਗੋਰਖਾ ਦੀ ਅਲੱਗ ਬਟਾਲੀਅਨ ਹੈ।ਜਿਸ ਕਾਰਣ ਕਰਨਲ ਚੰਨ ਗੋਰਖਾ ਸਕਿਉਰਟੀ ਟੀਮ ਬਣਾਉਣੀ ਚਾਹੁੰਦਾ ਸੀ) ਜਦੋਂ ਕਰਨਲ ਚੰਨ,ਨਵੇਂ ਸਕਿਉਰਟੀ ਗਾਰਡ ਭਰਤੀ ਕਰਨ ਲਈ ਕਾਲੀਪੌਂਗ ਗਿਆ ਤਾਂ ਇੱਕ ਦਿਨ ਮੈਂ ਆਪਣੇ ਸਾਥੀ ਗੋਰਖਾ ਗਾਰਡ ਈਗਨ ਛਤਰੀ ਨੂੰ ਪੁੱਛ ਹੀ ਲਿਆ ਕਿ ਯਾਰ,ਇਹ ਕਰਨਲ ਚੰਨ ਗੋਰਖਿਆਂ ਲਈ ਇੰਨਾ ਪਾਗਲ ਕਿਉਂ ਹੋਇਆ ਪਿਆ।ਐਨਾਂ ਕੁਝ ਹੋਣ ਤੋਂ ਬਾਅਦ ਵੀ ਇਹ ਕਾਲੀਪੌਂਗ ਨੂੰ ਤੁਰ ਗਿਆ।ਹੋਰ ਕਿਤਿਉਂ ਇਸ ਨੂੰ ਗਾਰਡ ਨਹੀਂ ਲੱਭਦੇ? ਈਗਨ ਗੰਭੀਰਤਾ ਨਾਲ ਮੇਰੇ ਵੱਲ ਦੇਖਦਾ ਹੋਇਆ ਕਹਿਣ ਲੱਗਾ ਕਿ ਸਿੰਘ,ਪੂਰੀ ਦੁਨੀਆਂ 'ਚ, ਖਾਸ ਕਰ ਕੇ ਅੰਗਰੇਜ਼ਾਂ ਵਲੋਂ,ਸਿੱਖ ਅਤੇ ਗੋਰਖਾ ਦੋ ਕੌਮਾਂ ਨੂੰ ਮਾਰਸ਼ਲ ਮੰਨਿਆ ਗਿਆ ਹੈ। ਈਗਨ ਕਹਿੰਦਾ ਕਿ ਸਾਡੇ ਗੋਰਖਿਆਂ ਚ ਕਿਹਾ ਜਾਂਦਾ ਹੈ ਕਿ ਸਿੱਖ ਦੀ ਕਿਰਪਾਨ ਅਤੇ ਗੋਰਖਾ ਦੀ ਖੁਖੱਰੀ ਜੇ ਮਿਆਨ ਵਿੱਚੋਂ ਨਿਕਲ ਗਈ,ਤਾਂ ਇਹ ਬਿਨਾਂ ਖੂਨ ਲੱਗੇ ਮਿਆਨ 'ਚ ਵਾਪਸ ਨਹੀਂ ਪੈਂਦੀਆਂ।ਗੁੱਸਾ ਨਾ ਕਰੀਂ ਸਿੰਘ,ਇਹ ਸਾਡੇ ਬਜ਼ੁਰਗਾਂ ਦੀ ਕਮਾਈ ਹੈ ਜੋ ਅਸੀਂ ਅੱਜ ਤੱਕ ਖਾ ਰਹੇ ਹਾਂ,ਵਰਨਾਂ ਅੱਜ ਸਾਡੇ ਦੋਹਾਂ ( ਗੋਰਖਾ ਅਤੇ ਸਿੱਖ ) ਦੇ ਪੱਲੇ ਕੁਝ ਨਹੀਂ ਹੈ।ਉਸ ਦੀ ਗੱਲ ਸੁਣ ਕੇ ਮੈਂ ਸੋਚਾਂ ਚ ਪੈ ਗਿਆ ਸੀ। ਅੱਜ ਸਿੰਘਾਪੁਰ ਤੋਂ ਪਿੰਡ ਵਾਪਸ ਆਏ ਮੈਨੂੰ ਸਤਾਰਾਂ ਅਠਾਰਾਂ ਸਾਲ ਹੋ ਗਏ ਹਨ,ਪਰ ਆਪਣੇ ਸਾਥੀ ਈਗਨ ਦੀ ਕਹੀ ਇਹ ਗੱਲ ਮੇਰੇ ਦਿਮਾਗ ਵਿੱਚੋਂ ਨਹੀਂ ਨਿਕਲ ਰਹੀ।



**ਗੁਰਦੀਪ ਸਿੰਘ**
**ਮੁਕੱਦਮ**
**ਪਿੰਡ ਲਧਾਣਾ ਝਿੱਕਾ**
**9878160133**

# ਦਰਦ-ਏ-ਦਾਸਤਾਨ: ਤੀਜਾ ਘੱਲੂਘਾਰਾ ਜਾਂ ਬਲਿਊ ਸਟਾਰ ਅਪ੍ਰੇਸ਼ਨ?

ਭਾਰਤ ਦੁਨੀਆਂ ਵਿੱਚ ਸਭ ਤੋਂ ਵੱਡਾ ਲੋਕਤੰਤਰਿਕ ਦੇਸ਼ ਹੈ। ਚਾਹੇ ਇਸ ਵਿੱਚ ਭਿੰਨ ਭਿੰਨ ਧਰਮਾਂ ਦੇ ਲੋਕ ਰਹਿੰਦੇ ਹਨ ਪਰ ਇਸ ਦੀ ਖਾਸੀਅਤ ਇਹ ਹੈ ਕਿ ਭਿੰਨਤਾ ਦੇ ਬਾਵਜੂਦ ਵੀ ਵੀ ਦੇਸ਼ ਵਿੱਚ ਅਖੰਡਤਾ ਹੈ।ਖਾਸ ਕਰਕੇ ਪੰਜਾਬੀ ਏਕਤਾ ਬਣਾਈ ਰੱਖਣ ਲਈ ਆਪਣਾ ਵਿਲੱਖਣ ਸੁਭਾਅ ਰੱਖਦੇ ਹਨ। ਵੈਸੇ ਤਾਂ ਸ਼ੁਰੂ ਤੋਂ ਹੀ ਬਾਹਰੀ ਤਾਕਤਾਂ ਜਾਂ ਸਿਆਸੀ ਲਾਹਾ ਖੱਟਣ ਵਾਲੀਆਂ ਪਾਰਟੀਆਂ ਇਸ ਦੀ ਅਖੰਡਤਾ ਨੂੰ ਭੰਗ ਕਰਨ ਦੀਆਂ ਕੋਸ਼ਿਸ਼ਾਂ ਵਿੱਚ ਲੱਗੀਆਂ ਰਹੀਆਂ ਹਨ।

ਇੱਕ ਇਹੋ ਜਿਹਾ ਦੌਰ ਸੰਨ 1984 ਵਿੱਚ ਭਾਰਤ ਦੇ ਇਤਿਹਾਸ ਵਿੱਚ ਵੀ ਆਇਆ ਸੀ ਜਦੋਂ ਪੰਜਾਬ ਨੂੰ ਕਈ ਬਾਹਰੀ ਤੇ ਕਈ ਅੰਦਰੂਨੀ ਤਾਕਤਾਂ ਦੀਆਂ ਸਾਜ਼ਿਸ਼ਾਂ ਕਾਰਨ ਬਹੁਤ ਸੰਤਾਪ ਹੰਢਾਉਣਾ ਪਿਆ ਸੀ , ਉਦੋਂ ਦੋ ਕੌਮਾਂ ਦੇ ਲੋਕ ਹੀ ਆਪਸ ਵਿੱਚ ਇੱਕ ਦੂਜੇ ਦੀਆਂ ਜਾਨਾਂ ਤੇ ਭਾਰੂ ਪੈ ਗਏ ਸਨ। ਜਿਸ ਵਿੱਚੋਂ ਉਪਜਿਆ ਤੀਜਾ ਘੱਲੂਘਾਰਾ ਜਿਸ ਨੂੰ ਸਾਕਾ ਨੀਲਾ ਤਾਰਾ ਵੀ ਕਿਹਾ ਜਾਂਦਾ ਹੈ। ਘੱਲੂਘਾਰਿਆਂ ਨੂੰ ਜਨਮ ਦੇਣ ਵਾਲੀਆਂ ਘਟਨਾਵਾਂ ਕੋਈ ਇੱਕ ਦਿਨ ਜਾਂ ਇੱਕ ਹਫ਼ਤੇ ਵਿੱਚ ਵਾਪਰੀਆਂ ਘਟਨਾਵਾਂ ਨਹੀਂ ਹੁੰਦੀਆਂ ਬਲਕਿ ਨਫ਼ਰਤ ਦੀਆਂ ਅੱਗਾਂ ਸੁਲਗਦੀਆਂ ਸੁਲਗਦੀਆਂ ਇਸ ਅੰਜਾਮ ਤੱਕ ਪਹੁੰਚਦੀਆਂ ਹਨ।

ਅੰਮ੍ਰਿਤਸਰ ਵਿਖੇ ਭਾਰਤੀ ਫੌਜ ਦੁਆਰਾ ਜੂਨ 1984 ਨੂੰ ਕੀਤੀ ਹੋਈ ਸਿੱਖਾਂ ਦੇ ਧਾਰਮਿਕ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਤੇ ਕੀਤੀ ਗਈ ਫੌਜੀ ਕਾਰਵਾਈ ਨੂੰ ਭਾਰਤੀ ਸਰਕਾਰ ਵੱਲੋਂ ਸਾਕਾ ਨੀਲਾ ਤਾਰਾ ਜਾਂ ਅਪਰੇਸ਼ਨ ਬਲਿਊ ਸਟਾਰ ਦਾ ਨਾਂ ਦਿੱਤਾ ਗਿਆ ਜਦ ਕਿ ਸਿੱਖ ਧਰਮ ਵਿੱਚ ਇਸ ਨੂੰ ਤੀਜਾ ਘੱਲੂਘਾਰਾ ਜਾਂ ਘੱਲੂਘਾਰਾ 1984 ਵੀ ਕਿਹਾ ਜਾਂਦਾ ਹੈ। ਉਸ ਸਮੇਂ ਭਾਰਤ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਸੀ। ਜਿਸ ਸਮੇਂ ਇਹ ਸਾਕਾ ਹੋਇਆ ਉਸ ਸਮੇਂ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ, ਭਾਈ ਅਮਰੀਕ ਸਿੰਘ ਅਤੇ ਜਰਨਲ ਸਬੇਗ ਸਿੰਘ ਸ੍ਰੀ ਹਰਿਮੰਦਿਰ ਸਾਹਿਬ ਵਿੱਚ ਮੌਜੂਦ ਸਨ। ਇਹਨਾਂ ਦੇ ਨਾਲ ਹੋਰ ਵੀ ਬਹੁਤ ਸਾਰੇ ਸਿੰਘ ਗੁਰੂਦਵਾਰਾ ਸਾਹਿਬ ਵਿੱਚ ਸਨ। ਜਿਨ੍ਹਾਂ ਨੂੰ ਉਸ ਸਮੇਂ ਦੀ ਸਰਕਾਰ ਅੱਤਵਾਦੀ ਕਹਿ ਕੇ ਫੌਜ ਦੁਆਰਾ ਗੁਰੁਦਵਾਰਾ ਸਾਹਿਬ ਵਿਚੋਂ ਬਾਹਰ ਕਢਵਾਉਣਾ ਚਾਹੁੰਦੀ ਸੀ। ਇਸ ਫੌਜੀ ਕਾਰਵਾਈ ਵਿੱਚ ਬਹੁਤ ਸਾਰੇ ਬੇਕਸੂਰ ਸ਼ਰਧਾਲੂਆਂ ਦੀ ਵੀ ਜਾਨ ਗਈ ਸੀ।

ਆਖ਼ਰ ਐਨੀ ਵੱਡੀ ਕਾਰਵਾਈ ਦੇ ਕੀ ਕਾਰਨ ਸਨ?ਇਹ ਇੱਕ ਦਮ ਅਚਨਚੇਤ ਵਾਲੀ ਕਾਰਵਾਈ ਨਹੀਂ ਸੀ। ਐਨਾ ਵੱਡਾ ਘੱਲੂਘਾਰਾ ਵਾਪਰਨ ਦੀ ਸ਼ੁਰੂਆਤ ਕਿਵੇਂ ਹੋਈ ਸੀ? ਇਹ ਚਿੰਗਾਰੀ 1978 ਵਿੱਚ ਦੋ ਧਿਰਾਂ ਦੇ ਵਿਵਾਦ ਤੋਂ ਸ਼ੁਰੂ ਹੁੰਦੀ ਹੁੰਦੀ 1984 ਤੱਕ ਇੱਕ ਭਾਂਬੜ ਬਣ ਗਈ ਸੀ। ਅਪ੍ਰੈਲ 1978 ਵਿੱਚ ਹੋਏ ਨਿਰੰਕਾਰੀਆਂ ਅਤੇ ਸਿੱਖ ਝਗੜੇ ਦੇ ਮੁਕੱਦਮੇ ਦੀ ਤਫ਼ਤੀਸ਼ ਨੂੰ ਲੈ ਕੇ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਦੀ 20 ਸਤੰਬਰ 1981 ਨੂੰ ਮਹਿਤਾ ਚੌਂਕ ਵਿੱਚ ਗ੍ਰਿਫ਼ਤਾਰੀ ਕੀਤੀ ਗਈ। ਫਿਰ 18 ਜੁਲਾਈ 1982 ਧਰਮ ਯੁੱਧ ਮੋਰਚਾ ਦੀ ਆਰੰਭਤਾ ਹੋਈ ਅਤੇ ਫਿਰ ਸਾਕਾ ਨੀਲਾ ਤਾਰਾ ਜਾਂ ਤੀਜਾ ਘੱਲੂਘਾਰਾ ਵਾਪਰਿਆ। ਰਾਜਸੀ, ਪੁਲੀਸ ਤੇ ਪ੍ਰਬੰਧਕੀ ਅਫ਼ਸਰਾਂ ਵੱਲੋਂ ਸਮੇਂ ਸਿਰ ਉਚਿਤ ਕਾਰਵਾਈ ਕਰਨ ਵਿੱਚ ਵਰਤੀ ਗਈ ਢਿੱਲ-ਮੱਠ ਅਤੇ ਰਾਜਸੀ ਲਾਹੇ ਦੇ ਲਾਲਚ ਕਾਰਨ ਹਾਲਾਤ ਬਹੁਤ ਵਿਗੜ ਗਏ ਸਨ।

ਅਪਰੈਲ 1978 ਨੂੰ ਵਿਸਾਖੀ ਵਾਲੇ ਦਿਨ ਨਿਰੰਕਾਰੀਆਂ ਵੱਲੋਂ ਸ਼ਹਿਰ ਵਿੱਚ ਕੱਢਿਆ ਜਾ ਰਿਹਾ ਰੋਸ ਮਾਰਚ ਰੋਕਣ ਲਈ ਅਖੰਡ ਕੀਰਤਨੀ ਜਥੇ ਦੇ ਕੁੱਲ ਮੈਂਬਰ ਸਮਾਗਮ ਵਿੱਚ ਅਜੀਤ ਨਗਰ ਸੁਲਤਾਨਵਿੰਡ ਗਏ ਤੇ ਭਾਈ ਫ਼ੌਜਾ ਸਿੰਘ ਆਦਿ ਨੂੰ ਨਾਲ ਲੈ ਕੇ ਦਰਬਾਰ ਸਾਹਿਬ ਤੋਂ ਇਕੱਠੇ ਹੋ ਰਵਾਇਤੀ ਸ਼ਸਤਰਾਂ ਨਾਲ ਲੈਸ ਹੋ ਕੇ ਨਿਰੰਕਾਰੀ ਸਮਾਗਮ ਵੱਲ ਤੁਰ ਪਏ। ਟਕਰਾਓ ਵਿੱਚ 13 ਸਿੱਖ ਤੇ 4 ਹੋਰਾਂ ਦੀ ਮੌਤ ਹੋ ਗਈ। ਉਸ ਦਿਨ ਮੁਕੱਦਮਾ ਤਾਂ ਦਰਜ ਹੋਇਆ ਪਰ ਗ੍ਰਿਫ਼ਤਾਰੀ ਕੋਈ ਨਹੀਂ ਹੋਈ। ਮੁਕੱਦਮੇ ਦੀ ਸੁਣਵਾਈ ਪੰਜਾਬ ਤੋਂ ਬਾਹਰ ਕਰਨਾਲ ਤਬਦੀਲ ਹੋ ਗਈ। ਸਾਰੇ ਦੋਸ਼ੀ ਬਰੀ ਕਰ ਦਿੱਤੇ ਗਏ। ਉਸ ਮੁਕੱਦਮੇ ਵਿੱਚ ਉਸ ਵੇਲੇ ਦੀ ਸਰਕਾਰ ਨੇ ਹਾਈ ਕੋਰਟ ਵਿੱਚ ਅਪੀਲ ਵੀ ਨਹੀਂ ਕੀਤੀ ਗਈ।

ਉਸੇ ਸਾਲ ਕਾਨ੍ਹਪੁਰ ਤੇ ਹੋਰ ਥਾਵਾਂ ਉੱਤੇ ਵੀ ਸਿੱਖ ਤੇ ਨਿਰੰਕਾਰੀਆਂ ਦੇ ਝਗੜੇ ਹੋਏ। ਅੰਮ੍ਰਿਤਸਰ ਨੂੰ ਇੱਕ ਪਵਿੱਤਰ ਸ਼ਹਿਰ ਐਲਾਨ ਕਰਨ ਦੀ ਮੰਗ ਨੂੰ ਲੈ ਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੇ ਭਾਈ ਅਮਰੀਕ ਸਿੰਘ ਤੇ ਸੰਤ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ 31 ਮਈ 1981 ਨੂੰ ਸ਼ਹਿਰ ਵਿੱਚ ਮਾਰਚ ਕਰਨ ਦਾ ਐਲਾਨ ਕੀਤਾ। ਇਸ ਦੇ ਪ੍ਰਤੀਕਰਮ ਵਜੋਂ ਸਿਗਰਟ ਬੀੜੀ ਦੇ ਹੱਕ ਵਿੱਚ 29 ਮਈ 1981 ਨੂੰ ਹਰਬੰਸ ਲਾਲ ਖੰਨਾ ਦੀ ਅਗਵਾਈ ਹੇਠ ਇੱਕ ਜਲੂਸ ਕੱਢਿਆ ਗਿਆ। ਇਸ ਨਾਲ ਪਵਿੱਤਰ ਸ਼ਹਿਰ ਦਾ ਮਸਲਾ ਦੋ ਫ਼ਿਰਕਿਆਂ ਵਿੱਚ ਵੰਡ ਦਾ ਕਾਰਨ ਬਣ ਗਿਆ ਸੀ। ਇਸੇ ਸਮੇਂ ਦੌਰਾਨ ਸ਼ਹਿਰ ਵਿੱਚ ਸਿਗਰਟ ਬੀੜੀਆਂ ਦੇ ਖੋਖੇ ਵੀ ਸਾੜੇ ਗਏ। ਮੰਦਰਾਂ ਵਿੱਚ ਗਊਆਂ ਦੇ ਸਿਰ ਤੇ ਗੁਰਦੁਆਰਿਆਂ ਵਿੱਚ ਸਿਗਰਟ ਬੀੜੀਆਂ ਸੁੱਟੀਆਂ ਜਾਣ ਲੱਗ ਪਈਆਂ। ਤਣਾਉ ਨੂੰ ਵੇਖ ਕੇ ਸਰਕਾਰ ਨੇ 2 ਜੂਨ 1981 ਨੂੰ ਸਾਰੇ ਲਾਇਸੈਂਸੀ ਹਥਿਆਰ ਜਮ੍ਹਾਂ ਕਰਵਾਉਣ ਦੇ ਹੁਕਮ ਦੇ ਦਿੱਤੇ। ਦਮਦਮੀ ਟਕਸਾਲ ਵਾਲਿਆਂ ਨੇ ਆਪਣੇ ਹਥਿਆਰ ਜਮ੍ਹਾਂ ਨਾ ਕਰਵਾ ਕੇ ਇਸ ਹੁਕਮ ਦੀ ਉਲੰਘਣਾ ਕੀਤੀ। ਸੰਤ ਜਰਨੈਲ ਸਿੰਘ ਵਿਰੁੱਧ ਇਸ ਬਾਰੇ ਥਾਣਾ ਬਿਆਸ ਵਿੱਚ ਮੁਕੱਦਮਾ ਦਰਜ ਹੋਇਆ। ਤਫ਼ਤੀਸ਼ ਸਮੇਂ ਪਤਾ ਚੱਲਿਆ ਕਿ ਸੰਤ ਜਰਨੈਲ ਸਿੰਘ ਨੇ ਕੋਈ ਲਾਈਸੈਂਸੀ ਹਥਿਆਰ ਨਹੀਂ ਖ਼ਰੀਦਿਆ ਸੀ।

ਸਤੰਬਰ 1981 ਨੂੰ ਇੱਕ ਅਖ਼ਬਾਰ ਦੇ ਮਾਲਕ ਲਾਲਾ ਜਗਤ ਨਾਰਾਇਣ ਦੇ ਕਤਲ ਕੇਸ ਵਿੱਚ ਦੋਸ਼ੀ ਮੌਕੇ ’ਤੇ ਹੀ ਗ੍ਰਿਫ਼ਤਾਰ ਹੋ ਗਿਆ ਸੀ।ਪਰ ਮੁਕੱਦਮੇ ਵਿੱਚ ਸੰਤ ਜਰਨੈਲ ਸਿੰਘ ਦਾ ਨਾਂ ਵੀ ਦੋਸ਼ੀ ਵਜੋਂ ਲਿਖਿਆ ਗਿਆ ਸੀ। ਗ੍ਰਿਫ਼ਤਾਰੀ ਲਈ 20 ਸਤੰਬਰ 1981 ਦੀ ਤਾਰੀਕ ਮਿੱਥੀ ਗਈ। ਪਹਿਲਾਂ ਸੰਤ ਜਰਨੈਲ ਸਿੰਘ ਤੇ ਉਸ ਦੇ ਸਾਥੀਆਂ ਨੂੰ ਚੰਦੋ ਕਲਾਂ ਵਿੱਚ ਗ੍ਰਿਫ਼ਤਾਰ ਕਰਨ ਦੀ ਕੋਸ਼ਿਸ਼ ਕੀਤੀ ਤੇ ਜਥੇ ਦੀਆਂ ਬੱਸਾਂ ਗੱਡੀਆਂ ਨੂੰ ਅੱਗ ਲਾ ਦਿੱਤੀ ਸੀ। ਸੰਤ ਜਰਨੈਲ ਸਿੰਘ ਨੂੰ ਲੈ ਕੇ ਲੁਧਿਆਣਾ ਲਈ ਚੱਲ ਪਏ। ਗ੍ਰਿਫ਼ਤਾਰੀ ਲਈ ਸਰਕਾਰ ਨੇ ਵੱਡਾ ਉੱਦਮ ਕੀਤਾ ਪਰ ਰਾਜਸੀ ਆਗੂਆਂ ਦੀ ਵਿਚੋਲਗੀ ’ਤੇ ਸੰਤ ਜਰਨੈਲ ਸਿੰਘ ਨੂੰ ਅਕਤੂਬਰ 1981 ਵਿੱਚ ਮੁਕੱਦਮਾ ਚਲਾਏ ਬਿਨਾਂ ਹੀ ਰਿਹਾਅ ਕਰ ਦਿੱਤਾ ਗਿਆ।ਭਾਈ ਅਮਰੀਕ ਸਿੰਘ ਆਪਣੇ ਕੁਝ ਸਾਥੀਆਂ ਸਮੇਤ ਝੂਠੇ ਮੁੱਕਦਮੇ ਬਾਰੇ ਰੋਸ ਪ੍ਰਗਟ ਕਰਨ ਲਈ ਉੱਥੇ ਆ ਗਿਆ। ਅਮਰੀਕ ਸਿੰਘ ਤੇ ਉਸ ਦੇ ਸਾਥੀਆਂ ਨੂੰ ਥਾਣੇ ਅੰਦਰ ਧਾਰਾ 144 ਦੀ ਉਲੰਘਣਾ ਕਰਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ। ਠਾਹਰਾ ਸਿੰਘ ਤੇ ਅਮਰੀਕ ਸਿੰਘ ਦੀ ਰਿਹਾਈ ਲਈ ਮੋਰਚਾ ਸ਼ੁਰੂ ਹੋਇਆ। ਦਮਦਮੀ ਟਕਸਾਲ ਦੇ ਮੁਖੀ ਰਹੇ ਜਰਨੈਲ ਸਿੰਘ ਭਿੰਡਰਾਂਵਾਲੇ ਸਿੱਖਾਂ ਦੇ ਮਸਲੇ ਬੇਬਾਕੀ ਨਾਲ ਚੁੱਕਣ ਕਾਰਨ ਪੰਜਾਬ ਸਿਆਸਤ ਦਾ ਕੇਂਦਰ ਬਿੰਦੂ ਬਣ ਚੁੱਕੇ ਸਨ, ਕਿਹਾ ਜਾਂਦਾ ਹੈ ਇਸ ਕਰ ਕੇ ਕੇਂਦਰ ਸਰਕਾਰ ਨੂੰ ਉਨ੍ਹਾਂ ਦੀ ਵਧਦੀ ਲੋਕਪ੍ਰਿਯਤਾ ਅੰਦਰਖਾਤੇ ਰੜਕਣ ਲੱਗ ਗਈ ਸੀ।ਇਸੇ ਦੌਰਾਨ ਪੰਜਾਬ ਵਿੱਚ ਹਾਲਾਤ ਕੁਝ ਸੁਖਾਵੇਂ ਵੀ ਨਹੀਂ ਸਨ। ਸਾਲ 1983 ਦੇ ਅਕਤੂਬਰ 'ਚ ਢਿੱਲਵਾਂ ਬੱਸ ਸਟੈਂਡ ਕੋਲ 6 ਹਿੰਦੂ ਮਾਰ ਦਿੱਤੇ ਗਏ ਜਿਸ ਤੋਂ ਬਾਅਦ ਕੇਂਦਰ ਦੀ ਇੰਦਰਾ ਗਾਂਧੀ ਸਰਕਾਰ ਨੇ ਸੁਰਜੀਤ ਸਿੰਘ ਬਰਨਾਲਾ ਦੀ ਅਗਵਾਈ ਵਾਲੀ ਅਕਾਲੀ ਸਰਕਾਰ ਨੂੰ ਭੰਗ ਕਰ ਦਿੱਤਾ। ਉਸ ਦੌਰਾਨ ਪੰਜਾਬ ਵਿਚ ਕਾਫੀ ਹਿੰਸਾ ਦਾ ਦੌਰ ਸ਼ੁਰੂ ਹੋ ਚੁੱਕਿਆ ਸੀ। ਕਈ ਆਮ ਲੋਕ ਅਤੇ ਪੁਲਿਸ ਮੁਲਾਜ਼ਮ ਵੀ ਮਾਰੇ ਜਾ ਚੁੱਕੇ ਸਨ। ਕੇਂਦਰ ਸਰਕਾਰ ਦੀਆਂ ਏਜੰਸੀਆਂ ਇਨ੍ਹਾਂ ਕਤਲਾਂ ਲਈ ਸੰਤ ਜਰਨੈਲ ਸਿੰਘ ਭਿੰਡਰਾਵਾਲਿਆਂ ਨੂੰ ਜ਼ਿੰਮੇਵਾਰ ਮੰਨਦੀਆਂ ਸਨ।

1ਜੂਨ 1984 ਨੂੰ ਭਾਰਤ ਸਰਕਾਰ ਵੱਲੋਂ ਤਾਇਨਾਤ ਸੀ.ਆਰ.ਪੀ.ਐੱਫ਼. ਤੇ ਬੀ.ਐੱਸ.ਐੱਫ਼. ਨੂੰ ਦਰਬਾਰ ਸਾਹਿਬ ਵੱਲ ਤਾਇਨਾਤ ਕੀਤਾ ਗਿਆ। 2 ਜੂਨ ਨੂੰ ਜਨਰਲ ਗੌਰੀ ਸ਼ੰਕਰ ਨੂੰ ਸੁਰੱਖਿਆ ਸਲਾਹਕਾਰ ਲਾ ਕੇ ਪੂਰੇ ਪੰਜਾਬ ਵਿੱਚ ਕਰਫ਼ਿਊ ਲਾ ਦਿੱਤਾ ਗਿਆ ਅਤੇ ਫ਼ੌਜ ਨੇ ਨੀਲਾ ਤਾਰਾ ਆਪਰੇਸ਼ਨ ਆਰੰਭ ਕਰ ਦਿੱਤਾ। ਦਰਬਾਰ ਸਾਹਿਬ ਅੰਦਰ ਐਂਟੀ ਟੈਂਕ ਗੋਲੇ ਤੇ ਹੋਰ ਭਾਰੀ ਅਸਲਾ ਪਹੁੰਚ ਗਿਆ। ਅੰਮ੍ਰਿਤਸਰ ਦੇ ਖ਼ੁਫ਼ੀਆ ਵਿਭਾਗ ਦਾ ਅਫ਼ਸਰ ਸਿੱਧੇ ਤੌਰ ’ਤੇ ਵੀ ਕੇਂਦਰ ਸਰਕਾਰ ਦੇ ਸੰਪਰਕ ਵਿੱਚ ਸੀ। ਦਰਬਾਰ ਸਾਹਿਬ ਸਮੂਹ ਵਿੱਚ ਜਨਰਲ ਸ਼ਬੇਗ ਸਿੰਘ ਨੇ ਮਜ਼ਬੂਤ ਮੋਰਚਾਬੰਦੀ ਕੀਤੀ ਸੀ। ਛੇ ਜੂਨ 1984 ਨੂੰ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕਰਨ ਤੇ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਖ਼ਤਮ ਕਰਨ ਲਈ ਫ਼ੌਜੀ ਕਾਰਵਾਈ ਕੀਤੀ। ਇਸ ਘੱਲੂਘਾਰੇ ਵਿੱਚ ਬਹੁਤ ਸਾਰੇ ਫ਼ੌਜੀ ਵੀ ਮਾਰੇ ਗਏ।ਇਸ ਅਪਰੇਸ਼ਨ ਵਿੱਚ ਮਰਨ ਵਾਲਿਆਂ ਵਿੱਚ ਬਹੁਤੇ ਉਹ ਲੋਕ ਸਨ ਜੋ ਸ੍ਰੀ ਦਰਬਾਰ ਸਾਹਿਬ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ ਮਨਾਉਣ ਲਈ ਆਏ ਸਨ। ਜੋਧਪੁਰ ਜੇਲ੍ਹ ਵਿੱਚ ਲਿਜਾਏ ਗਏ 379 ਵਿਅਕਤੀਆਂ ਵਿੱਚੋਂ ਵੀ ਕਈ ਬੇਗੁਨਾਹ ਸ਼ਰਧਾਲੂ ਹੀ ਸਨ। ਇਸ ਹਮਲੇ ਵਿੱਚ ਸਿੱਖ ਲਾਇਬਰੇਰੀ ਵਿਚੋਂ ਸਿੱਖ ਇਤਿਹਾਸ ਨਾਲ ਸਬੰਧਤ ਬਹੁਤ ਸਾਰੀਆਂ ਹੱਥ ਲਿਖਤਾਂ, ਗੁਰੂ ਸਾਹਿਬਾਨਾਂ ਦੀਆਂ ਨਿਸ਼ਾਨੀਆਂ ਨਸ਼ਟ ਕਰ ਦਿੱਤੀਆਂ ਗਈਆਂ। ਇਸ ਤਰ੍ਹਾਂ ਇਹ ਘੱਲੂਘਾਰਾ ਸਿੱਖ ਕੌਮ ਦੇ ਹਿਰਦਿਆਂ ਤੇ ਇੱਕ ਸਦੀਵ ਕਾਲ ਤੱਕ ਰਹਿਣ ਵਾਲਾ ਇੱਕ ਡੂੰਘਾ ਜ਼ਖ਼ਮ ਛੱਡ ਗਿਆ ਜਿਸ ਨੂੰ ਇਤਿਹਾਸ ਵਿੱਚ ਕਾਲ਼ੇ ਅੱਖਰਾਂ ਵਿੱਚ ਲਿਖਿਆ ਗਿਆ ਹੈ। ਸਿੱਖ ਕੌਮ ਵੱਲੋਂ ਜੂਨ ਮਹੀਨੇ ਦਾ ਪਹਿਲਾ ਸਪਤਾਹ ਘੱਲੂਘਾਰਾ ਦਿਵਸ ਵਜੋਂ ਮਨਾਇਆ ਜਾਂਦਾ ਹੈ ਜਿਸ ਵਿੱਚ ਲੋਕ ਉਸ ਸਮੇਂ ਸ਼ਹੀਦ ਹੋਏ ਸਿੰਘਾਂ ਨੂੰ ਸ਼ਰਧਾਂਜਲੀ ਭੇਂਟ ਕਰਦੇ ਹਨ ਆਪਣੀਆਂ ਭਾਵਨਾਵਾਂ ਨੂੰ ਆਪਣੇ ਆਪਣੇ ਢੰਗ ਅਨੁਸਾਰ ਪ੍ਰਗਟ ਕਰਦੇ ਹਨ। ਇਹ ਉਹ ਦਰਦ-ਏ-ਦਾਸਤਾਨ ਹੈ ਜੋ ਇਤਿਹਾਸ ਦੇ ਪੰਨਿਆਂ ਤੇ ਕਾਲ਼ੇ ਅੱਖਰਾਂ ਵਿੱਚ ਸਦਾ ਸਦਾ ਲਈ ਦਰਜ ਹੋ ਗਿਆ। ਹਰੇਕ ਸਾਲ ਜੂਨ ਮਹੀਨੇ ਦਾ ਪਹਿਲਾ ਹਫ਼ਤਾ ਮੌਸਮੀ ਤਪਸ਼ ਦੇ ਨਾਲ਼ ਨਾਲ਼ 1984 ਵਿੱਚ ਵਾਪਰੇ ਤੀਜੇ ਘੱਲੂਘਾਰੇ ਦੀ ਕੌੜੀ ਯਾਦ ਪੰਜਾਬੀਆਂ ਦੇ ਹਿਰਦਿਆਂ ਵਿੱਚ ਵੀ ਦਰਦ ਭਰੀ ਤੜਪ ਪੈਦਾ ਕਰਦੀ ਹੈ ਜਿਸ ਨੂੰ ਸਾਰੇ ਪੰਜਾਬੀਆਂ ਨੂੰ ਆਪਣੇ ਪਿੰਡੇ ਤੇ ਹੰਢਾਉਣਾ ਪਿਆ ਸੀ।



ਬਰਜਿੰਦਰ ਕੌਰ ਬਿਸਰਾਓ...
9988901324

# ਸੇਵਾ ਦੇ ਪੁੰਜ- ਭਗਤ ਪੂਰਨ ਸਿੰਘ

20ਵੀਂ ਸਦੀ ਵਿੱਚ ਮਾਨਵਤਾ ਦੇ ਭਲੇ ਹਿੱਤ, ਮਹਾਨ ਦਾਰਸ਼ਨਿਕ, ਦੀਨ-ਦੁਖੀਆਂ ਦੇ ਰਹਿਬਰ, ਬੇਸਹਾਰਿਆਂ ਦੇ ਮਸੀਹਾ ਭਗਤ ਪੂਰਨ ਸਿੰਘ ਦਾ ਜਨਮ 4 ਜੂਨ 1904 ਈ: ਨੂੰ ਪਿੰਡ ਰਾਜੇਵਾਲ ਰੋਹਣੋਂ ਤਹਿਸੀਲ ਖੰਨਾ ਜ਼ਿਲ੍ਹਾ ਲੁਧਿਆਣਾ ਵਿਖੇ ਪਿਤਾ ਸ਼੍ਰੀ ਸ਼ਿੱਬੂ ਮੱਲ ਸ਼ਾਹੂਕਾਰ ਦੇ ਘਰ ਮਾਤਾ ਮਹਿਤਾਬ ਕੌਰ ਜੀ ਦੀ ਕੁੱਖੋਂ ਹੋਇਆ। ਬਚਪਨ ਤੋਂ ਹੀ ਉਹਨਾਂ ਨੂੰ ਸੇਵਾ ਕਰਨ ਦਾ ਸ਼ੌਕ ਸੀ। ਘਰ 'ਚ ਗ਼ਰੀਬੀ ਕਰਕੇ ਪੜ੍ਹਾਈ ਵਿੱਚ ਹੀ ਛੱਡਣੀ ਪਈ ਅਤੇ ਨੌਕਰੀ ਦੀ ਭਾਲ ਵਿੱਚ ਮਾਤਾ ਨਾਲ ਲਾਹੌਰ ਜਾਣਾ ਪਿਆ। ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਵਿਖੇ ਭਗਤ ਪੂਰਨ ਸਿੰਘ ਬਿਨਾਂ ਤਨਖਾਹ ਤੋਂ ਸੇਵਾ ਕਰਨ ਲੱਗਿਆ। ਉਥੋਂ ਦੇ ਮਹੰਤ ਤੇਜਾ ਸਿੰਘ ਜੀ ਭਗਤ ਜੀ ਨੂੰ ਅਨੇਕਾਂ ਵਾਰ ਲਾਡ ਨਾਲ ਬੁਲਾਉਂਦੇ ਕਹਿੰਦੇ, ਪੂਰਨ ਸਿੰਘ ਪ੍ਰੇਮੀ ! ਪੂਰਨ ਸਿੰਘ ਪ੍ਰੇਮੀ !! ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਵਿਖੇ ਲੰਗਰ ਦੀ, ਜੋੜਿਆਂ ਦੀ, ਯਾਤਰੂਆਂ ਨੂੰ ਬਿਸਤਰੇ ਅਤੇ ਭਾਂਡੇ ਦੇਣ ਦੀ ਬਹੁਤ ਸਾਲ ਨਿਸ਼ਕਾਮ ਸੇਵਾ ਕੀਤੀ । ਭਗਤ ਪੂਰਨ ਸਿੰਘ ਦਾ ਬਚਪਨ ਦਾ ਨਾਂ 'ਰਾਮ ਜੀ ਦਾਸ' ਸੀ। ਗੁਰਦੁਆਰਾ ਡੇਹਰਾ ਸਾਹਿਬ ਵਿਖੇ ਕੀਤੀ ਨਿਸ਼ਕਾਮ ਸੇਵਾ ਅਤੇ ਲਾਚਾਰ ਤੇ ਲਾਵਾਰਸ ਰੋਗੀਆਂ ਦੀ ਸੇਵਾ-ਸੰਭਾਲ ਨੇ ਉਹਨਾਂ ਨੂੰ ਰਾਮ ਜੀ ਦਾਸ ਤੋਂ 'ਪੂਰਨ ਸਿੰਘ' ਬਣਾ ਦਿੱਤਾ।

ਭਗਤ ਜੀ ਨੇ ਲਾਹੌਰ ਵਿਖੇ ਦਿਆਲ ਸਿੰਘ ਲਾਇਬਰੇਰੀ 'ਚ 'ਯੰਗ ਇੰਡੀਆ' ਮੈਗਜ਼ੀਨ ਵਿੱਚੋਂ ਬੇਕਾਰੀ ਦੂਰ ਕਰਨ ਦਾ ਹੱਲ ਲੱਭਿਆ। ਭਗਤ ਜੀ ਦਾ ਸੁਭਾਅ ਨਿਮਰਤਾ, ਸਹਿਨਸ਼ੀਲਤਾ, ਸਾਦਗੀ ਤੇ ਅਣਥੱਕ ਮਿਹਨਤ ਵਾਲਾ ਸੀ।

ਭਗਤ ਪੂਰਨ ਸਿੰਘ ਨੇ ਮਨੁੱਖਤਾ ਦੀ ਸੇਵਾ ਦਾ ਮੁੱਢ ਸੰਨ 1934 ਈ: ਵਿੱਚ ਇੱਕ ਚਾਰ ਸਾਲ ਦੇ ਬੱਚੇ (ਪਿਆਰਾ ਸਿੰਘ) ਦੀ ਸੇਵਾ ਤੋਂ ਸ਼ੁਰੂ ਕੀਤਾ। ਇਸ ਅਪੰਗ ਬੱਚੇ ਨੂੰ ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਦੀ ਡਿਓੜ੍ਹੀ ਅੱਗੇ ਕੋਈ ਚੋਰੀ ਛੱਡ ਗਿਆ ਸੀ। ਇਹ ਬੱਚਾ ਸ਼ਕਲ ਸੂਰਤ ਤੋਂ ਬੜਾ ਕਰੂਪ ਸੀ। ਗੁਰਦੁਆਰਾ ਸਾਹਿਬ ਦੇ ਗ੍ਰੰਥੀ ਨੇ ਬੱਚੇ ਨੂੰ ਭਗਤ ਜੀ ਦੇ ਹਵਾਲੇ ਕਰਕੇ ਆਖਿਆ, ''ਪੂਰਨ ਸਿੰਘ ! ਤੂੰ ਹੀ ਅੱਜ ਤੋਂ ਇਸ ਬੱਚੇ ਦੀ ਸੇਵਾ-ਸੰਭਾਲ ਕਰ।'' ਭਗਤ ਜੀ ਲਈ ਇਹ ਬੱਚਾ ਪਿਆਰ ਦਾ ਸੋਮਾ ਹੋ ਨਿੱਬੜਿਆ, ਜਿਸ ਕਰਕੇ ਉਸ ਦਾ ਨਾਂ ਪਿਆਰਾ ਸਿੰਘ ਹੋ ਗਿਆ। ਭਗਤ ਪੂਰਨ ਸਿੰਘ 14 ਸਾਲ ਤੱਕ ਇਸ ਲਾਚਾਰ ਬੱਚੇ ਨੂੰ ਵੱਖ-ਵੱਖ ਥਾਵਾਂ ਤੇ ਆਪਣੇ ਮੋਢਿਆਂ ਤੇ ਚੁੱਕ ਕੇ ਫਿਰਦੇ ਰਹੇ ਕਿਉਂ ਜੋ ਉਸ ਸਮੇਂ ਉਹਨਾਂ ਕੋਲ ਕੋਈ ਪੱਕੀ ਜਗ੍ਹਾ ਨਹੀਂ ਸੀ ।

1947 ਵਿੱਚ ਜਦੋਂ ਦੇਸ਼ ਦੀ ਵੰਡ ਹੋਈ ਤਾਂ ਭਗਤ ਪੂਰਨ ਸਿੰਘ ਉਸ ਲੂਲ੍ਹੇ ਬੱਚੇ ਨੂੰ 18 ਅਗਸਤ 1947 ਈ: ਨੂੰ ਖ਼ਾਲਸਾ ਕਾਲਜ ਅੰਮ੍ਰਿਤਸਰ ਦੇ ਸ਼ਰਨਾਰਥੀ ਕੈਂਪ ਵਿੱਚ ਲੈ ਕੇ ਪਹੁੰਚੇ। ਉਸ ਕੈਂਪ ਵਿੱਚ ਹਜ਼ਾਰਾਂ ਮਰਦ, ਔਰਤਾਂ, ਬੱਚੇ ਸਨ। ਅਪਾਹਜਾਂ ਦੀ ਸੇਵਾ-ਸੰਭਾਲ ਤੇ ਕੱਪੜੇ ਧੋਣ ਅਤੇ ਉਹਨਾਂ ਨੂੰ ਨਹਾਉਣ ਤੋਂ ਇਲਾਵਾ ਭਗਤ ਪੂਰਨ ਸਿੰਘ ਇਕੱਲੇ ਹੀ ਦੋਵੇਂ ਵੇਲੇ ਘਰਾਂ ਵਿੱਚੋਂ ਪ੍ਰਸ਼ਾਦੇ ਮੰਗ ਕੇ ਲਿਆਉਂਦੇ ਸਨ ਤੇ ਸਭ ਨੂੰ ਵਰਤਾਉਂਦੇ। ਇਥੋਂ ਤੱਕ ਕਿ ਆਪਣੇ ਹੱਥਾਂ ਨਾਲ ਉਹਨਾਂ ਦੇ ਮੂੰਹ ਵਿੱਚ ਬੁਰਕੀਆਂ ਵੀ ਪਾਉਂਦੇ ਸਨ। ਇਕੱਲੇ ਭਗਤ ਪੂਰਨ ਸਿੰਘ ਨੇ ਇਹ ਸੇਵਾ ਨਿਭਾਈ।

1949 ਤੋਂ 1958 ਈ: ਤੱਕ ਫੁੱਟਪਾਥਾਂ, ਰੁੱਖਾਂ ਦੀ ਛਾਵੇਂ, ਕਦੇ ਖ਼ਾਲਸਾ ਕਾਲਜ ਕੋਲ, ਕਦੇ ਰੇਲਵੇ ਸਟੇਸ਼ਨ ਕੋਲ, ਕਦੇ ਚੀਫ਼ ਖ਼ਾਲਸਾ ਦੀਵਾਨ ਦੇ ਕੋਲ ਝੌਂਪੜੀਆਂ ਬਣਾ ਕੇ ਪੀੜ੍ਹਤ ਲੋਕਾਂ ਦੀ ਉਹਨਾਂ ਸੇਵਾ-ਸੰਭਾਲ ਕੀਤੀ। 1958 ਈਸਵੀ ਵਿੱਚ ਤ ਹਿ ਸ ੀ ਲ ਪ ੍ ਰ ਾ ਜੀ.ਟੀ.ਰੋਡ.ਅੰਮ੍ਰਿਤਸਰ ਵਿਖੇ ਥਾਂ ਮੁੱਲ ਖ਼ਰੀਦ ਕੇ ਭਗਤ ਜੀ ਨੇ ਪਿੰਗਲਵਾੜੇ ਦੀ ਨੀਂਹ ਰੱਖੀ। ਜਿੱਥੇ ਮਾਨਸਿਕ ਅਤੇ ਲਾਵਾਰਸ ਰੋਗੀਆਂ, ਲੂਲ੍ਹੇ-ਲੰਗੜਿਆਂ ਅਤੇ ਬਜ਼ੁਰਗਾਂ ਦੀ ਸੇਵਾ-ਸੰਭਾਲ ਕੀਤੀ ਜਾਣ ਲੱਗ ਪਈ। ਇਹ ਆਸ਼ਰਮ ਜੋ ਕੁਝ ਮਰੀਜ਼ਾਂ ਨੂੰ ਲੈ ਕੇ ਭਗਤ ਪੂਰਨ ਸਿੰਘ ਜੀ ਨੇ ਬੀਜ ਰੂਪ ਵਿੱਚ ਸ਼ੁਰੂ ਕੀਤਾ, ਅੱਜ 1756 ਤੋਂ ਵੱਧ ਮਰੀਜ਼ ਜਿਨ੍ਹਾਂ ਵਿੱਚ ਔਰਤਾਂ, ਬੱਚੇ ਤੇ ਬੁੱਢੇ ਸ਼ਾਮਲ ਹਨ, ਲਈ ਘਰ ਵਰਗੇ ਸੁੱਖਾਂ ਦਾ ਸਾਧਨ ਬਣਿਆ ਹੋਇਆ ਹੈ।

ਭਗਤ ਪੂਰਨ ਸਿੰਘ ਨੇ ਪ੍ਰਦੂਸ਼ਣ, ਜਲ ਸਾਧਨਾ, ਜੰਗਲਾਂ ਦੀ ਕਟਾਈ ਤੋਂ ਪੈਦਾ ਹੋਣ ਵਾਲੇ ਖਤਰਿਆਂ ਨਾਲ ਸੰਬੰਧਿਤ ਅਨੇਕਾਂ ਕਿਤਾਬਚੇ, ਟ੍ਰੈਕਟ, ਫੋਲਡਰ ਅਤੇ ਇਸ਼ਤਿਹਾਰ ਲੱਖਾਂ ਦੀ ਗਿਣਤੀ ਵਿੱਚ ਛਾਪ ਕੇ ਵੰਡੇ। ਅੱਜ ਵੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਦੇ ਬਾਹਰ ਘੰਟਾ ਘਰ ਚੌਂਕ ਤੇ ਸਰਾਂ ( ਰਿਹਾਇਸ਼) ਵਾਲੇ ਪਾਸੇ ਅਤੇ ਦੇਸ਼ ਭਰ ਦੇ ਵੱਖ-ਵੱਖ ਇਤਿਹਾਸਕ ਗੁਰਦੁਆਰਿਆਂ ਵਿੱਚ ਉਹਨਾਂ ਦੇ ਸ਼ਰਧਾਲੂ ਕਿਤਾਬਚੇ, ਟ੍ਰੈਕਟ, ਇਸ਼ਤਿਹਾਰ, ਪੈਂਫਲਿਟ, ਫੋਲਡਰ ਮੁਫ਼ਤ ਵੰਡ ਰਹੇ ਹਨ। ਗੁਰੂ ਕੀ ਨਗਰੀ ਅੰਮ੍ਰਿਤਸਰ ਵਿਖੇ ਪਿੰਗਲਵਾੜਾ ਬੱਸ ਸਟੈਂਡ ਦੇ ਨਜ਼ਦੀਕ ਚੱਲ ਰਿਹਾ ਹੈ। ਇਸ ਦੇ ਬਾਨੀ ਭਗਤ ਪੂਰਨ ਸਿੰਘ ਨੂੰ ਭਾਵੇਂ ਬਹੁਤ ਮੁਸ਼ਕਲਾਂ ਆਈਆਂ ਪਰ ਉਹ ਆਪਣੇ ਮਿਸ਼ਨ ਵਿੱਚ ਸਫ਼ਲ ਹੋਏ।



ਪਿੰਗਲਵਾੜਾ ਸੰਸਥਾ ਦੀ ਹਦੂਦ ਅੰਦਰ ਦਰਜੀ ਦਾ ਕੰਮ, ਟਾਈਪ ਕਰਨਾ, ਕੁਰਸੀਆਂ ਬੁਣਨੀਆਂ, ਮੋਮਬੱਤੀਆਂ, ਗੁੱਡੀਆਂ, ਖਿਡੌਣੇ ਆਦਿ ਦੀ ਸਿਖਲਾਈ ਦਿੱਤੀ ਜਾਂਦੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵੱਲੋਂ ਪਿੰਗਲਵਾੜਾ ਨੂੰ 10 ਲੱਖ ਰੁਪਏ ਸਾਲਾਨਾ ਸਹਾਇਤਾ ਮਿਲਦੀ ਹੈ। ਭਗਤ ਜੀ ਨੇ ਕੁਦਰਤੀ ਸੋਮਿਆਂ ਦੀ ਰੱਖਿਆ ਕਰੋ, ਸਾਦਾ ਜੀਵਨ ਬਤੀਤ ਕਰੋ, ਵੱਧ ਤੋਂ ਵੱਧ ਰੁੱਖ ਲਗਾ ਕੇ ਮਨੁੱਖਤਾ ਦਾ ਭਲਾ ਕਰੋ, ਖਾਦੀ ਦਾ ਕੱਪੜਾ ਪਹਿਨ ਕੇ ਬੇਰੁਜ਼ਗਾਰੀ ਨੂੰ ਘਟਾਉਣ ਵਿੱਚ ਮਦਦ ਕਰੋ, ਸਾਦਾ ਖਾਣਾ, ਸਾਦਾ ਪਾਉਣਾ ਅਤੇ ਸਾਦਗੀ ਵਿੱਚ ਰਹਿਣ ਦਾ ਅਨੰਦ ਹੀ ਵੱਖਰਾ ਹੈ, ਡੀਜ਼ਲ ਤੇ ਪੈਟਰੋਲ ਦੀ ਵਰਤੋਂ ਘੱਟ ਕਰੋ, ਵੱਧ ਰਹੀ ਆਬਾਦੀ ਨੂੰ ਠੱਲ੍ਹ ਪਾਉਣ ਲਈ ਸੰਜਮਮਈ ਜੀਵਨ ਬਤੀਤ ਕਰੋ, ਰੋ ਰਹੀ ਹਵਾ, ਪਾਣੀ ਅਤੇ ਧਰਤੀ ਮਾਤਾ ਦੀ ਪੁਕਾਰ ਸੁਣੋ, ਬਰਸਾਤ ਦੇ ਮੌਸਮ ਵਿੱਚ ਹਰ ਪ੍ਰਾਣੀ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਵੇ, ਰਸਤੇ ਵਿੱਚ ਪਏ ਕੇਲਿਆਂ ਦੇ ਛਿੱਲੜ, ਕਿੱਲ, ਸ਼ੀਸ਼ੇ ਅਤੇ ਖੁਰੀ ਚੁੱਕ ਕੇ ਪ੍ਰਾਣੀ ਮਾਤਰ ਦਾ ਭਲਾ ਕਰੋ, ਜਾਨਵਰਾਂ ਦੀ ਰੱਖਿਆ ਲਈ ਵੱਧ ਤੋਂ ਵੱਧ ਉਪਰਾਲੇ ਕਰੋ ਆਦਿ ਉਪਦੇਸ਼ ਸਮੁੱਚੀ ਮਾਨਵਤਾ ਨੂੰ ਦਿੱਤੇ ਹਨ।

ਭਗਤ ਪੂਰਨ ਸਿੰਘ ਆਦਰਸ਼ ਸਕੂਲ ਮਾਨਾਂਵਾਲਾ, ਭਗਤ ਪੂਰਨ ਸਿੰਘ ਆਦਰਸ਼ ਸਕੂਲ ਬੁੱਟਰ ਕਲਾਂ ਕਾਦੀਆਂ, ਭਗਤ ਪੂਰਨ ਸਿੰਘ ਸਕੂਲ ਆਫ਼ ਸਪੈਸ਼ਲ ਐਜੂਕੇਸ਼ਨ, ਭਗਤ ਪੂਰਨ ਸਿੰਘ ਗੂੰਗੇ-ਬੋਲੇ ਬੱਚਿਆਂ ਦਾ ਸਕੂਲ ਮਾਨਾਂਵਾਲਾ, ਭਗਤ ਪੂਰਨ ਸਿੰਘ ਕਿੱਤਾ ਸਿਖਲਾਈ ਕੇਂਦਰ ਮਾਨਾਂਵਾਲਾ ਆਦਿ ਵਿਖੇ ਮੁਫ਼ਤ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ।

ਭਗਤ ਪੂਰਨ ਸਿੰਘ ਦੀਆਂ ਜੀਵਨ ਘਾਲਨਾਵਾਂ ਸੰਬੰਧੀ ਤਸਵੀਰਾਂ ਦਾ ਸੰਗ੍ਰਹਿ ਅਜਾਇਬ ਘਰ ਪਿੰਗਲਵਾੜਾ ਵਿੱਚ ਸਥਾਪਿਤ ਕੀਤਾ ਗਿਆ ਹੈ। ਉਹਨਾਂ ਦੇ ਜੀਵਨ ਨੂੰ ਦਰਸਾਉਂਦੀਆਂ ਹੋਈਆਂ ਕੁਝ ਵੀਡੀਓ ਫਿਲਮਾਂ ਵੀ ਵੱਖ-ਵੱਖ ਬੁੱਧੀਜੀਵੀਆਂ ਵੱਲੋਂ ਤਿਆਰ ਕੀਤੀਆਂ ਗਈਆਂ ਹਨ। ਭਗਤ ਪੂਰਨ ਸਿੰਘ ਜੀ ਦੀ ਜੀਵਨੀ ਬਾਰੇ ਦਸਤਾਵੇਜ਼ੀ ਫ਼ਿਲਮ ਇਹੁ ਜਨਮੁ ਤੁਮ੍ਹਾਰੇ ਲੇਖੇ, ਏ ਸੈਲਫਲੈਸ ਲਾਈਫ਼' ਫ਼ਰਵਰੀ 2000 ਵਿੱਚ ਰਿਲੀਜ਼ ਕੀਤੀ ਗਈ। ਭਗਤ ਪੂਰਨ ਸਿੰਘ ਦੇ ਜਨਮ ਸਥਾਨ 'ਤੇ ਪਿੰਡ ਰਾਜੇਵਾਲ ਵਿਖੇ 'ਭਗਤ ਪੂਰਨ ਸਿੰਘ ਸਮਾਰਕ' ਦਾ ਨਿਰਮਾਣ ਹੋ ਚੁੱਕਾ ਹੈ। ਪਿੰਗਲਵਾੜਾ (ਅੰਮ੍ਰਿਤਸਰ) ਦੇ ਨਜ਼ਦੀਕ 'ਭਗਤ ਪੂਰਨ ਸਿੰਘ ਯਾਦਗਾਰੀ ਗੇਟ' ਉਸਾਰਿਆ ਗਿਆ ਹੈ। ਭਗਤ ਪੂਰਨ ਸਿੰਘ ਮਸਨੂਈ ਅੰਗ ਕੇਂਦਰ ਵਿੱਚ 15451 ਮਰੀਜ਼ਾਂ ਨੂੰ ਬਨਾਵਟੀ ਅੰਗ ਲਗਾਏ ਜਾ ਚੁੱਕੇ ਹਨ। ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ 'ਭਗਤ ਪੂਰਨ ਸਿੰਘ ਚੇਅਰ' ਦੀ ਸਥਾਪਨਾ ਕੀਤੀ ਗਈ ਹੈ। ਭਾਰਤ ਸਰਕਾਰ ਵੱਲੋਂ 10 ਦਸੰਬਰ 2004 ਨੂੰ ਭਗਤ ਪੂਰਨ ਸਿੰਘ ਜੀ ਦੀ ਇੱਕ ਡਾਕ-ਟਿਕਟ ਦਿੱਲੀ ਵਿਖੇ ਰਿਲੀਜ਼ ਕੀਤੀ ਗਈ ਹੈ। ਭਗਤ ਪੂਰਨ ਸਿੰਘ ਦੀਆਂ 21 ਹੱਥ ਲਿਖਤਾਂ, 23 ਅੰਗਰੇਜ਼ੀ ਦੇ ਕਿਤਾਬਚੇ, 77 ਹਿੰਦੀ 'ਚ ਟ੍ਰੈਕਟ, ਫੋਲਡਰ, ਭਗਤ ਜੀ ਵੱਲੋਂ ਪ੍ਰਕਾਸ਼ਿਤ ਵੱਖ-ਵੱਖ ਰਾਗਾਂ ਦੇ 58 ਗੁਰਬਾਣੀ ਦੇ ਸ਼ਬਦ "ਭਗਤ ਪੂਰਨ ਸਿੰਘ ਅਜਾਇਬ ਘਰ" ਵਿੱਚ ਸੁਭਾਇਮਾਨ ਹਨ।

ਭਗਤ ਪੂਰਨ ਸਿੰਘ ਨੇ ਪਿੰਗਲਵਾੜਾ ਸਥਾਪਿਤ ਕਰਕੇ ਬੇਸਹਾਰਾ, ਅਪਾਹਜਾਂ, ਅਪੰਗਾਂ ਉੱਤੇ ਮਹਾਨ ਪਰ-ਉਪਕਾਰ ਕੀਤਾ ਹੈ। ਭਾਰਤ ਵਿੱਚ ਮਦਰ ਟੈਰੇਸਾ ਨੇ ਜੋ ਕੰਮ ਕੀਤਾ, ਭਗਤ ਪੂਰਨ ਸਿੰਘ ਨੇ ਉਸ ਦੇ ਮੁਕਾਬਲੇ ਬਹੁਤ ਅਗਾਂਹ ਵੱਧ ਕੇ ਕੰਮ ਕੀਤਾ ਹੈ। ਭਗਤ ਪੂਰਨ ਸਿੰਘ ਨੂੰ 1981 'ਚ ਪਦਮ ਸ਼੍ਰੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ, ਪਰ ਭਾਰਤ ਸਰਕਾਰ ਵੱਲੋਂ 1984 ਵਿੱਚ ਸ਼੍ਰੀ ਦਰਬਾਰ ਸਾਹਿਬ ਅਤੇ ਸ਼੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਤੇ ਹੋਏ ਹਮਲੇ ਦੇ ਰੋਸ ਵਜੋਂ ਉਹਨਾਂ ਨੇ ਇਹ ਐਵਾਰਡ ਵਾਪਸ ਕਰ ਦਿੱਤਾ ਸੀ। ਉਹਨਾਂ ਨੂੰ 1990 'ਚ ਹਾਰਮਨੀ ਐਵਾਰਡ, 1991 'ਚ ਲੋਕ ਰਤਨ ਐਵਾਰਡ ਪ੍ਰਾਪਤ ਹੋਏ। ਪੰਜਾਬ ਵਿਰਾਸਤ ਸੰਸਥਾ ਸ਼ਿਕਾਗੋ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵੱਲੋਂ ਵੀ ਉਹਨਾਂ ਨੂੰ ਸਨਮਾਨਿਤ ਕੀਤਾ ਗਿਆ । ਭਾਈ ਕਨ੍ਹੱਈਆ ਐਵਾਰਡ ਕਮੇਟੀ ਵੱਲੋਂ ਪਹਿਲਾ 'ਭਾਈ ਕਨ੍ਹੱਈਆ ਐਵਾਰਡ' ਭਗਤ ਪੂਰਨ ਸਿੰਘ ਬਾਨੀ ਪਿੰਗਲਵਾੜਾ ਨੂੰ ਸੱਚ-ਖੰਡ ਪਿਆਨਾ ਕਰਨ ਉਪਰੰਤ 4 ਅਕਤੂਬਰ 1995 ਨੂੰ ਦਿੱਤਾ ਗਿਆ ਜੋ ਡਾ: ਇੰਦਰਜੀਤ ਕੌਰ ਮੌਜੂਦਾ ਮੁਖੀ ਨੇ ਪ੍ਰਾਪਤ ਕੀਤਾ। ਸੇਵਾ ਦੇ ਪੁੰਜ, ਨਿਆਸਰਿਆਂ ਦਾ ਆਸਰਾ ਭਗਤ ਪੂਰਨ ਸਿੰਘ 5 ਅਗਸਤ 1992 ਈ: ਨੂੰ 88 ਸਾਲ ਦੀ ਉਮਰ ਬਤੀਤ ਕਰਕੇ ਸੱਚ-ਖੰਡ ਜਾ ਬਿਰਾਜੇ।

20ਵੀਂ ਸਦੀ ਦੇ ਮਹਾਨ ਦਰਵੇਸ਼ ਤੇ ਸਮਾਜ-ਸੇਵੀ ਭਗਤ ਪੂਰਨ ਸਿੰਘ ਜੀ ਬਾਨੀ ਪਿੰਗਲਵਾੜਾ ਅੰਮ੍ਰਿਤਸਰ ਦਾ 122ਵਾਂ ਜਨਮ-ਦਿਹਾੜਾ ਡਾ: ਇੰਦਰਜੀਤ ਕੌਰ ਜੀ ਦੀ ਸਰਪ੍ਰਸਤੀ ਹੇਠ 2, 3 ਅਤੇ 4 ਜੂਨ ਦਿਨ ਮੰਗਲਵਾਰ, ਬੁੱਧਵਾਰ ਅਤੇ ਵੀਰਵਾਰ ਨੂੰ ਅੰਮ੍ਰਿਤਸਰ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। 2 ਜੂਨ ਦਿਨ ਮੰਗਲਵਾਰ ਨੂੰ ਭਗਤ ਪੂਰਨ ਸਿੰਘ ਜੀ ਦੇ ਜਨਮ-ਦਿਨ ਨੂੰ ਸਮਰਪਿਤ ਪਿੰਗਲਵਾੜਾ ਪਰਿਵਾਰ ਵੱਲੋਂ ਸਵੇਰੇ 10 ਵਜੇ ਤੋਂ 2 ਵਜੇ ਤੱਕ ਸੈਮੀਨਾਰ "ਗੁਰਮਤਿ ਵਿਚਾਰਧਾਰਾ ਦੀ ਰੋਸ਼ਨੀ ਵਿੱਚ ਕੁਦਰਤ ਦੀ ਸੰਭਾਲ" ਹੋ ਰਿਹਾ ਹੈ । ਜਿਸ ਵਿੱਚ ਡਾ: ਸਵਰਾਜਬੀਰ ਸਿੰਘ, ਸ੍ਰ: ਜਸਕੀਰਤ ਸਿੰਘ, ਗਿਆਨੀ ਕੇਵਲ ਸਿੰਘ, ਸ੍ਰ: ਸਤਨਾਮ ਸਿੰਘ ਮਾਣਕ, ਡਾ: ਇੰਦਰਜੀਤ ਸਿੰਘ ਗੋਗੋਆਣੀ, ਸ੍ਰ: ਹਮੀਰ ਸਿੰਘ ਆਦਿ ਵਿਦਵਾਨ ਵਾਤਾਵਰਣ ਸੰਬੰਧੀ ਆਪਣੇ ਵਿਚਾਰ ਦੱਸਣਗੇ। ਡਾ: ਕੁੰਵਰ ਵਿਜੇ ਪ੍ਰਤਾਪ ਸਿੰਘ ਸੈਮੀਨਾਰ ਦੀ ਪ੍ਰਧਾਨਗੀ ਕਰਨਗੇ । 3 ਜੂਨ ਦਿਨ ਬੁੱਧਵਾਰ ਨੂੰ ਪਿੰਗਲਵਾੜੇ ਦੇ ਮਰੀਜ਼ਾਂ ਅਤੇ ਸਕੂਲੀ ਬੱਚਿਆਂ ਵੱਲੋਂ ਵਾਤਾਵਰਣ ਸੰਬੰਧੀ ਵਿਸ਼ੇਸ਼ ਸੱਭਿਆਚਾਰਕ ਪ੍ਰੋਗਰਾਮ ਕੀਤਾ ਜਾਵੇਗਾ । ਪ੍ਰੋਗਰਾਮ ਦੇ ਮੁੱਖ ਮਹਿਮਾਨ ਡਾ: ਇੰਦਰਬੀਰ ਸਿੰਘ ਨਿੱਝਰ ਹੋਣਗੇ । 4 ਜੂਨ ਦਿਨ ਵੀਰਵਾਰ ਨੂੰ ਮੁੱਖ ਦਫ਼ਤਰ ਪਿੰਗਲਵਾੜਾ ਵਿਖੇ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦਾ ਭੋਗ ਪਾਇਆ ਜਾਵੇਗਾ। ਉਪਰੰਤ ਭਾਈ ਜਸਬੀਰ ਸਿੰਘ ਜੀ ਅਤੇ ਪਿੰਗਲਵਾੜਾ ਸੰਸਥਾ ਦੇ ਬੱਚਿਆਂ ਵੱਲੋਂ ਗੁਰਬਾਣੀ ਦੇ ਰਸ-ਭਿੰਨਾ ਕੀਰਤਨ ਕੀਤਾ ਜਾਵੇਗਾ । ਇਸ ਤੋਂ ਇਲਾਵਾ ਮਹਾਨ ਸਮਾਜ ਸੇਵੀ ਅਤੇ ਵਾਤਾਵਰਣ ਪ੍ਰੇਮੀਆਂ ਵੱਲੋਂ ਭਗਤ ਪੂਰਨ ਸਿੰਘ ਜੀ ਦੇ ਜੀਵਨ ਬਾਰੇ ਵੱਖ-ਵੱਖ ਪਹਿਲੂਆਂ ਤੇ ਵਿਚਾਰਾਂ ਕੀਤੀਆਂ ਜਾਣਗੀਆਂ । ਸ਼੍ਰੀ ਦਵਿੰਦਰ ਸ਼ਰਮਾ ਦੀ ਹਿੰਦੀ ਪੁਸਤਕ 'ਜ਼ਮੀਨੀ ਸਚਾਈ' ਅਤੇ ਪਿੰਗਲਵਾੜਾ ਸੰਸਥਾ ਵੱਲੋਂ ਛਾਪੀਆਂ ਗਈਆਂ ਕਿਤਾਬਾਂ ਰਿਲੀਜ਼ ਕੀਤੀਆਂ ਜਾਣਗੀਆਂ । ਇਸ ਮੌਕੇ ਪਿੰਗਲਵਾੜੇ ਵਿੱਚ ਪਿਛਲੇ ਇੱਕ ਸਾਲ ਵਿੱਚ ਹੋਈਆਂ ਗਤੀਵਿਧੀਆਂ ਦਾ ਇੱਕ ਸੋਵੀਨਰ ਦੀ ਵੀ ਘੁੰਡ ਚੁਕਾਈ ਕੀਤੀ ਜਾਵੇਗੀ। ਗੁਰੂ ਕਾ ਲੰਗਰ ਅਤੁੱਟ ਵਰਤੇਗਾ।

**ਕਰਨੈਲ ਸਿੰਘ ਐਮ.ਏ.**
**ਲੁਧਿਆਣਾ**
**# 1138/63-ਏ, ਗੁਰੂ ਤੇਗ ਬਹਾਦਰ ਨਗਰ, ਗਲੀ ਨੰਬਰ-1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ ।**

# ਦੋ ਪਹੀਏ-ਅਣਗਿਣਤ ਰਾਹ: ਸਾਈਕਲ ਦਾ ਇਤਿਹਾਸ ਅਤੇ ਵਿਸ਼ਵ ਯਾਤਰੀਆਂ ਦੀ ਦਾਸਤਾਨ

## 3 ਜੂਨ ਵਿਸ਼ਵ ਸਾਈਕਲ ਦਿਵਸ 'ਤੇ

ਹਰ ਸਾਲ 3 ਜੂਨ ਨੂੰ ਪੂਰੀ ਦੁਨੀਆ ਵਿੱਚ 'ਵਿਸ਼ਵ ਸਾਈਕਲ ਦਿਵਸ' ਮਨਾਇਆ ਜਾਂਦਾ ਹੈ। ਇਹ ਦਿਨ ਸਿਰਫ਼ ਇੱਕ ਸਵਾਰੀ ਦਾ ਜਸ਼ਨ ਨਹੀਂ, ਸਗੋਂ ਸਿਹਤਮੰਦ ਜੀਵਨ-ਸ਼ੈਲੀ, ਵਾਤਾਵਰਨ ਸੰਭਾਲ, ਸਾਦਗੀ ਅਤੇ ਟਿਕਾਊ ਵਿਕਾਸ ਦੇ ਇੱਕ ਵਿਸ਼ਵਵਿਆਪੀ ਸੁਨੇਹੇ ਦਾ ਪ੍ਰਤੀਕ ਹੈ। ਅੱਜ ਜਦੋਂ ਮਨੁੱਖ ਦੀ ਜ਼ਿੰਦਗੀ ਮੋਟਰ ਗੱਡੀਆਂ, ਪ੍ਰਦੂਸ਼ਣ ਅਤੇ ਭੱਜ-ਦੌੜ ਦੇ ਜਾਲ ਵਿੱਚ ਉਲਝਦੀ ਜਾ ਰਹੀ ਹੈ, ਉਦੋਂ ਸਾਈਕਲ ਸਾਨੂੰ ਮੁੜ ਕੁਦਰਤ, ਸਾਦਗੀ ਅਤੇ ਸਰੀਰਕ ਸਰਗਰਮੀ ਨਾਲ ਜੋੜਨ ਦਾ ਰਾਹ ਦਿਖਾਉਂਦੀ ਹੈ।

ਸਾਈਕਲ ਦਾ ਇਤਿਹਾਸ ਮਨੁੱਖੀ ਸਿਰਜਣਾਤਮਕਤਾ ਅਤੇ ਖੋਜ-ਬਿਰਤੀ ਦੀ ਇੱਕ ਦਿਲਚਸਪ ਕਹਾਣੀ ਹੈ। ਆਧੁਨਿਕ ਸਾਈਕਲ ਦੇ ਪੂਰਵਜ ਵਜੋਂ ਮੰਨੀ ਜਾਣ ਵਾਲੀ 'ਡਰੈਜ਼ੀਨ' ਜਾਂ 'ਰਨਿੰਗ ਮਸ਼ੀਨ' ਦਾ ਨਿਰਮਾਣ ਸਾਲ 1817 ਵਿੱਚ ਜਰਮਨੀ ਦੇ ਖੋਜੀ ਕਾਰਲ ਵਾਨ ਡਰੇਸ ਨੇ ਕੀਤਾ ਸੀ। ਲੱਕੜ ਦੀ ਬਣੀ ਇਸ ਮਸ਼ੀਨ ਵਿੱਚ ਪੈਡਲ ਨਹੀਂ ਸਨ ਅਤੇ ਇਸ ਨੂੰ ਚਲਾਉਣ ਵਾਲਾ ਵਿਅਕਤੀ ਆਪਣੇ ਪੈਰਾਂ ਨਾਲ ਜ਼ਮੀਨ ਨੂੰ ਧੱਕਾ ਮਾਰ ਕੇ ਅੱਗੇ ਵਧਦਾ ਸੀ। ਇਹ ਇੱਕ ਸਧਾਰਨ ਜਿਹੀ ਕਾਢ ਸੀ, ਪਰ ਇਸ ਨੇ ਆਉਣ ਵਾਲੀਆਂ ਪੀੜ੍ਹੀਆਂ ਲਈ ਆਵਾਜਾਈ ਦੇ ਇੱਕ ਨਵੇਂ ਯੁੱਗ ਦੀ ਨੀਂਹ ਰੱਖ ਦਿੱਤੀ।

1860 ਦੇ ਦਹਾਕੇ ਵਿੱਚ ਫਰਾਂਸ ਵਿੱਚ ਸਾਈਕਲ ਦੇ ਅਗਲੇ ਪਹੀਏ ਨਾਲ ਪੈਡਲ ਜੋੜੇ ਗਏ। ਇਸ ਮਾਡਲ ਨੂੰ 'ਬੋਨਸ਼ੇਕਰ' ਕਿਹਾ ਜਾਂਦਾ ਸੀ ਕਿਉਂਕਿ ਉਸ ਸਮੇਂ ਦੀਆਂ ਉਬੜ-ਖਾਬੜ ਸੜਕਾਂ ਉੱਤੇ ਇਸ ਦੀ ਸਵਾਰੀ ਹੱਡੀਆਂ ਨੂੰ ਝੰਜੋੜ ਦੇਣ ਵਾਲਾ ਅਨੁਭਵ ਬਣ ਜਾਂਦੀ ਸੀ। ਇਸ ਤੋਂ ਬਾਅਦ 1870 ਦੇ ਦਹਾਕੇ ਵਿੱਚ 'ਪੈਨੀ-ਫਾਰਥਿੰਗ' ਨਾਮਕ ਸਾਈਕਲ ਪ੍ਰਚਲਿਤ ਹੋਇਆ, ਜਿਸਦਾ ਅਗਲਾ ਪਹੀਆ ਬਹੁਤ ਵੱਡਾ ਅਤੇ ਪਿਛਲਾ ਪਹੀਆ ਛੋਟਾ ਹੁੰਦਾ ਸੀ। ਅੰਤ ਵਿੱਚ 1885 ਵਿੱਚ ਜੌਹਨ ਕੈਂਪ ਸਟਾਰਲੇ ਨੇ 'ਸੇਫਟੀ ਬਾਈਸਾਈਕਲ' ਤਿਆਰ ਕੀਤੀ, ਜਿਸਦੇ ਦੋਵੇਂ ਪਹੀਏ ਲਗਭਗ ਬਰਾਬਰ ਆਕਾਰ ਦੇ ਸਨ ਅਤੇ ਚੇਨ ਰਾਹੀਂ ਪਿਛਲਾ ਪਹੀਆ ਚਲਾਇਆ ਜਾਂਦਾ ਸੀ। ਇਹੀ ਡਿਜ਼ਾਇਨ ਅੱਜ ਦੀਆਂ ਆਧੁਨਿਕ ਸਾਈਕਲਾਂ ਦਾ ਆਧਾਰ ਬਣਿਆ।

ਸਮੇਂ ਦੇ ਨਾਲ ਸਾਈਕਲ ਨੇ ਕੇਵਲ ਆਵਾਜਾਈ ਦਾ ਸਾਧਨ ਹੋਣ ਤੋਂ ਉੱਪਰ ਉੱਠ ਕੇ ਸਿਹਤ ਅਤੇ ਵਾਤਾਵਰਨ ਦੀ ਰਾਖੀ ਦਾ ਇੱਕ ਮਜ਼ਬੂਤ ਪ੍ਰਤੀਕ ਰੂਪ ਧਾਰ ਲਿਆ। ਡਾਕਟਰੀ ਖੋਜਾਂ ਦੱਸਦੀਆਂ ਹਨ ਕਿ ਨਿਯਮਿਤ ਸਾਈਕਲ ਚਲਾਉਣਾ ਦਿਲ ਦੀਆਂ ਬਿਮਾਰੀਆਂ, ਮੋਟਾਪੇ, ਸ਼ੂਗਰ ਅਤੇ ਉੱਚ ਰਕਤਚਾਪ ਵਰਗੀਆਂ ਸਮੱਸਿਆਵਾਂ ਦੇ ਖ਼ਤਰੇ ਨੂੰ ਘਟਾਉਣ ਵਿੱਚ ਮਦਦਗਾਰ ਸਾਬਤ ਹੁੰਦਾ ਹੈ। ਇਸ ਨਾਲ ਸਰੀਰ ਦੀਆਂ ਮਾਸਪੇਸ਼ੀਆਂ ਮਜ਼ਬੂਤ ਹੁੰਦੀਆਂ ਹਨ, ਫੇਫੜਿਆਂ ਦੀ ਸਮਰੱਥਾ ਵਧਦੀ ਹੈ ਅਤੇ ਮਾਨਸਿਕ ਤਣਾਅ ਘਟਦਾ ਹੈ। ਇਸ ਦੇ ਨਾਲ ਹੀ ਸਾਈਕਲ ਇੱਕ ਅਜਿਹਾ ਵਾਹਨ ਹੈ ਜੋ ਨਾ ਧੂੰਆਂ ਛੱਡਦਾ ਹੈ ਅਤੇ ਨਾ ਹੀ ਸ਼ੋਰ ਪ੍ਰਦੂਸ਼ਣ ਪੈਦਾ ਕਰਦਾ ਹੈ। ਇਸ ਲਈ ਵਧ ਰਹੇ ਹਵਾ ਪ੍ਰਦੂਸ਼ਣ ਅਤੇ ਜਲਵਾਯੂ ਪਰਿਵਰਤਨ ਦੀਆਂ ਚੁਣੌਤੀਆਂ ਦੇ ਦੌਰ ਵਿੱਚ ਸਾਈਕਲ ਦੀ ਮਹੱਤਤਾ ਹੋਰ ਵੀ ਵਧ ਜਾਂਦੀ ਹੈ।

ਆਰਥਿਕ ਪੱਖੋਂ ਵੀ ਸਾਈਕਲ ਆਮ ਆਦਮੀ ਦਾ ਸਭ ਤੋਂ ਭਰੋਸੇਯੋਗ ਸਾਥੀ ਹੈ। ਇਸ ਨੂੰ ਚਲਾਉਣ ਲਈ ਕਿਸੇ ਮਹਿੰਗੇ ਈਂਧਨ ਦੀ ਲੋੜ ਨਹੀਂ ਹੁੰਦੀ ਅਤੇ ਇਸ ਦਾ ਰੱਖ-ਰਖਾਅ ਵੀ ਬਹੁਤ ਘੱਟ ਖ਼ਰਚੀਲਾ ਹੈ। ਭੀੜ-ਭਾੜ ਵਾਲੇ ਸ਼ਹਿਰਾਂ ਵਿੱਚ ਜਿੱਥੇ ਟ੍ਰੈਫਿਕ ਜਾਮ ਅਤੇ ਪਾਰਕਿੰਗ ਦੀਆਂ ਸਮੱਸਿਆਵਾਂ ਦਿਨੋ-ਦਿਨ ਗੰਭੀਰ ਹੋ ਰਹੀਆਂ ਹਨ, ਉੱਥੇ ਸਾਈਕਲ ਇੱਕ ਵਿਹਾਰਕ ਅਤੇ ਪ੍ਰਭਾਵਸ਼ਾਲੀ ਵਿਕਲਪ ਵਜੋਂ ਉੱਭਰ ਰਹੀ ਹੈ।

ਸਾਈਕਲ ਦਾ ਸਫ਼ਰ ਸਿਰਫ਼ ਇੱਕ ਥਾਂ ਤੋਂ ਦੂਜੀ ਥਾਂ ਤੱਕ ਪਹੁੰਚਣ ਤੱਕ ਸੀਮਿਤ ਨਹੀਂ ਰਿਹਾ। ਇਹ ਦੁਨੀਆ ਨੂੰ ਦੇਖਣ, ਸਮਝਣ ਅਤੇ ਲੋਕਾਂ ਨਾਲ ਜੁੜਨ ਦਾ ਇੱਕ ਅਨੋਖਾ ਸਾਧਨ ਵੀ ਬਣਿਆ ਹੈ। ਇਤਿਹਾਸ ਵਿੱਚ ਥਾਮਸ ਸਟੀਵਨਜ਼ ਉਹ ਪਹਿਲਾ ਵਿਅਕਤੀ ਮੰਨਿਆ ਜਾਂਦਾ ਹੈ ਜਿਸਨੇ 1884 ਵਿੱਚ 'ਪੈਨੀ-ਫਾਰਥਿੰਗ' ਸਾਈਕਲ ਉੱਤੇ ਦੁਨੀਆ ਦਾ ਚੱਕਰ ਲਗਾਉਣ ਦੀ ਸ਼ੁਰੂਆਤ ਕੀਤੀ। ਔਰਤਾਂ ਵਿੱਚੋਂ ਐਨੀ ਲੰਡਨਡੈਰੀ ਨੇ 1894-95 ਵਿੱਚ ਸਾਈਕਲ ਰਾਹੀਂ ਵਿਸ਼ਵ ਯਾਤਰਾ ਕਰਕੇ ਇਤਿਹਾਸ ਰਚਿਆ। ਆਧੁਨਿਕ ਸਮੇਂ ਵਿੱਚ ਮਾਰਕ ਬਿਊਮੋਂਟ ਅਤੇ ਭਾਰਤ ਦੀ ਵੇਦਾਂਗੀ ਕੁਲਕਰਨੀ ਵਰਗੇ ਸਾਈਕਲ ਯਾਤਰੀਆਂ ਨੇ ਵੀ ਆਪਣੇ ਅਸਾਧਾਰਨ ਕਾਰਨਾਮਿਆਂ ਨਾਲ ਦੁਨੀਆ ਦਾ ਧਿਆਨ ਆਪਣੇ ਵੱਲ ਖਿੱਚਿਆ ਹੈ।

ਇਸ ਖੇਤਰ ਵਿੱਚ ਪੰਜਾਬੀਆਂ ਦਾ ਯੋਗਦਾਨ ਵੀ ਕਿਸੇ ਤਰ੍ਹਾਂ ਘੱਟ ਨਹੀਂ। ਬਠਿੰਡਾ ਜ਼ਿਲ੍ਹੇ ਦੇ ਪਿੰਡ ਘੁੱਦਾ ਨਾਲ ਸੰਬੰਧਿਤ ਅੰਮ੍ਰਿਤਪਾਲ ਸਿੰਘ ਘੁੱਦਾ ਨੇ ਅਫ਼ਰੀਕਾ ਦੇ 11 ਦੇਸ਼ਾਂ ਵਿੱਚ 10,856 ਕਿਲੋਮੀਟਰ ਦੀ ਸਾਈਕਲ ਯਾਤਰਾ 221 ਦਿਨਾਂ ਵਿੱਚ ਪੂਰੀ ਕਰਕੇ ਇੱਕ ਵਿਲੱਖਣ ਮਿਸਾਲ ਕਾਇਮ ਕੀਤੀ। ਉਨ੍ਹਾਂ ਨੇ ਆਪਣੀ ਯਾਤਰਾ ਰਾਹੀਂ ਅਫ਼ਰੀਕਾ ਵਿੱਚ ਵੱਸੇ ਪੰਜਾਬੀਆਂ ਦੇ ਇਤਿਹਾਸ ਅਤੇ ਉਨ੍ਹਾਂ ਦੇ ਯੋਗਦਾਨ ਨੂੰ ਲੋਕਾਂ ਤੱਕ ਪਹੁੰਚਾਇਆ। ਪਟਿਆਲਾ ਦੇ ਰਹਿਣ ਵਾਲੇ ਸਾਈਕਲਿਸਟ ਕੰਵਰ ਗੁਰਪ੍ਰੀਤ ਸਿੰਘ ਗਿੱਲ ਨੇ ਵੀ ਸਾਈਕਲਿੰਗ ਦੀ ਦੁਨੀਆ ਵਿੱਚ ਇੱਕ ਵੱਡਾ ਮੁਕਾਮ ਹਾਸਲ ਕਰਕੇ ਇਤਿਹਾਸ ਰਚਿਆ ਹੈ। ਆਪਣੇ ਦ੍ਰਿੜ੍ਹ ਇਰਾਦੇ, ਅਨੁਸ਼ਾਸਨ ਅਤੇ ਸਾਹਸ ਦੇ ਬਲ 'ਤੇ ਉਨ੍ਹਾਂ ਨੇ ਲੰਬੀਆਂ ਦੂਰੀਆਂ ਦੀਆਂ ਸਾਈਕਲ ਯਾਤਰਾਵਾਂ ਰਾਹੀਂ ਨੌਜਵਾਨ ਪੀੜ੍ਹੀ ਨੂੰ ਤੰਦਰੁਸਤੀ ਅਤੇ ਸਾਹਸੀ ਜੀਵਨ ਵੱਲ ਪ੍ਰੇਰਿਤ ਕੀਤਾ ਹੈ।

ਇਸੇ ਕੜੀ ਵਿੱਚ 'ਮੁਲਕੋ ਮੁਲਕ ਸਾਈਕਲਨਾਮਾ' ਵਾਲੇ ਸੋਢੀ ਸੁਲਤਾਨ ਸਿੰਘ ਦਾ ਨਾਮ ਵੀ ਵਿਸ਼ੇਸ਼ ਤੌਰ 'ਤੇ ਲਿਆ ਜਾਂਦਾ ਹੈ। ਉਨ੍ਹਾਂ ਨੇ ਆਪਣੀ ਸਾਈਕਲ ਯਾਤਰਾ ਦੌਰਾਨ ਏਸ਼ੀਆ, ਯੂਰਪ, ਅਫ਼ਰੀਕਾ ਅਤੇ ਅਮਰੀਕਾ ਮਹਾਂਦੀਪਾਂ ਦੇ ਕਈ ਪ੍ਰਮੁੱਖ ਦੇਸ਼ਾਂ ਦਾ ਸਫ਼ਰ ਤੈਅ ਕਰਦਿਆਂ ਨਾ ਸਿਰਫ਼ ਵੱਖ-ਵੱਖ ਸਭਿਆਚਾਰਾਂ ਨੂੰ ਨੇੜਿਓਂ ਦੇਖਿਆ, ਸਗੋਂ ਆਪਣੇ ਯਾਤਰਾ-ਵ੍ਰਿਤਾਂਤਾਂ ਰਾਹੀਂ ਸਾਈਕਲਿੰਗ ਨੂੰ ਸਾਹਸ, ਗਿਆਨ ਅਤੇ ਵਿਸ਼ਵ ਭਾਈਚਾਰੇ ਨਾਲ ਜੋੜਨ ਦਾ ਮਹੱਤਵਪੂਰਨ ਕੰਮ ਵੀ ਕੀਤਾ ਹੈ।

ਇਸੇ ਤਰ੍ਹਾਂ 'ਸਾਈਕਲ ਬਾਬਾ' ਵਜੋਂ ਪ੍ਰਸਿੱਧ ਡਾ. ਰਾਜ ਫਾਂਡੇਨ ਨੇ ਸਾਈਕਲ ਨੂੰ ਵਾਤਾਵਰਨ ਜਾਗਰੂਕਤਾ ਦਾ ਇੱਕ ਵਿਸ਼ਵਵਿਆਪੀ ਮਾਧਿਅਮ ਬਣਾ ਦਿੱਤਾ ਹੈ। ਸਾਲ 2016 ਵਿੱਚ ਸ਼ੁਰੂ ਕੀਤੀ ਗਈ ਆਪਣੀ 'ਵ੍ਹੀਲਜ਼ ਫ਼ਾਰ ਗ੍ਰੀਨ' ਯਾਤਰਾ ਤਹਿਤ ਉਹ ਹੁਣ ਤੱਕ 1 ਲੱਖ 41 ਹਜ਼ਾਰ ਕਿਲੋਮੀਟਰ ਤੋਂ ਵੱਧ ਦਾ ਸਫ਼ਰ ਤੈਅ ਕਰ ਚੁੱਕੇ ਹਨ। ਇਸ ਸਾਲ ਅਪ੍ਰੈਲ ਵਿੱਚ ਉਨ੍ਹਾਂ ਨੇ ਪੇਰੂ ਵਿੱਚ ਆਪਣੀ ਇਤਿਹਾਸਕ ਯਾਤਰਾ ਦਾ ਇੱਕ ਹੋਰ ਮਹੱਤਵਪੂਰਨ ਪੜਾਅ ਪੂਰਾ ਕਰਦਿਆਂ 134 ਤੋਂ ਵੱਧ ਦੇਸ਼ਾਂ ਦੀ ਸਾਈਕਲ ਯਾਤਰਾ ਦਾ ਵਿਲੱਖਣ ਮਾਣ ਹਾਸਲ ਕੀਤਾ। ਉਨ੍ਹਾਂ ਦਾ ਸੰਦੇਸ਼ ਸਪੱਸ਼ਟ ਹੈ ਕਿ ਧਰਤੀ ਨੂੰ ਬਚਾਉਣ ਲਈ ਮਨੁੱਖ ਨੂੰ ਕੁਦਰਤ ਨਾਲ ਤਾਲਮੇਲ ਬਣਾ ਕੇ ਜੀਣਾ ਸਿੱਖਣਾ ਪਵੇਗਾ।

ਇਨ੍ਹਾਂ ਸਿਰੜੀ ਯਾਤਰੀਆਂ ਨੇ ਸਾਬਤ ਕੀਤਾ ਹੈ ਕਿ ਮਨੁੱਖੀ ਇੱਛਾ-ਸ਼ਕਤੀ ਦੇ ਸਾਹਮਣੇ ਦੂਰੀਆਂ ਅਤੇ ਮੁਸ਼ਕਲਾਂ ਕੋਈ ਮਾਇਨੇ ਨਹੀਂ ਰੱਖਦੀਆਂ। ਆਪਣੇ ਕੈਰੀਅਰ ਉੱਤੇ ਥੋੜ੍ਹਾ ਜਿਹਾ ਜ਼ਰੂਰੀ ਸਮਾਨ ਬੰਨ੍ਹ ਕੇ ਉਨ੍ਹਾਂ ਨੇ ਰੇਗਿਸਤਾਨਾਂ, ਪਹਾੜਾਂ, ਜੰਗਲਾਂ, ਬਰਫ਼ੀਲੇ ਇਲਾਕਿਆਂ ਅਤੇ ਅਣਗਿਣਤ ਸਰਹੱਦਾਂ ਨੂੰ ਪਾਰ ਕੀਤਾ। ਉਨ੍ਹਾਂ ਦੀਆਂ ਯਾਤਰਾਵਾਂ ਸਿਰਫ਼ ਸਾਹਸ ਦੀਆਂ ਕਹਾਣੀਆਂ ਨਹੀਂ, ਸਗੋਂ ਮਨੁੱਖੀ ਭਾਈਚਾਰੇ, ਵਿਸ਼ਵ ਸ਼ਾਂਤੀ ਅਤੇ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਦਾ ਜੀਵੰਤ ਸੰਦੇਸ਼ ਹਨ।

ਵਿਸ਼ਵ ਸਾਈਕਲ ਦਿਵਸ ਸਾਨੂੰ ਇਹ ਯਾਦ ਦਿਵਾਉਂਦਾ ਹੈ ਕਿ ਤਰੱਕੀ ਦਾ ਮਤਲਬ ਸਿਰਫ਼ ਤੇਜ਼ੀ ਨਹੀਂ, ਸਗੋਂ ਸੰਤੁਲਨ ਵੀ ਹੈ। ਜਿਸ ਯੁੱਗ ਵਿੱਚ ਮਨੁੱਖ ਮੰਗਲ ਗ੍ਰਹਿ ਤੱਕ ਪਹੁੰਚਣ ਦੇ ਸੁਪਨੇ ਦੇਖ ਰਿਹਾ ਹੈ, ਉਸੇ ਯੁੱਗ ਵਿੱਚ ਦੋ ਪਹੀਆਂ ਉੱਤੇ ਚੱਲਣ ਵਾਲੀ ਇਹ ਸਾਦੀ ਜਿਹੀ ਕਾਢ ਸਾਨੂੰ ਸਿਹਤ, ਸੁਖ ਅਤੇ ਕੁਦਰਤ ਨਾਲ ਤਾਲਮੇਲ ਦਾ ਪਾਠ ਪੜ੍ਹਾ ਰਹੀ ਹੈ। ਆਓ, ਇਸ ਵਿਸ਼ਵ ਸਾਈਕਲ ਦਿਵਸ ਮੌਕੇ ਅਸੀਂ ਸਾਰੇ ਇਹ ਸੰਕਲਪ ਕਰੀਏ ਕਿ ਸਾਈਕਲ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਵਾਂਗੇ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸਾਫ਼-ਸੁਥਰਾ, ਤੰਦਰੁਸਤ ਅਤੇ ਹਰਿਆ-ਭਰਿਆ ਸੰਸਾਰ ਛੱਡ ਕੇ ਜਾਵਾਂਗੇ।



**ਨਵਦੀਪ ਸਿੰਘ ਝੁਨੀਰ**
**ਪਿੰਡ ਝੁਨੀਰ (ਮਾਨਸਾ)**
**ਪੰਜਾਬੀ ਮਾਸਟਰ**
**ਸਰਕਾਰੀ ਸਕੰਡਰੀ ਸਕੂਲ ਝੰਡੂਕੇ (ਮਾਨਸਾ)**
nav.jhuinr@gmial.com

# ਗੁਆਚ ਗਈਆਂ ਕੋਠੇ ਦੀਆਂ ਰੌਣਕਾਂ

ਅੱਜ ਦੇ ਹਾਈ-ਟੈਕ ਯੁੱਗ ਵਿੱਚ ਜਿੱਥੇ ਇਨਸਾਨ ਕੰਕਰੀਟ ਦੇ ਆਲੀਸ਼ਾਨ ਮਕਾਨਾਂ ਅਤੇ ਏ.ਸੀ. ਦੀ ਬਣਾਉਟੀ ਹਵਾ ਵਿੱਚ ਕੈਦ ਹੋ ਕੇ ਰਹਿ ਗਿਆ ਹੈ, ਉੱਥੇ ਮਨ ਕਦੇ-ਕਦੇ ਪਿੱਛੇ ਮੁੜ ਕੇ ਦੇਖਦਾ ਹੈ ਤਾਂ ਪੁਰਾਣੇ ਪੰਜਾਬ ਦੀ ਉਹ ਸਾਦਗੀ ਯਾਦ ਆਉਂਦੀ ਹੈ, ਜਿਸ ਦਾ ਨਿੱਘ ਅੱਜ ਦੀਆਂ ਤਮਾਮ ਸਹੂਲਤਾਂ ਵਿੱਚ ਵੀ ਲੱਭਿਆਂ ਨਹੀਂ ਮਿਲਦਾ। ਉਹ ਵੀ ਇੱਕ ਦੌਰ ਸੀ ਜਦੋਂ ਗਰਮੀਆਂ ਦੀਆਂ ਰਾਤਾਂ ਵਿੱਚ ਪੂਰੇ ਪੰਜਾਬ ਦੇ ਪਿੰਡਾਂ ਵਿੱਚ ਘਰਾਂ ਦੇ ਕੋਠੇ (ਛੱਤਾਂ) ਰੌਣਕਾਂ ਦਾ ਕੇਂਦਰ ਬਣਦੇ ਸਨ। ਜਿਉਂ ਹੀ ਸੂਰਜ ਢਲਦਾ ਅਤੇ ਪਿੰਡਾਂ ਵਿੱਚ ਸ਼ਾਮ ਦੀ ਮਿੱਠੀ ਹਵਾ ਚੱਲਦੀ, ਘਰ ਦੀਆਂ ਜਨਾਨੀਆਂ ਕੋਠੇ 'ਤੇ ਜਾ ਕੇ ਛਿੜਕਾਅ ਕਰਦੀਆਂ। ਮਿੱਟੀ ਅਤੇ ਪੱਕੀਆਂ ਇੱਟਾਂ ਦੀ ਤਪਦੀ ਛੱਤ ਵਿੱਚੋਂ ਉੱਠਦੀ ਉਹ ਪਹਿਲੀ ਸੁਗੰਧ ਅੱਜ ਦੇ ਮਹਿੰਗੇ ਤੋਂ ਮਹਿੰਗੇ ਰੂਮ ਫ੍ਰੈਸ਼ਨਰ ਨੂੰ ਵੀ ਮਾਤ ਪਾਉਂਦੀ ਸੀ। ਫਿਰ ਸ਼ੁਰੂ ਹੁੰਦਾ 'ਮੰਜੇ ਡਾਹੁਣ' ਦਾ ਸਿਲਸਿਲਾ। ਇੱਕ-ਇੱਕ ਕਰਕੇ ਸਾਰਾ ਟੱਬਰ ਆਪਣੇ ਮੰਜੇ ਕੋਠੇ 'ਤੇ ਇਕੱਠੇ ਡਾਹ ਲੈਂਦਾ। ਉਹ ਦੌਰ ਪਰਿਵਾਰਕ ਸਾਂਝ ਦਾ ਸਿਖਰ ਸੀ। ਇੱਕੋ ਫਰਾਟੇ ਪੱਖੇ ਥੱਲੇ, ਯਾਰਾਂ-ਦੋਸਤਾਂ ਵਾਂਗ ਸਾਰਾ ਟੱਬਰ ਲਾਈਨ ਵਿੱਚ ਮੰਜੇ ਡਾਹ ਕੇ ਸੌਂਦਾ ਸੀ।" ਉਸ ਦੌਰ ਵਿੱਚ ਜਿਨ੍ਹਾਂ ਦੇ ਟੱਬਰ ਵੱਡੇ ਹੁੰਦੇ ਸਨ, ਖਾਸ ਕਰਕੇ ਸਾਡੀ ਗਲੀ ਵਿੱਚ ਪੀਲੂ ਸੇਠਾਂ ਦੇ ਘਰ, ਉੱਥੇ ਕੋਠੇ 'ਤੇ ਇੱਕ ਅਲੱਗ ਹੀ ਨਜ਼ਾਰਾ ਦੇਖਣ ਨੂੰ ਮਿਲਦਾ ਸੀ। ਇੱਕੋ ਫਰਾਟੇ ਪੱਖੇ ਦੀ ਹਵਾ ਲੈਣ ਲਈ ਸਾਰਾ ਟੱਬਰ ਲਾਈਨ ਵਿੱਚ ਮੰਜੇ ਡਾਹ ਕੇ ਸੌਂਦਾ ਸੀ। ਸਿਤਮ ਦੀ ਗੱਲ ਇਹ ਹੁੰਦੀ ਸੀ ਕਿ ਗਰਮੀ ਅਤੇ ਮੱਛਰਾਂ ਤੋਂ ਬਚਣ ਲਈ ਸਾਰਿਆਂ ਨੇ ਸਿਰ ਤੋਂ ਲੈ ਕੇ ਪੈਰਾਂ ਤੱਕ ਚਿੱਟੇ ਰੰਗ ਦੀ ਖੇਸ ਜਾਂ ਚਾਦਰ ਤਾਣੀ ਹੁੰਦੀ ਸੀ। ਦੂਰੋਂ ਦੇਖਣ ਵਾਲੇ ਨੂੰ ਇੰਝ ਪ੍ਰਤੀਤ ਹੁੰਦਾ ਸੀ ਜਿਵੇਂ ਹਸਪਤਾਲ ਦਾ ਕੋਈ ਵਾਰਡ ਹੋਵੇ ਜਾਂ ਕੋਈ ਫ਼ਿਲਮੀ ਭੂਤਾਂ ਦੀ ਟੋਲੀ ਲਾਈਨ ਵਿੱਚ ਸੁੱਤੀ ਪਈ ਹੋਵੇ! ਅੱਜ ਵੀ ਜਦੋਂ ਉਹ ਸੀਨ ਯਾਦ ਆਉਂਦਾ ਹੈ, ਤਾਂ ਚਿਹਰੇ 'ਤੇ ਆਪਣੇ-ਆਪ ਹਾਸਾ ਆ ਜਾਂਦਾ ਹੈ। ਉਸ ਸਮੇਂ ਕੋਈ ਮੋਬਾਈਲ ਫੋਨ ਜਾਂ ਸੋਸ਼ਲ ਮੀਡੀਆ ਨਹੀਂ ਸੀ ਹੁੰਦਾ। ਖੁੱਲ੍ਹੇ ਆਸਮਾਨ ਥੱਲੇ, ਤਾਰਿਆਂ ਦੀ ਮਿੱਠੀ-ਮਿੱਠੀ ਲੋਅ ਵਿੱਚ ਦਾਦੀ-ਦਾਦਾ ਦੀਆਂ ਬਾਤਾਂ, ਪਿੰਡ ਦੀਆਂ ਗੱਲਾਂ ਅਤੇ ਹਾਸੇ-ਮਜ਼ਾਕ ਦੇ ਦੌਰ ਚੱਲਦੇ। ਬੱਚੇ ਅਸਮਾਨ ਵੱਲ ਦੇਖ ਕੇ ਤਾਰੇ ਗਿਣਦੇ-ਗਿਣਦੇ ਅਤੇ ਟੁੱਟਦੇ ਤਾਰੇ ਨੂੰ ਦੇਖ ਕੇ ਸੁਤਰ ਹੁੰਦੇ-ਹੁੰਦੇ ਕਦੋਂ ਗੂੜ੍ਹੀ ਨੀਂਦ ਸੌਂ ਜਾਂਦੇ, ਪਤਾ ਹੀ ਨਹੀਂ ਸੀ ਲੱਗਦਾ। ਉਹ ਕੁਦਰਤ ਦੀ ਗੋਦ ਵਿੱਚ ਸੌਣ ਦਾ ਅਸਲੀ ਸੁਖ ਸੀ, ਜਿੱਥੇ ਸਵੇਰ ਦੀ ਤਰੇਲ ਚਿਹਰੇ 'ਤੇ ਅੰਮ੍ਰਿਤ ਵਾਂਗ ਚੋਂਦੀ ਸੀ।ਪਰ ਇਸ ਕੋਠੇ ਦੀ ਜ਼ਿੰਦਗੀ ਦਾ ਇੱਕ ਸਭ ਤੋਂ ਦਿਲਚਸਪ ਅਤੇ ਰੋਮਾਂਚਕ ਪਹਿਲੂ ਹੁੰਦਾ ਸੀ—"ਅਚਾਨਕ ਮੀਂਹ-ਹਨੇਰੀ ਦਾ ਆਉਣਾ।" ਅੱਧੀ ਰਾਤ ਨੂੰ ਜਦੋਂ ਕਾਲੀ ਘਟਾ ਚੜ੍ਹਦੀ ਜਾਂ ਤੇਜ਼ ਝੱਖੜ ਝੁੱਲਦਾ, ਤਾਂ ਸੁੱਤੇ ਪਏ ਪਰਿਵਾਰ ਵਿੱਚ ਇੱਕਦਮ 'ਭੂਚਾਲ' ਆ ਜਾਂਦਾ। "ਉੱਠੋ-ਉੱਠੋ, ਹਨੇਰੀ ਆ ਗਈ!" ਦੀਆਂ ਆਵਾਜ਼ਾਂ ਨਾਲ ਸਾਰੇ ਹੜਬੜਾ ਕੇ ਉੱਠਦੇ। ਫਿਰ ਜੋ ਅਫਰਾ-ਤਫਰੀ ਮੱਚਦੀ, ਉਹ ਦੇਖਣ ਵਾਲੀ ਹੁੰਦੀ ਸੀ। ਇੱਕ ਹੱਥ ਨਾਲ ਅੱਖਾਂ ਮੀਟ ਕੇ ਰੇਤ-ਮਿੱਟੀ ਤੋਂ ਬਚਣਾ ਅਤੇ ਦੂਜੇ ਹੱਥ ਨਾਲ ਆਪਣਾ ਬਿਸਤਰਾ (ਤਲਾਈ-ਸਿਰਾਣਾ) ਇਕੱਠਾ ਕਰਨਾ। ਜਵਾਨ ਗੱਭਰੂ ਦੋ-ਦੋ ਮੰਜੇ ਇਕੱਠੇ ਚੁੱਕ ਕੇ ਪੌੜੀਆਂ ਵੱਲ ਭੱਜਦੇ। ਛੋਟੇ ਬੱਚੇ ਪੱਖੇ ਦੀ ਤਾਰ ਲਪੇਟਣ ਵਿੱਚ ਮਦਦ ਕਰਦੇ। ਕੋਠੇ ਦੀਆਂ ਪੌੜੀਆਂ ਉੱਤਰਦਿਆਂ ਕਈ ਵਾਰ ਬਿਸਤਰੇ ਹੱਥੋਂ ਛੁੱਟ ਜਾਂਦੇ, ਪਰ ਉਸ ਭੱਜ-ਦੌੜ ਵਿੱਚ ਵੀ ਇੱਕ ਅਜੀਬ ਜਿਹਾ ਚਾਅ ਅਤੇ ਅਪਣੱਤ ਹੁੰਦੀ ਸੀ। ਥੱਲੇ ਕਮਰੇ ਜਾਂ ਦਲਾਨ ਵਿੱਚ ਪਹੁੰਚ ਕੇ, ਮੀਂਹ ਦੀਆਂ ਕਾਣੀਆਂ ਕਣੀਆਂ ਨਾਲ ਭਿੱਜੇ ਹੋਏ ਸਾਰੇ ਜਣੇ ਇੱਕ ਦੂਜੇ ਦੇ ਮਿੱਟੀ ਨਾਲ ਲਿਬੜੇ ਚਿਹਰੇ ਦੇਖ ਕੇ ਉੱਚੀ-ਉੱਚੀ ਹੱਸਦੇ। ਅੱਜ ਪੰਜਾਬ ਦੇ ਪਿੰਡਾਂ ਵਿੱਚ ਕੋਠੇ ਤਾਂ ਹੈਗੇ ਨੇ, ਪਰ ਉਹ ਰੌਣਕਾਂ ਗਾਇਬ ਹਨ। ਉੱਚੀਆਂ-ਉੱਚੀਆਂ ਕੰਧਾਂ ਨੇ ਗੁਆਂਢੀਆਂ ਦੀ ਸਾਂਝ ਮੁਕਾ ਦਿੱਤੀ ਅਤੇ ਘਰ ਦੇ ਅੰਦਰ ਚੱਲਦੇ ਏ.ਸੀ. ਨੇ ਪਰਿਵਾਰਾਂ ਨੂੰ ਵੱਖੋ-ਵੱਖਰੇ ਕਮਰਿਆਂ ਵਿੱਚ ਵੰਡ ਦਿੱਤਾ। ਅੱਜ ਦੀ ਪੀੜ੍ਹੀ ਤਾਰਿਆਂ ਦੀ ਲੋਅ, ਕੁਦਰਤੀ ਹਵਾ ਅਤੇ ਮੀਂਹ-ਹਨੇਰੀ ਦੇ ਉਸ ਸਾਂਝੇ ਸਾਹਸ (ਅਦਵਣਟੁਰੲ) ਤੋਂ ਬਿਲਕੁਲ ਸਾਂਝੀ ਵਿਹੂਣੀ ਹੋ ਗਈ ਹੈ। ਸਮਾਂ ਬਦਲਣਾ ਲਾਜ਼ਮੀ ਹੈ, ਪ੍ਰਗਤੀ ਵੀ ਜ਼ਰੂਰੀ ਹੈ, ਪਰ ਕੋਠੇ 'ਤੇ ਬਿਤਾਏ ਉਹ ਪਲ ਸਿਰਫ਼ ਯਾਦਾਂ ਨਹੀਂ, ਬਲਕਿ ਸਾਡੇ ਪੰਜਾਬੀ ਸੱਭਿਆਚਾਰ ਦੀ ਰੂਹ ਸਨ। ਅੱਜ ਵੀ ਜਦੋਂ ਕਦੇ ਪੁਰਾਣੇ ਵੇਲਿਆਂ ਦੀ ਯਾਦ ਆਉਂਦੀ ਹੈ, ਤਾਂ ਦਿਲ ਇਹੀ ਕਹਿੰਦਾ ਹੈ—ਕਾਸ਼! ਉਹ ਤਾਰਿਆਂ ਵਾਲੀ ਰਾਤ ਅਤੇ ਮੀਂਹ ਆਉਣ 'ਤੇ ਮੰਜੇ ਚੁੱਕ ਕੇ ਭੱਜਣ ਵਾਲਾ ਉਹ ਸੁਖਦ ਦੌਰ ਇੱਕ ਵਾਰ ਫਿਰ ਮੁੜ ਆਵੇ।



**ਲੇਖਕ: ਗੁਰਸੇਵਕ ਸਿੰਘ ਝੁਨੀਰ**
**ਪੰਜਾਬੀ ਮਾਸਟਰ ਸ ਸ ਸ ਸ ਫੱਤਾ ਮਾਲੋਕਾ (ਮਾਨਸਾ )**
**– ਸੰਪਰਕ/ 9815046042**

# ਗਰਮੀਆਂ ਦੀਆਂ ਛੁੱਟੀਆਂ – ਬੱਚਿਆਂ ਲਈ ਮੌਜਾਂ, ਮਹਿਲਾਵਾਂ ਲਈ ਵਧੀਆਂ ਜ਼ਿੰਮੇਵਾਰੀਆਂ



ਪੰਜਾਬ ਦੇ ਸਕੂਲਾਂ ਵਿੱਚ ਗਰਮੀਆਂ ਦੀਆਂ ਛੁੱਟੀਆਂ ਸ਼ੁਰੂ ਹੋ ਚੁੱਕੀਆਂ ਹਨ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵਿਦਿਆਰਥੀਆਂ ਵਿੱਚ ਛੁੱਟੀਆਂ ਨੂੰ ਲੈ ਕੇ ਖਾਸ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਬੱਚਿਆਂ ਲਈ ਇਹ ਦਿਨ ਮੌਜ-ਮਸਤੀ, ਆਰਾਮ ਅਤੇ ਆਪਣੇ ਮਨਪਸੰਦ ਕੰਮ ਕਰਨ ਦਾ ਸੋਹਣਾ ਸਮਾਂ ਹੁੰਦੇ ਹਨ। ਖ਼ਾਸ ਕਰਕੇ ਪਿੰਡਾਂ ਦੇ ਬੱਚਿਆਂ ਲਈ ਗਰਮੀਆਂ ਦੀਆਂ ਛੁੱਟੀਆਂ ਕਿਸੇ ਤਿਉਹਾਰ ਤੋਂ ਘੱਟ ਨਹੀਂ ਲੱਗਦੀਆਂ।

ਪਿੰਡਾਂ ਵਿੱਚ ਸਵੇਰ ਹੋਣ ਨਾਲ ਹੀ ਬੱਚਿਆਂ ਦੀਆਂ ਟੋਲੀਆਂ ਖੇਡਣ, ਮੋਟਰਾਂ ਤੇ ਨਹਾਉਣ, ਕਈ ਜਗ੍ਹਾ ਟੋਬਿਆਂ ਵਿੱਚ ਤੈਰਨ ਆਦਿ ਲਈ ਨਿਕਲ ਪੈਂਦੀਆਂ ਹਨ। ਕਈ ਬੱਚੇ ਆਪਣੇ ਨਾਨਕੇ ਜਾਂ ਹੋਰ ਰਿਸ਼ਤੇਦਾਰਾਂ ਕੋਲ ਜਾ ਕੇ ਵੀ ਛੁੱਟੀਆਂ ਦਾ ਪੂਰਾ ਆਨੰਦ ਮਾਣਦੇ ਹਨ। ਨਾਨਾ-ਨਾਨੀ ਅਤੇ ਦਾਦਾ-ਦਾਦੀ ਨਾਲ ਬਿਤਾਇਆ ਸਮਾਂ ਬੱਚਿਆਂ ਦੀਆਂ ਯਾਦਾਂ ਦਾ ਅਨਮੋਲ ਹਿੱਸਾ ਬਣ ਜਾਂਦਾ ਹੈ। ਮੋਬਾਈਲ ਅਤੇ ਟੀਵੀ ਤੋਂ ਦੂਰ ਪਰਿਵਾਰ ਨਾਲ ਬਿਤਾਏ ਇਹ ਪਲ ਬੱਚਿਆਂ ਦੇ ਮਨ ਨੂੰ ਖੁਸ਼ੀ ਨਾਲ ਭਰ ਦਿੰਦੇ ਹਨ।

ਕਈ ਵਿਦਿਆਰਥੀ ਸਕੂਲ ਵੱਲੋਂ ਦਿੱਤੇ ਗਏ ਛੁੱਟੀਆਂ ਦੇ ਕੰਮ ਨੂੰ ਸ਼ੁਰੂ ਵਿੱਚ ਨਜ਼ਰਅੰਦਾਜ਼ ਕਰ ਦਿੰਦੇ ਹਨ ਅਤੇ ਅਖੀਰਲੇ ਦਿਨਾਂ ਵਿੱਚ ਘਬਰਾਹਟ ਵਿੱਚ ਉਹ ਕੰਮ ਪੂਰਾ ਕਰਨ ਦੀ ਕੋਸ਼ਿਸ਼ ਕਰਦੇ ਹਨ। ਦਰਅਸਲ, ਛੁੱਟੀਆਂ ਸਿਰਫ਼ ਮਨੋਰੰਜਨ ਲਈ ਹੀ ਨਹੀਂ ਹੁੰਦੀਆਂ, ਸਗੋਂ ਇਹ ਨਵੀਆਂ ਗੱਲਾਂ ਸਿੱਖਣ, ਆਪਣੀਆਂ ਰੁਚੀਆਂ ਨੂੰ ਨਿਖਾਰਣ ਅਤੇ ਵਿਅਕਤੀਗਤ ਵਿਕਾਸ ਦਾ ਵੀ ਵਧੀਆ ਮੌਕਾ ਹੁੰਦੀਆਂ ਹਨ। ਬੱਚਿਆਂ ਨੂੰ ਚਾਹੀਦਾ ਹੈ ਕਿ ਉਹ ਖੇਡਾਂ ਦੇ ਨਾਲ-ਨਾਲ ਕਿਤਾਬਾਂ ਪੜ੍ਹਨ, ਸਵੇਰੇ ਦੀ ਸੈਰ ਜਾਂ ਕਸਰਤ ਕਰਨ, ਮਾਪਿਆਂ ਦੀ ਮਦਦ ਕਰਨ ਅਤੇ ਆਪਣੀ ਸਿਹਤ ਦਾ ਵੀ ਪੂਰਾ ਧਿਆਨ ਰੱਖਣ। ਪਰ ਜਿੱਥੇ ਬੱਚਿਆਂ ਲਈ ਛੁੱਟੀਆਂ ਖੁਸ਼ੀਆਂ ਅਤੇ ਆਜ਼ਾਦੀ ਦਾ ਸਮਾਂ ਲਿਆਉਂਦੀਆਂ ਹਨ, ਉੱਥੇ ਘਰ ਦੀਆਂ ਮਹਿਲਾਵਾਂ ਲਈ ਇਹ ਦਿਨ ਹੋਰ ਵੱਧ ਜ਼ਿੰਮੇਵਾਰੀਆਂ ਨਾਲ ਭਰੇ ਹੁੰਦੇ ਹਨ। ਬੱਚਿਆਂ ਦੇ ਸਾਰਾ ਦਿਨ ਘਰ ਰਹਿਣ ਨਾਲ ਰਸੋਈ ਦੇ ਕੰਮ, ਸਫ਼ਾਈ ਅਤੇ ਹੋਰ ਘਰੇਲੂ ਜ਼ਿੰਮੇਵਾਰੀਆਂ ਵਿੱਚ ਵਾਧਾ ਹੋ ਜਾਂਦਾ ਹੈ। ਮਾਵਾਂ ਅਤੇ ਘਰ ਦੇ ਕੁੱਝ ਹੋਰ ਮੈਂਬਰਾਂ ਨੂੰ ਸਵੇਰੇ ਤੋਂ ਰਾਤ ਤੱਕ ਪਰਿਵਾਰ ਦੀਆਂ ਲੋੜਾਂ ਦਾ ਧਿਆਨ ਰੱਖਣਾ ਪੈਂਦਾ ਹੈ। ਅਸਲ ਵਿੱਚ ਦੇਖਿਆ ਜਾਵੇ ਤਾਂ ਘਰੇਲੂ ਮਹਿਲਾਵਾਂ ਲਈ "ਛੁੱਟੀਆਂ" ਸ਼ਬਦ ਦਾ ਅਰਥ ਕਦੇ ਵੀ ਪੂਰੀ ਤਰ੍ਹਾਂ ਸੱਚ ਨਹੀਂ ਬਣਦਾ।

ਇਸ ਲਈ ਲੋੜ ਹੈ ਕਿ ਪਰਿਵਾਰ ਦੇ ਹੋਰ ਮੈਂਬਰ ਵੀ ਘਰੇਲੂ ਕੰਮਾਂ ਵਿੱਚ ਮਹਿਲਾਵਾਂ ਦਾ ਸਾਥ ਦੇਣ। ਬੱਚਿਆਂ ਨੂੰ ਛੋਟੇ-ਛੋਟੇ ਕੰਮਾਂ ਵਿੱਚ ਹੱਥ ਵਟਾਉਣ ਦੀ ਆਦਤ ਪਾਉਣੀ ਚਾਹੀਦੀ ਹੈ। ਇਸ ਨਾਲ ਨਾ ਸਿਰਫ਼ ਮਹਿਲਾਵਾਂ ਦਾ ਬੋਝ ਘਟੇਗਾ, ਸਗੋਂ ਬੱਚਿਆਂ ਵਿੱਚ ਜ਼ਿੰਮੇਵਾਰੀ ਅਤੇ ਸਹਿਯੋਗ ਦੀ ਭਾਵਨਾ ਵੀ ਵਿਕਸਿਤ ਹੋਵੇਗੀ। ਜੇ ਘਰ ਦਾ ਹਰ ਮੈਂਬਰ ਆਪਣਾ ਫ਼ਰਜ਼ ਸਮਝੇ, ਤਾਂ ਗਰਮੀਆਂ ਦੀਆਂ ਛੁੱਟੀਆਂ ਸੱਚਮੁੱਚ ਸਭ ਲਈ ਖੁਸ਼ੀਆਂ ਭਰੀਆਂ ਬਣ ਸਕਦੀਆਂ ਹਨ।

ਗਰਮੀਆਂ ਦੀਆਂ ਛੁੱਟੀਆਂ ਜੀਵਨ ਦਾ ਇੱਕ ਸੁੰਦਰ ਅਤੇ ਯਾਦਗਾਰ ਹਿੱਸਾ ਹੁੰਦੀਆਂ ਹਨ। ਇਹ ਸਿਰਫ਼ ਮਨੋਰੰਜਨ ਦਾ ਹੀ ਨਹੀਂ, ਸਗੋਂ ਪਰਿਵਾਰਕ ਰਿਸ਼ਤਿਆਂ ਨੂੰ ਮਜ਼ਬੂਤ ਕਰਨ, ਆਪਸੀ ਪਿਆਰ ਵਧਾਉਣ ਅਤੇ ਜੀਵਨ ਦੇ ਨਵੇਂ ਤਜ਼ਰਬੇ ਹਾਸਲ ਕਰਨ ਦਾ ਵੀ ਸੁਨਹਿਰੀ ਮੌਕਾ ਹੁੰਦੀਆਂ ਹਨ।

ਬੱਚਿਆਂ ਲਈ ਕੁਝ ਲਾਭਦਾਇਕ ਸੁਝਾਅ :

– ਹਰ ਰੋਜ਼ ਘੱਟੋ-ਘੱਟ ਇੱਕ ਘੰਟਾ ਬਾਹਰ ਖੇਡੋ ਤਾਂ ਜੋ ਸਰੀਰ ਤੰਦਰੁਸਤ ਰਹੇ।
– ਦੁਪਹਿਰ ਦੀ ਤਿੱਖੀ ਧੁੱਪ ਵਿੱਚ ਬਾਹਰ ਜਾਣ ਤੋਂ ਬਚੋ ਅਤੇ ਵੱਧ ਪਾਣੀ ਪੀਓ।
– ਮੋਬਾਈਲ ਜਾਂ ਵੀਡੀਓ ਗੇਮਾਂ ਲਈ ਇੱਕ ਨਿਸ਼ਚਿਤ ਸਮਾਂ ਰੱਖੋ, ਸਾਰਾ ਦਿਨ ਫੋਨ ਨਾ ਵਰਤੋ।
– ਸਕੂਲ ਦਾ ਛੁੱਟੀਆਂ ਵਾਲਾ ਕੰਮ ਹਰ ਰੋਜ਼ ਥੋੜ੍ਹਾ-ਥੋੜ੍ਹਾ ਕਰਦੇ ਰਹੋ।
– ਮਾਂ ਦੀ ਮਦਦ ਲਈ ਆਪਣਾ ਬਿਸਤਰ, ਕੱਪੜੇ ਅਤੇ ਕਿਤਾਬਾਂ ਆਪ ਸੰਭਾਲੋ।
– ਹਰ ਰੋਜ਼ 15–20 ਮਿੰਟ ਕੋਈ ਕਹਾਣੀ ਜਾਂ ਗਿਆਨਵਰਧਕ ਕਿਤਾਬ ਪੜ੍ਹੋ।
– ਦਾਦਾ-ਦਾਦੀ ਅਤੇ ਘਰ ਦੇ ਵੱਡਿਆਂ ਨਾਲ ਸਮਾਂ ਬਿਤਾਓ ਅਤੇ ਉਨ੍ਹਾਂ ਤੋਂ ਨਵੀਆਂ ਗੱਲਾਂ ਸਿੱਖੋ।
– ਜੰਕ ਫੂਡ ਘੱਟ ਖਾਓ ਅਤੇ ਫਲ, ਲੱਸੀ ਜਾਂ ਘਰੇਲੂ ਖਾਣੇ ਨੂੰ ਵੱਧ ਤਰਜੀਹ ਦਿਓ।
– ਰਾਤ ਨੂੰ ਸਮੇਂ ਨਾਲ ਸੌਣ ਅਤੇ ਸਵੇਰੇ ਜਲਦੀ ਉੱਠਣ ਦੀ ਆਦਤ ਬਣਾਓ।



**ਪਵਨ ਕੁਮਾਰ ਅੱਤਰੀ**
**(ਕਪੂਰਥਲਾ)**
**ਮੋਬਾ 8427791277**

Samaj Weekly
ਸਮਾਜ ਵੀਕਲੀ
Punjabi, Hindi & English Newspaper - UK & EU Edition

# ਸਾਡੇ DIGITAL MEDIA ਨਾਲ ਜੁੜੋ

ਸਾਨੂੰ ਫੇਸਬੁੱਕ ਤੇ ਲਾਇਕ ਕਰੋ

facebook
samajweekly

ਸਾਨੂੰ ਐਕਸ ਤੇ ਫੌਲੋ ਕਰੋ

@samajweekly

## ਸਾਡੇ ਵਟਸਐੱਪ ਨਾਲ ਜੁੜੋ ਅਤੇ ਪਾਓ ਸਾਹਿਤ ਜਗਤ ਅਤੇ ਦੇਸ਼ ਦੁਨੀਆ ਨਾਲ ਜੁੜੀਆਂ ਬੇਹਤਰੀਨ ਖਬਰਾਂ




ਨਾਲ ਹੀ ਪਾਓ ਸਮਾਜ ਵੀਕਲੀ ਅਖਬਾਰ ਦਾ ਰੋਜਾਨਾ PDF ਉਹ ਵੀ ਬਿਲਕੁਲ ਮੁੱਫਤ

ਅਖਬਾਰ ਵਿੱਚ ਇਸ਼ਤਿਹਾਰ ਦੇਣ ਲਈ ਅਤੇ ਵੈਬਸਾਈਟ ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ।

**+44 7878 456484**

**email:-Samajweekly@gmail.com**